ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

**Awaze Qaum**

(ਯੂ. ਕੇ. ਤੋਂ ਪ੍ਰਕਾਸ਼ਿਤ)

**International Daily Newspaper & WEB TV**

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਮੰਗਲਵਾਰ, 13 ਅਕਤੂਬਰ 2026 (ਨਾਨਕਸ਼ਾਹੀ ਸੰਮਤ : ੫੫੮, ੨੭ ਅੱਸੂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111, +447976210161, +919729091243




## ਏ.ਐਸ.ਆਈ. 'ਤੇ ਫਾਇਰਿੰਗ ਕਰਨ ਵਾਲੇ ਦਾ ਐਨਕਾਊਂਟਰ

**ਅੰਮ੍ਰਿਤਸਰ, 12 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਅੰਮ੍ਰਿਤਸਰ ਦੇ ਅਜਨਾਲਾ ਵਿਚ GRP ਦੇ ASI ਨੂੰ ਗੋਲੀ ਮਾਰਨ ਵਾਲੇ ਦਾ ਸੋਮਵਾਰ ਨੂੰ ਪੁਲਿਸ ਨੇ ਐਨਕਾਊਂਟਰ ਕਰ ਦਿੱਤਾ। ਪੁਲਿਸ ਮੁਤਾਬਕ ਜਦੋਂ ਦੋਸ਼ੀ ਨੂੰ ਘਟਨਾ ਵਾਲੀ ਥਾਂ 'ਤੇ ਲਿਜਾਇਆ ਜਾ ਰਿਹਾ ਸੀ, ਤਾਂ ਉਸ ਨੇ ਪੁਲਿਸ ਦੀ ਰਾਈਫਲ ਖੋਹ ਲਈ ਅਤੇ ਗੋਲੀ ਚਲਾਉਣ ਦੀ ਕੋਸ਼ਿਸ਼ ਕੀਤੀ। ਝੜਪ ਦੌਰਾਨ ਦੋਸ਼ੀ ਨੂੰ ਗੋਲੀ ਲਗ ਗਈ ਅਤੇ ਉਹ ਜ਼ਖਮੀ ਹੋ ਗਿਆ। ਉਸ ਨੂੰ ਅਜਨਾਲਾ ਦੇ ਸਿਵਲ ਹਸਪਤਾਲ ਲਿਜਾਇਆ ਗਿਆ, ਜਿੱਥੇ ਉਸ ਦਾ ਇਲਾਜ ਚੱਲ ਰਿਹਾ ਹੈ। ਮੁਠਭੇੜ ਮਗਰੋਂ ਪੂਰਾ ਇਲਾਕਾ ਪੁਲਿਸ ਵੱਲੋਂ ਸੀਲ ਕਰ ਦਿੱਤਾ ਗਿਆ। ਹੁਣ ਤੱਕ ਪੁਲਿਸ ਨੇ ਇਸ ਮਾਮਲੇ ਵਿੱਚ ਤਿੰਨ ਦੋਸ਼ੀਆਂ ਨੂੰ ਗ੍ਰਿਫਤਾਰ ਕੀਤਾ ਹੈ। ਦੱਸ ਦੇਈਏ ਕਿ ਏਐਸਆਈ ਸੁਖਚੈਨ ਸਿੰਘ ਨੂੰ ਤਿੰਨ ਨੌਜਵਾਨਾਂ ਨੇ ਉਸ ਸਮੇਂ ਗੋਲੀ ਮਾਰ ਦਿੱਤੀ ਸੀ ਜਦੋਂ ਉਹ ਡਿਊਟੀ ਤੋਂ ਘਰ ਵਾਪਸ ਆ ਰਹੇ ਸੀ। ਗੋਲੀ ਉਸ ਦੀ ਬਾਂਹ ਨੂੰ ਚੀਰਦੀ ਆਰ-ਪਾਰ ਹੋ ਗਈ, ਉਹ ਕਿਸੇ ਤਰ੍ਹਾਂ ਜਾਨ ਬਚਾ ਕੇ ਭੱਜ ਨਿਕਲੇ ਤੇ ਘਰ ਪਹੁੰਚ ਗਏ। ਪੁਲਿਸ ਇਸੇ ਮਾਮਲੇ ਦੀ ਜਾਂਚ ਕਰ ਰਹੀ ਹੈ। ਪੁਲਿਸ ਮੁਤਾਬਕ ਅਜਨਾਲਾ ਵਿੱਚ ਜੀਆਰਪੀ ਵਿੱਚ ਤਾਇਨਾਤ ਏਐਸਆਈ ਸੁਖਚੈਨ ਸਿੰਘ ਨੂੰ ਗੋਲੀ ਮਾਰਨ ਦੇ ਦੋਸ਼ ਵਿੱਚ ਤਿੰਨ ਦੋਸ਼ੀਆਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ। ਇਨ੍ਹਾਂ ਵਿੱਚੋਂ ਸਿਮਰਨਜੀਤ ਸਿੰਘ ਉਰਫ਼ ਸਿਮਰ ਵਾਸੀ ਗੁਲਗੜ੍ਹ ਭਿੰਡੀਸੈਦਾਂ ਹੈ, ਜੋ ਘਟਨਾ ਵਾਲੇ ਦਿਨ ਬਾਈਕ ਚਲਾ ਰਿਹਾ ਸੀ। ਚੱਕ ਡੋਗਰਾ ਪਿੰਡ ਦਾ ਰਹਿਣ ਵਾਲਾ ਬਲਜੀਤ ਸਿੰਘ ਵਿਚਕਾਰ ਬੈਠਾ ਸੀ ਅਤੇ ਸਾਹਿਬ ਸਿੰਘ ਉਰਫ਼ ਗੁਰੀ ਵਾਸੀ ਚੱਕ ਆਲ ਨੇ ਗੋਲੀਆਂ ਚਲਾਈਆਂ।

## ਅੰਮ੍ਰਿਤਸਰ ਪੁਲਿਸ ਕਮਿਸ਼ਨਰ ਦਫ਼ਤਰ ਨੂੰ ਮਿਲੀ ਈ-ਮੇਲ

# ਬੰਬ ਨਾਲ ਉਡਾਉਣ ਦੀ ਧਮਕੀ



**ਅੰਮ੍ਰਿਤਸਰ, 12 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਅੰਮ੍ਰਿਤਸਰ ਦੇ ਪੁਲਿਸ ਕਮਿਸ਼ਨਰ ਦਫ਼ਤਰ ਨੂੰ ਬੰਬ ਨਾਲ ਉਡਾਉਣ ਦੀ ਧਮਕੀ ਮਿਲਣ ਦੀ ਸੂਚਨਾ ਸਾਹਮਣੇ ਆਈ ਹੈ। ਧਮਕੀ ਦੀ ਸੂਚਨਾ ਮਿਲਣ ਨਾਲ ਪੁਲਿਸ ਪ੍ਰਸ਼ਾਸਨ ਨੂੰ ਭਾਜੜਾਂ ਪੈ ਗਈਆਂ। ਇਹ ਧਮਕੀ ਈ-ਮੇਲ ਦੇ ਜ਼ਰੀਏ ਭੇਜੀ ਗਈ ਹੈ। ਸੂਚਨਾ ਮਿਲਦੇ ਹੀ ਸੀਨੀਅਰ ਪੁਲਿਸ ਅਧਿਕਾਰੀ ਚੌਕਸ ਹੋ ਗਏ ਅਤੇ ਪੂਰੇ ਦਫ਼ਤਰ ਦੀ ਜਾਂਚ ਕੀਤੀ ਗਈ। ਮੁੱਢਲੀ ਜਾਣਕਾਰੀ ਅਨੁਸਾਰ ਈ-ਮੇਲ ਵਿੱਚ ਪੁਲਿਸ ਕਮਿਸ਼ਨਰ ਦੇ ਦਫ਼ਤਰ ਨੂੰ ਬੰਬ ਨਾਲ ਉਡਾਉਣ ਦੀ ਧਮਕੀ ਦਿੱਤੀ ਗਈ ਸੀ। ਇਸ ਤੋਂ ਬਾਅਦ ਪੁਲਿਸ ਅਧਿਕਾਰੀਆਂ ਨੇ ਸੁਰੱਖਿਆ ਪ੍ਰਬੰਧਾਂ ਦਾ ਜਾਇਜ਼ਾ ਲਿਆ ਅਤੇ ਦਫ਼ਤਰ ਦੇ ਨਾਲ-ਨਾਲ ਆਲੇ ਦੁਆਲੇ ਦੀ ਚੈਕਿੰਗ ਕੀਤੀ। ਧਮਕੀ ਨੂੰ ਗੰਭੀਰਤਾ ਨਾਲ ਲੈਂਦਿਆਂ ਸਬੰਧਤ ਅਧਿਕਾਰੀਆਂ ਵੱਲੋਂ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ। ਇਹ ਵੀ ਪੜ੍ਹੋ : 41 ਮਾਮਲੇ 'ਚ ਹਾਈਕੋਰਟ ਵੱਲੋਂ ਪੰਜਾਬ ਸਰਕਾਰ ਨੂੰ ਹਲਫ਼ਨਾਮਾ ਦਾਖਲ ਕਰਨ ਦੇ ਹੁਕਮ, 30 ਅਕਤੂਬਰ ਨੂੰ ਹੋਵੇਗੀ ਅਗਲੀ ਸੁਣਵਾਈ ਪੁਲਿਸ ਨੇ ਇਸ ਸਬੰਧੀ ਮਾਮਲਾ ਦਰਜ ਕਰ ਲਿਆ ਹੈ। ਹੁਣ ਇਹ ਧਮਕੀ ਭਰੀ ਈਮੇਲ ਭੇਜਣ ਵਾਲੇ ਦੀ ਪਛਾਣ ਕਰਨ ਦੀਆਂ ਕੋਸ਼ਿਸ਼ਾਂ ਜਾਰੀ ਹਨ। ਈਮੇਲ ਦੇ ਤਕਨੀਕੀ ਪਹਿਲੂਆਂ ਦੀ ਵੀ ਜਾਂਚ ਕੀਤੀ ਜਾ ਸਕਦੀ ਹੈ। ਫਿਲਹਾਲ, ਪੁਲਿਸ ਧਮਕੀ ਦੀ ਪ੍ਰਮਾਣਿਕਤਾ ਅਤੇ ਇਸਦੇ ਪਿੱਛੇ ਦੇ ਉਦੇਸ਼ ਦਾ ਪਤਾ ਲਗਾਉਣ ਲਈ ਜਾਂਚ ਕਰ ਰਹੀ ਹੈ।

## ਰਾਜਬੀਰ ਘੁੰਮਣ ਮਾਮਲਾ : ਸੁਪਰੀਮ ਕੋਰਟ ਵੱਲੋਂ ਪੰਜਾਬ ਸਰਕਾਰ ਤੇ ਸੀਬੀਆਈ ਨੂੰ ਨੋਟਿਸ ਜਾਰੀ, ਸਖ਼ਤ ਕਾਰਵਾਈ ਨਾ ਕਰਨ ਦੇ ਆਦੇਸ਼



**ਨਵੀਂ ਦਿੱਲੀ, 12 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੇ ਓਐਸਡੀ ਨਾਲ ਸਬੰਧਤ ਕਥਿਤ ਭ੍ਰਿਸ਼ਟਾਚਾਰ ਮਾਮਲੇ ਵਿੱਚ ਅੱਜ ਸੁਪਰੀਮ ਕੋਰਟ ਵਿੱਚ ਸੁਣਵਾਈ ਹੋਈ। ਸੁਪਰੀਮ ਕੋਰਟ ਨੇ ਸੀਬੀਆਈ ਵੱਲੋਂ ਦਰਜ ਐਫਆਈਆਰ 'ਤੇ ਰੋਕ ਲਗਾਉਣ ਤੋਂ ਇਨਕਾਰ ਕਰ ਦਿੱਤਾ। ਹਾਲਾਂਕਿ, ਅਦਾਲਤ ਨੇ ਸੀਬੀਆਈ ਨੂੰ ਸਖ਼ਤ ਕਾਰਵਾਈ ਨਾ ਕਰਨ ਦੇ ਵੀ ਆਦੇਸ਼ ਦਿੱਤੇ ਹਨ। ਸੁਪਰੀਮ ਕੋਰਟ ਨੇ ਕਿਹਾ ਕਿ ਇਸ ਮਾਮਲੇ ਵਿੱਚ ਕੋਈ ਗ੍ਰਿਫ਼ਤਾਰੀ ਨਹੀਂ ਕੀਤੀ ਜਾਵੇਗੀ ਅਤੇ ਜਾਂਚ ਜਾਰੀ ਰਹੇਗੀ। ਸੁਪਰੀਮ ਕੋਰਟ ਨੇ ਮਾਮਲੇ ਦੀ ਸੁਣਵਾਈ ਦੌਰਾਨ ਪੰਜਾਬ ਸਰਕਾਰ ਅਤੇ ਸੀਬੀਆਈ ਨੂੰ ਨੋਟਿਸ ਜਾਰੀ ਕੀਤਾ ਹੈ। ਇਹ ਮਾਮਲਾ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਦੋਸ਼ਾਂ ਦੀ ਜਾਂਚ ਸੀਬੀਆਈ ਨੂੰ ਸੌਂਪਣ ਦੇ ਹੁਕਮ ਨਾਲ ਸਬੰਧਤ ਹੈ। ਓਐਸਡੀ ਰਾਜਬੀਰ ਸਿੰਘ ਘੁੰਮਣ 'ਤੇ ਕਥਿਤ ਭ੍ਰਿਸ਼ਟਾਚਾਰ ਦਾ ਦੋਸ਼ ਹੈ। ਸੀਬੀਆਈ ਨੇ ਇਸ ਮਾਮਲੇ ਵਿੱਚ ਘੁੰਮਣ ਅਤੇ ਹੋਰਾਂ ਵਿਰੁੱਧ ਐਫਆਈਆਰ ਦਰਜ ਕੀਤੀ ਅਤੇ ਚੰਡੀਗੜ੍ਹ ਵਿੱਚ ਮੁੱਖ ਮੰਤਰੀ ਦੇ ਕੈਂਪ ਦਫ਼ਤਰ ਸਮੇਤ ਕਈ ਥਾਵਾਂ 'ਤੇ ਤਲਾਸ਼ੀ ਲਈ ਸੀ। ਹਾਈ ਕੋਰਟ ਨੇ ਏਜੰਸੀ ਨੂੰ ਦੋ ਮਹੀਨਿਆਂ ਦੇ ਅੰਦਰ ਜਾਂਚ 'ਤੇ ਸਟੇਟਸ ਰਿਪੋਰਟ ਦਾਇਰ ਕਰਨ ਦੇ ਵੀ ਨਿਰਦੇਸ਼ ਦਿੱਤੇ ਸੀ, ਜਿਸ ਤੋਂ ਬਾਅਦ ਪੰਜਾਬ ਸਰਕਾਰ ਨੇ ਇਸ ਹੁਕਮ ਨੂੰ ਸੁਪਰੀਮ ਕੋਰਟ ਵਿੱਚ ਚੁਣੌਤੀ ਦਿੱਤੀ।

## ਦਿੱਲੀ ਪੁਲਿਸ ਨੇ ਜੰਤਰ-ਮੰਤਰ ਨੂੰ ਪ੍ਰਦਰਸ਼ਨਾਂ ਵਾਲੀਆਂ ਥਾਂਵਾਂ ਦੀ ਸੂਚੀ ਵਿਚੋਂ ਹਟਾਇਆ, ਕੇਂਦਰ ਸਰਕਾਰ ਦੀਆਂ ਸਿਫ਼ਾਰਸ਼ਾਂ 'ਤੇ ਫ਼ੈਸਲਾ




**ਨਵੀਂ ਦਿੱਲੀ, 12 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਦਿੱਲੀ ਪੁਲਿਸ ਨੇ ਜੰਤਰ-ਮੰਤਰ ਸੰਬੰਧੀ ਇੱਕ ਮਹੱਤਵਪੂਰਨ ਫੈਸਲਾ ਲਿਆ ਹੈ। ਜੰਤਰ-ਮੰਤਰ 'ਤੇ ਹੁਣ ਵਿਰੋਧ ਪ੍ਰਦਰਸ਼ਨ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ। ਇਹ ਫੈਸਲਾ ਗ੍ਰਹਿ ਮੰਤਰਾਲੇ ਨੇ ਲਿਆ ਹੈ। ਦਿੱਲੀ ਪੁਲਿਸ ਨੇ ਸੁਰੱਖਿਆ ਚਿੰਤਾਵਾਂ ਦੇ ਕਾਰਨ ਇਹ ਫੈਸਲਾ ਲਿਆ ਹੈ। ਦਿੱਲੀ ਪੁਲਿਸ ਨੇ ਹੁਣ ਵਿਰੋਧ ਪ੍ਰਦਰਸ਼ਨਾਂ ਲਈ ਤਿੰਨ ਨਵੇਂ ਸਥਾਨ ਰਾਮਲੀਲਾ ਮੈਦਾਨ, ਬੁਰਾੜੀ ਮੈਦਾਨ ਅਤੇ ਸੀਬੀਡੀ ਮੈਦਾਨ ਚੁਣੇ ਹਨ। ਗ੍ਰਹਿ ਮੰਤਰਾਲੇ ਨੇ ਸੀਜੇਪੀ ਅਤੇ ਕਾਂਗਰਸ ਗਠਜੋੜ ਦੇ ਦਿੱਲੀ 'ਚ ਤਿੱਖੇ ਪ੍ਰਦਰਸ਼ਨਾਂ ਤੋਂ ਬਾਅਦ ਇੱਕ ਕਮੇਟੀ ਬਣਾਈ ਸੀ, ਜਿਸ ਦੀ ਸਿਫਾਰਸ਼ ਤੋਂ ਬਾਅਦ ਹੁਣ ਦਿੱਲੀ ਪੁਲਿਸ ਨੇ ਜੰਤਰ-ਮੰਤਰ ਨੂੰ ਵਿਰੋਧ ਸਥਾਨ ਵਜੋਂ ਡੀਨੋਟੀਫਾਈ ਕਰ ਦਿੱਤਾ ਗਿਆ ਹੈ। ਇਸਦਾ ਮਤਲਬ ਹੈ ਕਿ ਹੁਣ ਜੰਤਰ-ਮੰਤਰ 'ਤੇ ਵਿਰੋਧ ਪ੍ਰਦਰਸ਼ਨ ਦੀ ਇਜਾਜ਼ਤ ਨਹੀਂ ਹੋਵੇਗੀ। ਪੁਲਿਸ ਨੇ ਜੰਤਰ ਮੰਤਰ ਦੀ ਥਾਂ ਹੁਣ ਨਵੇਂ ਵਿਰੋਧ ਸਥਾਨ ਰਾਮਲੀਲਾ ਮੈਦਾਨ, ਬੁਰਾੜੀ ਮੈਦਾਨ ਅਤੇ ਪੂਰਬੀ ਦਿੱਲੀ ਵਿੱਚ ਸੀਬੀਡੀ ਗਰਾਊਂਡ ਹਨ। ਇਹ ਸਥਾਨ ਹੁਣ ਪ੍ਰਦਰਸ਼ਨਾਂ ਅਤੇ ਵਿਰੋਧ ਪ੍ਰਦਰਸ਼ਨਾਂ ਲਈ ਖੁੱਲ੍ਹੇ ਰਹਿਣਗੇ। ਦਿੱਲੀ ਪੁਲਿਸ ਦੇ ਅਨੁਸਾਰ, ਇਨ੍ਹਾਂ ਤਿੰਨਾਂ ਥਾਵਾਂ 'ਤੇ ਪ੍ਰਦਰਸ਼ਨ ਅਤੇ ਵਿਰੋਧ ਪ੍ਰਦਰਸ਼ਨ ਕਰਨ ਲਈ ਵਿਸਤ੍ਰਿਤ SOP ਵੱਖਰੇ ਤੌਰ 'ਤੇ ਜਾਰੀ ਕੀਤੇ ਜਾਣਗੇ। ਇਹ 28 ਅਪ੍ਰੈਲ, 2022 ਨੂੰ ਜਾਰੀ ਕੀਤੇ ਗਏ ਆਦੇਸ਼ ਦਾ ਅੰਸ਼ਕ ਸੋਧ ਹੈ। ਦੱਸ ਦਈਏ ਕਿ ਜੰਤਰ ਮੰਤਰ ਹਾਲ ਹੀ ਵਿੱਚ ਕਈ ਇਤਿਹਾਸਕ ਵਿਰੋਧ ਪ੍ਰਦਰਸ਼ਨਾਂ ਦਾ ਗਵਾਹ ਬਣਿਆ ਹੈ। ਕਾਕਰੋਚ ਜਨਤਾ ਪਾਰਟੀ ਨੇ ਇੱਥੇ ਆਪਣਾ ਪਹਿਲਾ ਵਿਰੋਧ ਪ੍ਰਦਰਸ਼ਨ ਕੀਤਾ, ਜਦੋਂ ਕਾਰਕੁਨ ਸੋਨਮ ਵਾਂਗਚੁਕ ਨੇ ਤਤਕਾਲੀ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਦੇ ਅਸਤੀਫ਼ੇ ਦੀ ਮੰਗ ਕਰਦੇ ਹੋਏ ਧਰਨਾ ਪ੍ਰਦਰਸ਼ਨ ਕੀਤਾ। ਸੀਜੇਪੀ ਦੇ ਸੰਸਥਾਪਕ ਅਭਿਜੀਤ ਦੀਪਕ ਨੇ ਸਰਕਾਰ ਦੇ ਫੈਸਲੇ 'ਤੇ ਪ੍ਰਤੀਕਿਰਿਆ ਦਿੱਤੀ। ਉਨ੍ਹਾਂ ਕਿਹਾ ਕਿ ਪੂਰਾ ਦੇਸ਼ ਹੁਣ ਜੰਤਰ-ਮੰਤਰ ਬਣ ਜਾਵੇਗਾ। ਦੀਪਕ ਨੇ ਕਿਹਾ, "ਉਨ੍ਹਾਂ ਨੇ ਜੰਤਰ-ਮੰਤਰ ਨੂੰ ਵਿਰੋਧ ਪ੍ਰਦਰਸ਼ਨਾਂ ਲਈ ਨਿਰਧਾਰਤ ਸਥਾਨ ਵਜੋਂ ਹਟਾ ਦਿੱਤਾ ਹੈ। ਹਾਂ, ਇਹ ਹੁਣ ਵਿਰੋਧ ਪ੍ਰਦਰਸ਼ਨਾਂ ਲਈ ਜਗ੍ਹਾ ਨਹੀਂ ਰਹੀ, ਕਿਉਂਕਿ ਉਸ ਕਾਇਰ ਤਾਨਾਸ਼ਾਹ ਨੇ ਪਹਿਲਾਂ ਹੀ ਇਸਨੂੰ ਜੰਗ ਦੇ ਮੈਦਾਨ ਵਿੱਚ ਬਦਲ ਦਿੱਤਾ ਸੀ। ਹੁਣ ਪੂਰਾ ਦੇਸ਼ ਜੰਤਰ-ਮੰਤਰ ਬਣ ਜਾਵੇਗਾ!"

## ਸ੍ਰੀ ਬੰਗਲਾ ਸਾਹਿਬ ਗੁਰਦੁਆਰਾ ਵਿਵਾਦ, ਆਪ ਆਗੂਆਂ ਨੇ ਸ੍ਰੀ ਅਕਾਲ ਤਖਤ ਨੂੰ ਸੌਂਪਿਆ ਮੰਗ ਪੱਤਰ



**ਨਵੀਂ ਦਿੱਲੀ, 12 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਦਿੱਲੀ ਦੇ ਗੁਰਦੁਆਰਾ ਬੰਗਲਾ ਸਾਹਿਬ ਵਿੱਚ ਜੁੱਤੀਆਂ ਪਾ ਕੇ ਪੁਲਿਸ ਮੁਲਾਜ਼ਮਾਂ ਦੇ ਦਾਖਲ ਹੋਣ ਦਾ ਮਾਮਲਾ ਹੁਣ ਅਕਾਲ ਤਖ਼ਤ ਸਾਹਿਬ ਤੱਕ ਪਹੁੰਚ ਗਿਆ ਹੈ। ਆਮ ਆਦਮੀ ਪਾਰਟੀ ਦੇ ਵਿਧਾਇਕਾਂ ਅਤੇ ਆਗੂਆਂ ਨੇ ਇਸ ਘਟਨਾ ਨੂੰ ਸਿੱਖ ਧਾਰਮਿਕ ਮਰਿਆਦਾਵਾਂ ਦੀ ਉਲੰਘਣਾ ਦੱਸਦੇ ਹੋਏ ਕਾਰਵਾਈ ਦੀ ਮੰਗ ਕੀਤੀ ਹੈ। ਡਾ. ਇੰਦਰਬੀਰ ਸਿੰਘ ਨਿੱਝਰ ਦੀ ਅਗਵਾਈ ਵਿੱਚ ਪਾਰਟੀ ਆਗੂਆਂ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਕੁਲਦੀਪ ਸਿੰਘ ਗੜਗੱਜ ਨੂੰ ਇੱਕ ਮੰਗ ਪੱਤਰ ਸੌਂਪਿਆ, ਜਿਸ ਵਿੱਚ ਉਨ੍ਹਾਂ ਨੂੰ ਇਸ ਮਾਮਲੇ ਦਾ ਨੋਟਿਸ ਲੈਣ ਦੀ ਅਪੀਲ ਕੀਤੀ ਗਈ। ਵਿਧਾਇਕਾਂ ਵੱਲੋਂ ਸੌਂਪੇ ਗਏ ਪੱਤਰ ਵਿੱਚ ਕਿਹਾ ਗਿਆ ਹੈ ਕਿ ਪ੍ਰਦਰਸ਼ਨ ਦੌਰਾਨ ਕੁਝ ਵਿਦਿਆਰਥੀ ਗੁਰਦੁਆਰਾ ਬੰਗਲਾ ਸਾਹਿਬ ਵਿਚ ਦਾਖਲ ਹੋਏ ਜਿਨ੍ਹਾਂ ਦੇ ਪਿੱਛੇ ਦਿੱਲੀ ਪੁਲਿਸ ਦੇ ਕਰਮਚਾਰੀ ਵਰਦੀਆਂ, ਜੁੱਤੀਆਂ ਅਤੇ ਨੰਗੇ ਸਿਰ ਦਿੱਲੀ ਦੇ ਗੁਰਦੁਆਰਾ ਬੰਗਲਾ ਸਾਹਿਬ ਵਿੱਚ ਦਾਖਲ ਹੋਏ ਸਨ। ਪੱਤਰ ਮੁਤਾਬਕ ਪੁਲਿਸ ਵਾਲਿਆਂ ਨੇ ਉੱਥੇ ਮੌਜੂਦ ਸੰਗਤ ਨੂੰ ਗੁਰਦੁਆਰਾ ਪਰਿਸਰ ਤੋਂ ਹਟਾ ਦਿੱਤਾ। ਵਿਧਾਇਕਾਂ ਨੇ ਕਿਹਾ ਕਿ ਇਸ ਘਟਨਾ ਦੀ ਚਰਚਾ ਵੱਖ-ਵੱਖ ਨਿਊਜ਼ ਚੈਨਲਾਂ ਅਤੇ ਸੋਸ਼ਲ ਮੀਡੀਆ 'ਤੇ ਹੋ ਰਹੀ ਹੈ। ਉਨ੍ਹਾਂ ਨੇ ਇਸ ਨੂੰ ਸਿੱਖ ਭਾਈਚਾਰੇ ਦੀਆਂ ਧਾਰਮਿਕ ਭਾਵਨਾਵਾਂ ਨਾਲ ਜੁੜਿਆ ਇੱਕ ਗੰਭੀਰ ਮਾਮਲਾ ਦੱਸਿਆ। ਵਿਧਾਇਕਾਂ ਨੇ ਪੱਤਰ ਵਿੱਚ ਇਹ ਵੀ ਕਿਹਾ ਕਿ ਗੁਰਦੁਆਰਾ ਬੰਗਲਾ ਸਾਹਿਬ ਵਿਖੇ ਵਾਪਰੀ ਘਟਨਾ ਨੇ ਸਿੱਖ ਭਾਈਚਾਰੇ ਨੂੰ ਪਿਛਲੀਆਂ ਘਟਨਾਵਾਂ ਦੀ ਯਾਦ ਦਿਵਾਈ ਹੈ। 'ਆਪ' ਵਿਧਾਇਕਾਂ ਨੇ ਆਪਣੇ ਆਪ ਨੂੰ ਨਿਮਾਣੇ ਦੱਸਦੇ ਹੋਏ ਜਥੇਦਾਰ ਸਾਹਿਬ ਨੂੰ ਇਸ ਮਾਮਲੇ ਵਿੱਚ ਦਖਲ ਦੇਣ ਦੀ ਅਪੀਲ ਕੀਤੀ। ਮੰਗ ਪੱਤਰ ਸੌਂਪਣ ਵਾਲਿਆਂ ਵਿੱਚ ਕੈਬਨਿਟ ਮੰਤਰੀ ਬਲਜਿੰਦਰ ਕੌਰ, ਦਸੂਹਾ ਦੇ ਵਿਧਾਇਕ ਕਰਮਬੀਰ ਸਿੰਘ ਘੁੰਮਣ, ਉੜਮੁੜ ਦੇ ਵਿਧਾਇਕ ਜਸਵੀਰ ਸਿੰਘ ਰਾਜਾ, ਅੰਮ੍ਰਿਤਸਰ ਦੱਖਣੀ ਦੇ ਵਿਧਾਇਕ ਡਾ: ਇੰਦਰਬੀਰ ਸਿੰਘ ਨਿੱਝਰ, ਕਾਦੀਆਂ ਹਲਕੇ ਦੇ ਇੰਚਾਰਜ ਗੁਰਇਕਬਾਲ ਸਿੰਘ ਮਾਹਲ, ਤਰਨਤਾਰਨ ਦੇ ਵਿਧਾਇਕ ਹਰਮੀਤ ਸਿੰਘ ਸੰਧੂ, ਗੁਰਦੀਪ ਸਿੰਘ ਬੱਬੇਵਾਲਾ, ਹਲਕਾ ਪੂਰਬੀ ਦੇ ਵਿਧਾਇਕ ਗੁਰਦੀਪ ਸਿੰਘ ਰਣਸੀਂਹ, ਵਿਧਾਇਕ ਡਾ. ਕੌਰ, ਮਹਿਲ ਕਲਾਂ ਦੇ ਵਿਧਾਇਕ ਕੁਲਵੰਤ ਸਿੰਘ ਪੰਡੋਰੀ, ਖੇਮਕਰਨ ਦੇ ਵਿਧਾਇਕ ਸਰਵਣ ਸਿੰਘ ਧੁੰਨ, ਲੁਧਿਆਣਾ ਦੇ ਵਿਧਾਇਕ ਕੁਲਵੰਤ ਸਿੰਘ ਗਿਆਸਪੁਰਾ ਅਤੇ ਬਾਬਾ ਬਕਾਲਾ ਦੇ ਵਿਧਾਇਕ ਦਲਵੀਰ ਸਿੰਘ ਟੌਂਗ ਸ਼ਾਮਲ ਸਨ।

## ਪੰਜਾਬ ਦੀ ਅੰਤਿਮ ਵੋਟਰ ਸੂਚੀ (SIR) ਜਾਰੀ, ਚੋਣ ਕਮਿਸ਼ਨ ਦੀ ਵੈੱਬਸਾਈਟ 'ਤੇ ਉਪਲਬਧ

**ਚੰਡੀਗੜ੍ਹ, 12 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਵਿਚ ਵਿਧਾਨ ਸਭਾ ਚੋਣਾਂ ਦੀ ਤਿਆਰੀ ਵਿਚਕਾਰ ਚੋਣ ਕਮਿਸ਼ਨ ਨੇ ਵੱਡਾ ਕਦਮ ਚੁੱਕਿਆ ਹੈ। ਸੂਬੇ ਵਿਚ ਸਪੈਸ਼ਲ ਇੰਟੈਂਸਿਵ ਰਿਵੀਜ਼ਨ (SIR) ਤਹਿਤ ਤਿਆਰ ਕੀਤੀ ਗਈ ਅੰਤਿਮ ਵੋਟਰ ਸੂਚੀ (Final Electoral Roll) ਅੱਜ ਯਾਨੀ 12 ਅਕਤੂਬਰ 2026 ਨੂੰ ਪ੍ਰਕਾਸ਼ਿਤ ਕਰ ਦਿੱਤੀ ਗਈ ਹੈ। ਇਹ ਸੂਚੀ ਚੋਣ ਕਮਿਸ਼ਨ ਦੀ ਅਧਿਕਾਰਤ ਵੈੱਬਸਾਈਟ www.ceopunjab.gov.in Áå¶ voters.eci.gov.in 'ਤੇ ਉਪਲਬਧ ਕਰਵਾਈ ਗਈ ਹੈ, ਜਿੱਥੋਂ ਕੋਈ ਵੀ ਨਾਗਰਿਕ ਆਪਣੇ ਜ਼ਿਲ੍ਹੇ ਅਤੇ ਵਿਧਾਨ ਸਭਾ ਹਲਕੇ ਦੀ ਵੋਟਰ ਸੂਚੀ ਡਾਊਨਲੋਡ ਕਰ ਸਕਦਾ ਹੈ। ਪੰਜਾਬ ਵਿਚ ਚੋਣ ਕਮਿਸ਼ਨ ਨੇ 25 ਜੂਨ ਤੋਂ 3 ਅਗਸਤ 2026 ਤੱਕ ਘਰ-ਘਰ ਜਾ ਕੇ ਵੋਟਰਾਂ ਦੀ ਪੜਤਾਲ ਕੀਤੀ। ਇਸ ਦੌਰਾਨ 1.93 ਕਰੋੜ ਤੋਂ ਵੱਧ (90.37%) ਵੋਟਰਾਂ ਨੇ ਆਪਣੇ ਫਾਰਮ ਭਰੇ, ਜਦੋਂ ਕਿ ਕਰੀਬ 20.66 ਲੱਖ (9.63%) ਵੋਟਰ ਅਜਿਹੇ ਸਨ ਜਿਨ੍ਹਾਂ ਦੇ ਫਾਰਮ ਨਹੀਂ ਭਰੇ ਗਏ। ਇਨ੍ਹਾਂ ਵਿਚ 9.44 ਲੱਖ ਵੋਟਰ ਪੱਕੇ ਤੌਰ 'ਤੇ ਰਾਜ ਤੋਂ ਬਾਹਰ ਚਲੇ ਗਏ, 5.74 ਲੱਖ ਵੋਟਰਾਂ ਦੀ ਮੌਤ ਹੋ ਚੁੱਕੀ ਹੈ, 4.12 ਲੱਖ ਵੋਟਰ ਲਾਪਤਾ ਹਨ ਅਤੇ 1.19 ਲੱਖ ਵੋਟਰ ਡੁਪਲੀਕੇਟ ਪਾਏ ਗਏ। ਚੋਣ ਕਮਿਸ਼ਨ ਨੇ ਇਸ ਪ੍ਰਕਿਰਿਆ ਦੌਰਾਨ ਪੋਲਿੰਗ ਸਟੇਸ਼ਨਾਂ ਦੀ ਸੰਖਿਆ ਵੀ 24,453 ਤੋਂ ਵਧਾ ਕੇ 25,332 ਕਰ ਦਿੱਤੀ ਹੈ। ਚੋਣ ਕਮਿਸ਼ਨ ਨੇ ਸ਼ੁਰੂ ਵਿਚ ਅੰਤਿਮ ਸੂਚੀ 1 ਅਕਤੂਬਰ ਨੂੰ ਜਾਰੀ ਕਰਨ ਦੀ ਯੋਜਨਾ ਬਣਾਈ ਸੀ, ਪਰ ਬਾਅਦ ਵਿਚ ਸਮਾਂ-ਸੀਮਾ 11 ਦਿਨ ਵਧਾ ਕੇ 12 ਅਕਤੂਬਰ ਕਰ ਦਿੱਤੀ ਗਈ। ਇਸ ਤੋਂ ਪਹਿਲਾਂ 13 ਅਗਸਤ ਨੂੰ ਡਰਾਫਟ ਵੋਟਰ ਸੂਚੀ ਜਾਰੀ ਕੀਤੀ ਗਈ ਸੀ ਅਤੇ 12 ਸਤੰਬਰ ਤੱਕ ਦਾਅਵੇ ਅਤੇ ਇਤਰਾਜ਼ ਪੇਸ਼ ਕਰਨ ਦੀ ਸੁਵਿਧਾ ਦਿੱਤੀ ਗਈ ਸੀ। ਚੋਣ ਕਮਿਸ਼ਨ ਨੇ 8 ਅਕਤੂਬਰ ਤੱਕ ਸਾਰੇ ਦਾਅਵਿਆਂ ਅਤੇ ਇਤਰਾਜ਼ਾਂ ਦਾ ਨਿਪਟਾਰਾ ਕਰ ਲਿਆ ਸੀ।

ਅੰਤਿਮ ਵੋਟਰ ਸੂਚੀ ਕਿਵੇਂ ਡਾਊਨਲੋਡ ਕਰੀਏ?

ਅਧਿਕਾਰਤ ਵੈੱਬਸਾਈਟ 'ਤੇ ਜਾਓ: ਸਭ ਤੋਂ ਪਹਿਲਾਂ www.ceopunjab.gov.in ਜਾਂ voters.eci.gov.in 'ਤੇ ਜਾਓ।

ਵਿਕਲਪ ਚੁਣੋ: ਹੋਮਪੇਜ 'ਤੇ "Download Electoral Roll" ਜਾਂ "Final Roll" ਵਿਕਲਪ 'ਤੇ ਕਲਿੱਕ ਕਰੋ।

ਵੇਰਵੇ ਭਰੋ: ਆਪਣਾ ਰਾਜ (ਪੰਜਾਬ), ਜ਼ਿਲ੍ਹਾ, ਵਿਧਾਨ ਸਭਾ ਹਲਕਾ, ਭਾਸ਼ਾ ਅਤੇ ਰੋਲ ਟਾਈਪ (Final Roll) ਚੁਣੋ।

ਪੋਲਿੰਗ ਸਟੇਸ਼ਨ ਚੁਣੋ: ਆਪਣੇ ਪੋਲਿੰਗ ਸਟੇਸ਼ਨ ਦਾ ਨੰਬਰ ਚੁਣੋ ਅਤੇ ਕੈਪਚਾ ਭਰ ਕੇ ਡਾਊਨਲੋਡ ਕਰੋ।

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਧੰਨ-ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਨੂੰ ਅਤੇ
ਧੰਨ-ਧੰਨ ਮਾਤਾ ਸਹਿਬ ਕੌਰ ਜੀ ਦੇ ਜਨਮ ਦਿਵਸ ਨੂੰ ਸਮਰਪਿਤ

# 30ਵਾਂ

# ਸਲਾਨਾ ਗੁਰਮਤਿ ਸਮਾਗਮ



ਸੰਤ ਬਾਬਾ ਜਰਨੈਲ ਸਿੰਘ ਜੀ
ਖਾਲਸਾ ਭਿੰਡਰਾਂਵਾਲੇ

## ਗੁਰਦੁਆਰਾ ਸ਼ਹੀਦਾਂ, ਪਿੰਡ ਜੱਸੋਵਾਲ (ਬੀਹੜਾਂ)

(ਬੱਕਰਾਂ ਦੇ ਹਾਈ ਕੋਰਟ)

## ਮਿਤੀ 1 ਨਵੰਬਰ 2026 ਦਿਨ ਐਤਵਾਰ

ਨੂੰ ਸ੍ਰੀ ਅਖੰਡ ਪਾਠ ਸਾਹਿਬਾਂ ਜੀ ਦੇ ਭੋਗ ਉਪਰੰਤ ਦੀਵਾਨ ਸਜਣਗੇ।

ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਮੈਂਬਰ ਸ਼੍ਰੋਮਣੀ ਕਮੇਟੀ, ਨਿਰਮਲੇ, ਉਦਾਸੀ, ਧਾਰਮਿਕ, ਸੰਯੁਕਤ ਕਿਸਾਨ ਮੋਰਚੇ ਦੇ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਪੰਥਕ ਅਕਾਲੀ ਦਲ ਭਾਰਤ ਅਤੇ ਯੂ.ਕੇ. ਦੇ ਸਮੂਹ ਅਹੁਦੇਦਾਰ, ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।
ਸਭ ਨੂੰ ਬੇਨਤੀ ਹੈ ਕਿ ਪਰਿਵਾਰਾਂ ਸਮੇਤ ਵੱਧ ਤੋਂ ਵੱਧ ਸੰਗਤਾਂ ਲੈ ਕੇ ਸਮਾਗਮਾਂ ਵਿੱਚ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

ਆਵਾਜ਼ਿ ਕੌਮ AWAZE QAUM International Newspaper & WEB TV

**ਗੁਰੂ ਦੇ ਲੰਗਰ ਅਤੇ ਚਾਹ-ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।**



## 30 ਅਕਤੂਬਰ 2026 ਦਿਨ ਸ਼ੁੱਕਰਵਾਰ

ਅਰੰਭ ਸ੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

## 1 ਨਵੰਬਰ 2026 ਦਿਨ ਐਤਵਾਰ ਨੂੰ

ਭੋਗ ਸ੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

ਖੁੱਲ੍ਹੇ ਪੰਡਾਲ ਵਿੱਚ ਸਵੇਰੇ 10-00 ਵਜੇ ਤੋਂ
ਸ਼ਾਮ 3-00 ਵਜੇ ਤੱਕ ਦੀਵਾਨ ਸਜਣਗੇ।

ਨੋਟ :- 20 ਅਕਤੂਬਰ ਤੋਂ 1 ਨਵੰਬਰ ਤੱਕ 13 ਦਿਨ ਸਮਾਗਮ ਚੱਲੇਗਾ।



## ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ

ਮੁੱਖ ਬੁਲਾਰਾ ਅੰਤਰਰਾਸ਼ਟਰੀ ਪੰਥਕ ਅਕਾਲੀ ਦਲ
ਮੈਂਬਰ ਐਸ.ਜੀ.ਪੀ.ਸੀ.
ਮੋ: 98141-27470, 73408-35137

ਜਾਰੀ ਕਰਤਾ :- ਜਰਨੈਲ ਸਿੰਘ ਢਿੱਲੋਂ, 84278-66404

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net



ਜਥਾ ਭਿੰਡਰਾਂ (ਮਹਿਤਾ) ਦਮਦਮੀ ਟਕਸਾਲ
www.damdamitaksal.net

ਨਾਮ ਜਪੋ / ਕਿਰਤ ਕਰੋ / ਵੰਡ ਛੱਕੋ — Naam Japo / Kirat Karo / Vand Shako

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi

ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
Raghbir Singh Walsal
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ ਮਾਤਾ ਸਾਹਿਬ ਕੌਰ ਜੀ

# ਗੁਰਮਤਿ ਸਮਾਗਮ

1 ਨਵੰਬਰ 2026, ਦਿਨ ਐਤਵਾਰ ਨੂੰ
ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ



ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

ਨੋਟ : ਇਹ ਸਮਾਗਮ 13 ਦਿਨ ਚੱਲੇਗਾ

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।

ਬੇਨਤੀ ਕਰਤਾ
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470
ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137
ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਢਿੱਲੋਂ, ਜ: ਮਹਿਤਾਬ ਸਿੰਘ ਢਿੱਲੋਂ
ਸੰਪਰਕ ਨੰਬਰ 84278-66404


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV

DHAN DHAN SRI GURU NANAK DEV JI
PARKASH PURAB

SANDWELL

# NAGAR KIRTAN

# ਨਗਰ ਕੀਰਤਨ



## SUNDAY 1ST NOVEMBER 2026

| | | | |
|---|---|---|---|
| **GURDWARA GURU HAR RAI SAHIB JI**<br>George Street, West Bromwich | START 9:00AM | ਗੁਰਦੁਆਰਾ ਗੁਰੂ ਹਰਿ ਰਾਇ ਸਾਹਿਬ ਜੀ<br>ਜਰੋਜ ਸਟਰੀਟ, ਵੈਸਟ ਬ੍ਰਮਮਿਚ | ਅਰੰਭਤਾ: ੯:੦੦ ਵਜੇ |
| **GURU NANAK GURDWARA**<br>Edward Street, West Bromwich | 11:00AM | ਗੁਰੂ ਨਾਨਕ ਗੁਰਦੁਆਰਾ<br>ਏਡਵਰਡ ਸਟਰੀਟ, ਵੈਸਟ ਬ੍ਰਮਮਿਚ | ੧੧:੦੦ ਵਜੇ |
| **GURDWARA AMRIT PARCHAR DHARMIK DIWAN**<br>Birmingham Road, Oldbury | 1:00PM | ਗੁਰਦੁਆਰਾ ਅੰਮ੍ਰਿਤ ਪ੍ਰਚਾਰ ਧਾਰਮਿਕ ਦੀਵਾਨ<br>ਬ੍ਰਮਿੰਘਮ ਰੋਡ, ਓਲਡਬਰੀ | ੧:੦੦ ਵਜੇ |
| **GURDWARA GURU MANEYO GRANTH**<br>Popes Lane, Oldbury | 2:00PM | ਗੁਰਦੁਆਰਾ ਗੁਰੂ ਮਾਨਯੋ ਗ੍ਰੰਥ<br>ਪੋਪਸ ਲੇਨ, ਓਲਡਬਰੀ | ੨:੦੦ ਵਜੇ |
| **GURDWARA BABA SANG**<br>St. Paul's Road, Smethwick | 3:15PM | ਗੁਰਦੁਆਰਾ ਬਾਬਾ ਸੰਗ ਜੀ<br>ਸਟ, ਪੋਲਜ ਰੋਡ, ਸਮੇਦਿਕ | ੩:੧੫ ਵਜੇ |
| **GURU NANAK GURDWARA SMETHWICK**<br>High Street, Smethwick | 4:00PM | ਗੁਰੂ ਨਾਨਕ ਗੁਰਦੁਆਰਾ<br>ਸਮੇਦਿਕ | ੪:੦੦ ਵਜੇ |

**GURDWARA GURU HAR RAI SAHIB - 0121 553 7219**
**GURU NANAK GURDWARA SMETHWICK - 0121 558 2527**

ਆਵਾਜ਼ਿ ਕੌਮ AWAZE QAUM
International Newspaper & WEB TV


TPU - THE PANJAB UNIVERSE
LEARN | TRADE | GROW | EARN FOR LIFE
ਸਿੱਖੋ ਟਰੇਡਿੰਗ, ਬਦਲੋ ਆਪਣੀ ਜ਼ਿੰਦਗੀ
ਸਾਡੀਆਂ ਸੇਵਾਵਾਂ:
100% ਪ੍ਰੈਕਟੀਕਲ ਟਰੇਡਿੰਗ
ਲਾਈਵ ਮਾਰਕੀਟ ਸਿਖਲਾਈ
ਬਿਗਨਰ ਤੋਂ ਐਡਵਾਂਸ ਲੈਵਲ ਤੱਕ
ਇਨਕਿਊਬੇਟਰ ਗਾਈਡੈਂਸ
ਲਾਈਫ ਟਾਈਮ ਸਪੋਰਟ
ਕੋਰਸ ਵਿੱਚ ਸ਼ਾਮਲ:
ਇੰਟਰਾਡੇ
ਸਵਿੰਗ
ਆਪਸ਼ਨ
ਸਟਾਕ ਮਾਰਕੀਟ ਬੇਸਿਕ ਤੋਂ ਐਡਵਾਂਸ
ਰਿਸਕ ਮੈਨੇਜਮੈਂਟ
ਇਨਵੈਸਟਮੈਂਟ ਸਟ੍ਰੈਟਜੀ
ਪ੍ਰੈਕਟੀਕਲ ਟਰੇਡਿੰਗ ਸਿਸਟਮ
ਆਵਾਜ਼ਿ ਕੌਮ AWAZE QAUM International Newspaper & WEB TV
ਆਪਣੇ ਹੁਨਰ ਨੂੰ ਪੈਸ਼ੇ ਵਿੱਚ ਬਦਲੋ
ਘਰ ਬੈਠੇ ਡਾਲਰ ਕਮਾਓ - ਆਪਣੇ ਬੱਚਿਆਂ ਨੂੰ ਵੀ
ਸ਼ਿਖਾ ਸਕਦੇ ਹੋ, ਉਹਨਾਂ ਦਾ ਭਵਿੱਖ ਸਵਾਰ ਸਕਦੇ ਹੋ
+91 76961 59766
Instagram: thepanjabuniverse / the.panjabuniverse (ਜਲੰਧਰ)
ਸਾਡਾ ਪਤਾ: Lambra near Jalandhar



ਧੰਨ ਧੰਨ ਸ੍ਰੀ ਗੁਰੂ ਰਾਮਦਾਸ ਜੀ ਦੇ
ਪ੍ਰਕਾਸ਼ ਪੁਰਬ
ਨੂੰ ਸਮਰਪਿਤ ਸਮਾਗਮ ਗੁਰਦੁਆਰਾ ਸਿੰਘ ਸਭਾ ਘੱਗਾ ਵਿਖੇ
ਮਿਤੀ:-
25, ਅਤੇ 26 ਅਕਤੂਬਰ
ਸ਼ਾਮ 6 ਵਜੇ ਤੋਂ ਰਾਤ 9 ਵਜੇ ਤੱਕ
ਦੀਵਾਨ
27 ਅਕਤੂਬਰ ਨੂੰ
ਸਵੇਰੇ 9 ਵਜੇ ਤੋਂ ਸਵੇਰੇ 11:30 ਵਜੇ ਤੱਕ
ਸਮਾਗਮ
ਬਾਬਾ ਸੁਖਵਿੰਦਰ ਸਿੰਘ ਜੀ (ਘੱਗੇ ਵਾਲੇ)
ਗਿਆਨੀ ਰਵਿੰਦਰ ਸਿੰਘ (ਦਮਦਮੀ ਟਕਸਾਲ)
ਗਿਆਨੀ ਜਗਜੀਤ ਸਿੰਘ ਜੀ (ਹੈਡ ਗ੍ਰੰਥੀ ਗੁ: ਨਾਢਾ ਸਾਹਿਬ)
ਗਿਆਨੀ ਜਸਵੀਰ ਸਿੰਘ ਜੀ (ਖਤਰ)
ਬਾਬਾ ਬਲਜੀਤ ਸਿੰਘ ਜੀ (ਢੱਕਰ)
ਬਾਬਾ ਦਰਸ਼ਨ ਸਿੰਘ ਜੀ
ਗਿਆਨੀ ਦਇਆ ਸਿੰਘ ਜੀ
ਭਾਈ ਗੁਰਸੇਵਕ ਸਿੰਘ ਰੰਗੀਲਾ ਜੀ (ਹਜ਼ੂਰੀ ਜੱਥਾ ਗੁ: ਦਾਦੂ ਸਾਹਿਬ)
ਬਾਬਾ ਦਲਜੀਤ ਸਿੰਘ ਜੀ (ਬਰਾਸ ਵਾਲੇ)
ਸਮੂਹ ਸੰਗਤਾਂ ਨੂੰ ਬੇਨਤੀ ਹੈ ਕਿ ਆਪ ਜੀ ਨੇ ਇਹਨਾਂ ਸਮਾਗਮਾਂ ਵਿੱਚ ਦਰਸ਼ਨ ਦੇਣ ਦੀ ਕ੍ਰਿਪਾਲਤਾ ਕਰਨੀ ਜੀ।
ਮੋ. 90411-47540, 90413-28422, 91150-66349
ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਜਥੇਦਾਰ ਬਲਜੀਤ ਸਿੰਘ ਜੀ ਦਾਦੂਵਾਲ
ਸਮੂਹ ਗੁਰਦੁਆਰਾ ਪ੍ਰਬੰਧਕ ਕਮੇਟੀ, ਅਤੇ ਸਮੂਹ ਸਾਧਸੰਗਤ, ਘੱਗਾ




7ਵਾਂ ਸਾਲਾਨਾ ਗੁਰਮਤਿ ਸਮਾਗਮ
ਪਿੰਡ ਸੰਗਤਪੁਰਾ ਮੋਹਾਲੀ
21 ਤੋਂ 25 ਅਕਤੂਬਰ 2026
ਸਮਾ: ਸ਼ਾਮ 6 ਤੋਂ 10 ਵਜੇ ਤੱਕ
ਦਸਤਾਰ ਬੰਦੀ ਮੁਕਾਬਲੇ
23 ਅਕਤੂਬਰ 2026 ਸਵੇਰ 10 ਵਜੇ
ਲੰਬੇ ਕੇਸ ਮੁਕਾਬਲੇ
ਅੰਮ੍ਰਿਤ ਸੰਚਾਰ
25 ਅਕਤੂਬਰ, ਸ਼ਾਮ 5 ਵਜੇ
ਸੰਗਤਾਂ ਲਈ ਬੱਸਾਂ ਦੀ ਸੇਵਾ ਮੁਫਤ ਲਗਾਈ ਜਾਵੇਗੀ
ਗੁਰੂ ਕਾ ਲੰਗਰ ਅਤੁੱਟ ਵਰਤੇਗਾ
ਖੂਨਦਾਨ ਕੈਂਪ
23 ਅਕਤੂਬਰ, ਸਵੇਰੇ 10 ਵਜੇ
ਮੈਡੀਕਲ ਕੈਂਪ 5 ਦਿਨ
DARVESH TV
LIVE ON
ਸੰਪਰਕ :-
62845-76824
94642-46744
SCAN FOR LOCATION
ਬਾਬਾ ਇਸ਼ਰ ਸਿੰਘ ਜੀ
ਸੰਗਤਪੁਰੇ ਵਾਲੇ
ਵਿਸ਼ੇਸ਼ ਹਾਜ਼ਰੀ
ਸੰਤ ਬਾਬਾ ਗੁਲਾਬ ਸਿੰਘ ਜੀ
ਸ੍ਰੀ ਚਮਕੌਰ ਸਾਹਿਬ ਵਾਲੇ

### ਬੰਗਲਾ ਸਾਹਿਬ ਮਾਮਲੇ ’ਚ ਅਮਿਤ ਸ਼ਾਹ ਨੂੰ

# ਤਲਬ ਕਰਨ ਦੀ ਮੰਗ ਬੇਤੁਕੀ ਤੇ ਗੁਮਰਾਹਕੁਨ: ਪ੍ਰੋ. ਸਰਚਾਂਦ ਸਿੰਘ ਖਿਆਲਾ

**ਅੰਮ੍ਰਿਤਸਰ, 12 ਅਕਤੂਬਰ (ਆਵਾਜ਼ਿ ਕੌਮ ਬਿਊਰੋ)**- ਪੰਜਾਬ ਭਾਜਪਾ ਦੇ ਬੁਲਾਰੇ ਅਤੇ ਸਿੱਖ ਚਿੰਤਕ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਦਿੱਲੀ ਦੇ ਗੁਰਦੁਆਰਾ ਬੰਗਲਾ ਸਾਹਿਬ ਵਿੱਚ ਪੁਲਿਸ ਦੇ ਦਾਖ਼ਲੇ ਦੇ ਮਾਮਲੇ ’ਤੇ ਆਮ ਆਦਮੀ ਪਾਰਟੀ ਦੇ ਵਿਧਾਇਕਾਂ ਵੱਲੋਂ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੂੰ

ਆਵਾਜ਼ਿ ਕੌਮ AWAZE QAUM International Newspaper & WEB TV

ਤਲਬ ਕਰਨ ਦੀ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਨੂੰ ਕੀਤੀ ਗਈ ਮੰਗ ਨੂੰ ਬੇਤੁਕੀ ਅਤੇ ਗੁਮਰਾਹਕੁਨ ਕਰਾਰ ਦਿੱਤਾ। ਉਨ੍ਹਾਂ ਕਿਹਾ ਕਿ ਇਹ ਪੰਜਾਬ ਸਰਕਾਰ ਦੀਆਂ ਨਾਕਾਮੀਆਂ ਤੋਂ ਲੋਕਾਂ ਦਾ ਧਿਆਨ ਹਟਾਉਣ ਦੀ ਕੋਸ਼ਿਸ਼ ਹੈ। ਉਨ੍ਹਾਂ ਧਾਰਮਿਕ ਮਰਿਆਦਾ ਦੇ ਨਾਂ ’ਤੇ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਗੁਮਰਾਹ ਕਰਨ ਦੇ ਦੋਸ਼ ਹੇਠ ‘ਆਪ’ ਵਿਧਾਇਕਾਂ ਵਿਰੁੱਧ ਸਖ਼ਤ ਕਾਰਵਾਈ ਦੀ ਮੰਗ ਵੀ ਕੀਤੀ।



ਪ੍ਰੋ. ਖਿਆਲਾ ਨੇ ਕਿਹਾ ਕਿ ਉਨ੍ਹਾਂ ਵੱਲੋਂ ਵੀ ਇਸ ਮਾਮਲੇ ਸਬੰਧੀ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਨੂੰ ਪੱਤਰ ਲਿਖ ਕੇ ਤੱਥਾਂ ਦੇ ਆਧਾਰ ’ਤੇ ਮਾਮਲੇ ਦੀ ਘੋਖ ਕਰਨ ਅਤੇ ਧਾਰਮਿਕ ਮਰਿਆਦਾ ਦੇ ਨਾਂ ’ਤੇ ਸਿਆਸੀ ਲਾਹਾ ਲੈਣ ਦੀਆਂ ਕੋਸ਼ਿਸ਼ਾਂ ਦਾ ਗੰਭੀਰ ਨੋਟਿਸ ਲੈਣ ਦੀ ਅਪੀਲ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਵਉੱਚਤਾ ਅਤੇ ਮਰਿਆਦਾ ਪ੍ਰਤੀ ਸਤਿਕਾਰ ਰੱਖਦਿਆਂ ਹਰ ਮਾਮਲੇ ਵਿੱਚ ਇਕਸਾਰ ਮਾਪਦੰਡ ਅਪਣਾਏ ਜਾਣੇ ਚਾਹੀਦੇ ਹਨ ਅਤੇ ਕਿਸੇ ਵੀ ਧਿਰ ਨੂੰ ਧਾਰਮਿਕ ਸੰਸਥਾਵਾਂ ਨੂੰ ਸਿਆਸੀ ਹਿੱਤਾਂ ਲਈ ਵਰਤਣ ਦੀ ਇਜਾਜ਼ਤ ਨਹੀਂ ਦਿੱਤੀ ਜਾਣੀ ਚਾਹੀਦੀ।

**ਆਪ ਵਿਧਾਇਕਾਂ ਨੇ ਧਾਰਮਿਕ ਮਰਿਆਦਾ ਦੇ ਨਾਂ ’ਤੇ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਗੁਮਰਾਹ ਕਰਨ ਦੀ ਕੋਸ਼ਿਸ਼ ਕੀਤੀ; ਸਖ਼ਤ ਕਾਰਵਾਈ ਹੋਵੇ**

**ਵਿਚਾਰ ਆਪੋ-ਆਪਣਾ**

ਉਨ੍ਹਾਂ ਕਿਹਾ ਕਿ ਗੁਰਦੁਆਰਾ ਸਾਹਿਬ ਵਿੱਚ ਪੁਲਿਸ ਦੇ ਦਾਖ਼ਲੇ ਸਬੰਧੀ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਮੀਤ ਸਿੰਘ ਕਾਲਕਾ ਪਹਿਲਾਂ ਹੀ ਸਪੱਸ਼ਟ ਕਰ ਚੁੱਕੇ ਹਨ ਕਿ ਦਿੱਲੀ ਪੁਲਿਸ ਅਸ਼ੋਕਾ ਰੋਡ ਵਾਲੇ ਗੇਟ ਰਾਹੀਂ ਗੁਰਦੁਆਰਾ ਸਾਹਿਬ ਦੇ ਅੰਦਰ ਦਾਖ਼ਲ ਹੋਈ ਅਤੇ ਦੂਜੇ ਪਾਸੇ ਤੋਂ ਬਾਹਰ ਨਿਕਲ ਗਈ। ਉਨ੍ਹਾਂ ਕਿਹਾ ਕਿ ਪੁਲਿਸ ਨਾ ਤਾਂ ਜੁੱਤੀਆਂ ਪਾ ਕੇ ਚਰਨ ਗੰਗਾ ਪਾਰ ਕਰਦਿਆਂ ਦਰਬਾਰ ਹਾਲ ਵਿੱਚ ਦਾਖ਼ਲ ਹੋਈ ਅਤੇ ਨਾ ਹੀ ਜੁੱਤੀਆਂ ਪਾ ਕੇ ਲੰਗਰ ਹਾਲ ਵਿੱਚ ਗਈ। ਇਸ ਲਈ ਮਰਿਆਦਾ ਭੰਗ ਹੋਣ ਦੇ ਦਾਅਵੇ ਬਾਰੇ ਤੱਥਾਂ ਦੇ ਆਧਾਰ ’ਤੇ ਵਿਚਾਰ ਕਰਨਾ ਚਾਹੀਦਾ ਹੈ।

ਪ੍ਰੋ. ਖਿਆਲਾ ਨੇ ਦੋਸ਼ ਲਾਇਆ ਕਿ ਅਰਵਿੰਦ ਕੇਜਰੀਵਾਲ ਅਤੇ ਆਮ ਆਦਮੀ ਪਾਰਟੀ ਦੇ ਆਗੂਆਂ ਨੇ ਭਾਜਪਾ ਵਿਰੁੱਧ ਨੈਰੇਟਿਵ ਸਿਰਜਣ ਲਈ ਇੱਕ ਸਾਜ਼ਿਸ਼ ਤਹਿਤ ਧਾਰਮਿਕ ਭਾਵਨਾਵਾਂ ਨੂੰ ਸਿਆਸੀ ਲਾਹੇ ਲਈ ਵਰਤਣ ਦੀ ਕੋਸ਼ਿਸ਼ ਕੀਤੀ। ਉਨ੍ਹਾਂ ਕਿਹਾ ਕਿ ਪ੍ਰਦਰਸ਼ਨਕਾਰੀਆਂ ਦੇ ਹੱਥਾਂ ਵਿੱਚ ਫੜੀਆਂ ਤਖ਼ਤੀਆਂ ਅਤੇ ਨਾਅਰੇਬਾਜ਼ੀ ਤੋਂ ਸਪੱਸ਼ਟ ਹੁੰਦਾ ਹੈ ਕਿ ਗੁਰਦੁਆਰਾ ਸਾਹਿਬ ਨੂੰ ਸਿਆਸੀ ਮੰਚ ਵਜੋਂ ਵਰਤਣ ਦੀ ਕੋਸ਼ਿਸ਼ ਕੀਤੀ ਗਈ। ਉਨ੍ਹਾਂ ਕਿਹਾ ਕਿ ਗੁਰਦੁਆਰਾ ਸਾਹਿਬ ਨੂੰ ਸਿਆਸੀ ਅਖਾੜਾ ਬਣਾਉਣਾ ਅਤੇ ਉੱਥੇ ਸਿਆਸੀ ਟਕਰਾਅ ਪੈਦਾ ਕਰਨ ਦੀ ਕੋਸ਼ਿਸ਼ ਕਰਨਾ ਹੀ ਧਾਰਮਿਕ ਮਰਿਆਦਾ ਦੇ ਉਲਟ ਹੈ। ਉਨ੍ਹਾਂ ਦੋਸ਼ ਲਾਇਆ ਕਿ ਗੁਰਦੁਆਰਾ ਕੰਪਲੈਕਸ ਨੂੰ ਧਰਨੇ ਦੇ ਸਥਾਨ ਵਜੋਂ ਵਰਤਣਾ ਕੇਜਰੀਵਾਲ ਦੀ ਉਸ ਸਿਆਸੀ ਰਣਨੀਤੀ ਦਾ ਹਿੱਸਾ ਸੀ, ਜਿਸ ਰਾਹੀਂ ਭਾਜਪਾ ਵਿਰੁੱਧ ਨੈਰੇਟਿਵ ਸਿਰਜਣ ਦੀ ਕੋਸ਼ਿਸ਼ ਕੀਤੀ ਗਈ।

ਉਨ੍ਹਾਂ ਦਿੱਲੀ ਗੁਰਦੁਆਰਾ ਕਮੇਟੀ ਦੀ ਸ਼ਿਕਾਇਤ ਦੇ ਆਧਾਰ ’ਤੇ ਅਰਵਿੰਦ ਕੇਜਰੀਵਾਲ ਅਤੇ ਹੋਰ ਆਗੂਆਂ ਵਿਰੁੱਧ ਐੱਫਆਈਆਰ ਦਰਜ ਕੀਤੇ ਜਾਣ ਦਾ ਸਵਾਗਤ ਕੀਤਾ।

ਪ੍ਰੋ. ਖਿਆਲਾ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪਹੁੰਚੇ ਆਮ ਆਦਮੀ ਪਾਰਟੀ ਦੇ ਗੁਰਸਿੱਖ ਵਿਧਾਇਕਾਂ ਨੂੰ ਆਪਣੇ ਸਟੈਂਡ ’ਤੇ ਕਾਇਮ ਰਹਿਣ ਦੀ ਚੁਣੌਤੀ ਦਿੰਦਿਆਂ ਕਿਹਾ ਕਿ ਜੇ ਉਹ ਸੱਚਮੁੱਚ ਗੁਰੂ ਸਾਹਿਬ ਨੂੰ ਸਮਰਪਿਤ ਹਨ ਤਾਂ ਸੁਲਤਾਨਪੁਰ ਲੋਧੀ ਦੇ ਗੁਰਦੁਆਰਾ ਅਕਾਲ ਬੁੰਗਾ ਸਾਹਿਬ ਵਿਖੇ 23 ਨਵੰਬਰ 2023 ਨੂੰ ਹੋਈ ਪੁਲਿਸ ਕਾਰਵਾਈ ਬਾਰੇ ਵੀ ਜਵਾਬ ਦੇਣ। ਉਨ੍ਹਾਂ ਦੋਸ਼ ਲਾਇਆ ਕਿ ਗੁਰਦੁਆਰਾ ਅਕਾਲ ਬੁੰਗਾ ਸਾਹਿਬ ਵਿਖੇ ਕਬਜ਼ੇ ਦੇ ਵਿਵਾਦ ਦੌਰਾਨ ਪੁਲਿਸ ਅਤੇ ਨਿਹੰਗ ਸਿੰਘਾਂ ਵਿਚਾਲੇ ਹੋਈ ਗੋਲੀਬਾਰੀ ਵਿੱਚ ਪੁਲਿਸ ਵੱਲੋਂ ਗੁਰਦੁਆਰਾ ਸਾਹਿਬ ਵੱਲ 1,000 ਤੋਂ ਵੱਧ ਗੋਲੀਆਂ ਚਲਾਈਆਂ ਗਈਆਂ। ਇਸ ਘਟਨਾ ਵਿੱਚ ਇੱਕ ਹੋਮ ਗਾਰਡ ਜਵਾਨ ਦੀ ਮੌਤ ਹੋਈ ਅਤੇ ਕਈ ਹੋਰ ਜ਼ਖ਼ਮੀ ਹੋਏ। ਉਨ੍ਹਾਂ ਦੋਸ਼ ਲਾਇਆ ਕਿ ਪੁਲਿਸ ਜੁੱਤੀਆਂ ਪਾ ਕੇ ਗੁਰਦੁਆਰਾ ਸਾਹਿਬ ਵਿੱਚ ਦਾਖ਼ਲ ਹੋਈ ਅਤੇ ਅਖੰਡ ਪਾਠ ਸਾਹਿਬ ਦੀ ਮਰਿਆਦਾ ਭੰਗ ਹੋਈ, ਜੋ ਗੁਰੂ ਘਰ ਦੀ ਮਰਿਆਦਾ ਦੀ ਘੋਰ ਉਲੰਘਣਾ ਸੀ। ਉਨ੍ਹਾਂ ਕਿਹਾ ਕਿ ਇਸ ਮਾਮਲੇ ਵਿੱਚ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਤਤਕਾਲੀ ਜਥੇਦਾਰ ਗਿਆਨੀ ਰਘਬੀਰ ਸਿੰਘ ਵੱਲੋਂ ਪੜਤਾਲ ਕਰਵਾਈ ਗਈ ਸੀ। ਰਿਪੋਰਟ ’ਤੇ ਵਿਚਾਰ ਕਰਨ ਮਗਰੋਂ ਜਥੇਦਾਰ ਨੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਦੋਸ਼ੀ ਪਾਇਆ ਸੀ। ਪ੍ਰੋ. ਖਿਆਲਾ ਨੇ ਸਵਾਲ ਉਠਾਇਆ ਕਿ ਇਸ ਮਾਮਲੇ ਵਿੱਚ ਅੱਜ ਤੱਕ ਕਾਰਵਾਈ ਕਿਉਂ ਨਹੀਂ ਕੀਤੀ ਗਈ ਅਤੇ ਮੁੱਖ ਮੰਤਰੀ ਵਿਰੁੱਧ ਕਾਰਵਾਈ ਦੀ ਮੰਗ ਕੀਤੀ।

ਪ੍ਰੋ. ਖਿਆਲਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਅਤੇ ਪੰਜਾਬ ਸਰਕਾਰ ਇਸ ਸਮੇਂ ਕਈ ਗੰਭੀਰ ਮਾਮਲਿਆਂ ਵਿੱਚ ਘਿਰੀਆਂ ਹੋਈਆਂ ਹਨ। ਉਨ੍ਹਾਂ ਦਾਅਵਾ ਕੀਤਾ ਕਿ ਮੁਲਾਜ਼ਮਾਂ ਦੇ ਮਹਿੰਗਾਈ ਭੱਤੇ (ਡੀਏ) ਦੇ ਮਾਮਲੇ ਵਿੱਚ ਗਲਤ ਜਾਣਕਾਰੀ ਦੇਣ ਦੇ ਦੋਸ਼ ਹੇਠ ਪੰਜਾਬ ਦੇ ਮੁੱਖ ਸਕੱਤਰ ਕੇ.ਏ.ਪੀ. ਸਿਨਹਾ ਵਿਰੁੱਧ ਹਾਈ ਕੋਰਟ ਵਿੱਚ ਅਪਰਾਧਿਕ ਮਾਣਹਾਨੀ ਦੀ ਕਾਰਵਾਈ ਸ਼ੁਰੂ ਕਰਨ ਦਾ ਮਾਮਲਾ ਅਤੇ ਮੁੱਖ ਮੰਤਰੀ ਦੇ ਓਐੱਸਡੀ ਰਾਜਬੀਰ ਸਿੰਘ ਘੁੰਮਣ ਵਿਰੁੱਧ ਸੀਬੀਆਈ ਵੱਲੋਂ ਦਰਜ ਐੱਫਆਈਆਰ ਰੱਦ ਕਰਨ ਤੋਂ ਸੁਪਰੀਮ ਕੋਰਟ ਵੱਲੋਂ ਇਨਕਾਰ ਕੀਤੇ ਜਾਣ ਦਾ ਮਾਮਲਾ ਸਰਕਾਰ ਲਈ ਸਵਾਲ ਖੜ੍ਹੇ ਕਰਦੇ ਹਨ।

ਉਨ੍ਹਾਂ ਦੋਸ਼ ਲਾਇਆ ਕਿ ਇਨ੍ਹਾਂ ਮਾਮਲਿਆਂ ਤੋਂ ਲੋਕਾਂ ਦਾ ਧਿਆਨ ਹਟਾਉਣ ਲਈ ਆਮ ਆਦਮੀ ਪਾਰਟੀ ਧਾਰਮਿਕ ਅਤੇ ਭਾਵਨਾਤਮਕ ਮੁੱਦਿਆਂ ਨੂੰ ਸਿਆਸੀ ਹਥਿਆਰ ਵਜੋਂ ਵਰਤ ਰਹੀ ਹੈ, ਪਰ ਉਸ ਦੀ ਇਹ ਕੋਸ਼ਿਸ਼ ਸਫ਼ਲ ਨਹੀਂ ਹੋਵੇਗੀ।

### ਜੱਥੇਬੰਦੀ ਦੀ ਸਰਬਸੰਮਤੀ ਨਾਲ ਹੋਈ ਚੋਣ

# ਕੁਲਦੀਪ ਸਿੰਘ ਰਾਜੋਮਾਜਰਾ ਪ੍ਰਧਾਨ ਅਤੇ ਸੰਦੀਪ ਸਿੰਘ ਲੱਡਾ ਬਣੇ ਮੀਤ ਪ੍ਰਧਾਨ



**ਧੂਰੀ (ਰਣਜੀਤ ਸਿੰਘ ਪੇਧਨੀ)**-ਪਾਵਰਕਾਮ ਦੀ ਪ੍ਰਮੁੱਖ ਜੱਥੇਬੰਦੀ ਆਈ ਟੀ ਆਈ ਇੰਪਲਾਈਜ ਐਸੋਸੀਏਸ਼ਨ ਕਾਂਝਲਾ ਅਤੇ ਰੰਗੀਆਂ ਸਬ ਡਵੀਜ਼ਨ ਮੀਟਿੰਗ ਕਾਂਝਲਾ ਗਰਿੱਡ ਵਿਖੇ ਜਥੇਬੰਦੀ ਦੇ ਸਰਕਲ ਮੀਤ ਪ੍ਰਧਾਨ ਮਨਜੀਤ ਸਿੰਘ ਲੱਡਾ, ਜਥੇਬੰਦੀ ਦੇ ਸਟੇਟ ਮੀਤ ਪ੍ਰਧਾਨ ਨਪਿੰਦਰ ਸਿੰਘ ਕਾਂਝਲਾ ਦੀ ਪ੍ਰਧਾਨਗੀ ਹੋਈ। ਜਿਸ ਵਿੱਚ ਨਵੇਂ ਅਹੁਦੇਦਾਰਾਂ ਦੀ ਸਰਬ ਸੰਮਤੀ ਨਾਲ ਚੋਣ ਕੀਤੀ ਗਈ। ਜਿਸ ਵਿੱਚ ਕੁਲਦੀਪ ਸਿੰਘ ਰਾਜੋਮਾਜਰਾ , ਸੰਦੀਪ ਸਿੰਘ ਲੱਡਾ ਸੀਨੀਅਰ ਮੀਤ ਪ੍ਰਧਾਨ ਜਰਨਲ ਸਕੱਤਰ ਤਰਸੇਮ ਸਿੰਘ ਫੌਜੀ ਤਰਸੇਮ ਸਿੰਘ ਫੌਜੀ ਸੁਖਬੀਰ ਪ੍ਰਧਾਨ ਸੁਖਬੀਰ ਸਿੰਘ ਖੁਸ਼ਹਾਲ ਨੋਨੀ ਖਜਾਨਚੀ ਅਮਨਦੀਪ ਸਿੰਘ ਬੰਟੀ ਪੁੰਨਾਵਾਲ ਮੁੱਖ ਸਲਾਹਕਾਰ, ਜੀਤਪਾਲ ਜੇਪੀ ਪ੍ਰੈਸ ਸਕੱਤਰ , ਸੁਖਬੀਰ ਸਿੰਘ ਲੱਡਾ ਸਕੱਤਰ, ਗੁਰਤੇਜ ਸਿੰਘ ਫੌਜੀ ਸਲਾਹਕਾਰ ਜਥੇਬੰਦੀ ਦੇ ਅਹੁਦੇਦਾਰ ਚੁਣੇ ਗਏ। ਇਸ ਮੌਕੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਉੱਘੇ ਸਮਾਜ ਸੇਵੀ ਨਪਿੰਦਰ ਸਿੰਘ ਕਾਂਝਲਾ, ਦਵਿੰਦਰ ਸਿੰਘ ਪੁੰਨਾਵਾਲ ਨੇ ਕਿਹਾ ਕਿ ਅੱਜ ਪੰਜਾਬ ਦਾ ਸਮੁੱਚਾ ਮੁਲਾਜਮ ਵਰਗ ਆਪਣੀਆਂ ਜਾਇਜ ਅਤੇ ਹੱਕੀ ਮੰਗਾਂ ਲਈ ਸਾਂਝੇ ਸੰਘਰਸ਼ ਪ੍ਰੋਗਰਾਮਾਂ ਵਿੱਚ ਵੱਡੇ ਪੱਧਰ ਤੇ ਸ਼ਮੂਲੀਅਤ ਕਰ ਰਿਹਾ ਹੈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਮਨਜੀਤ ਸਿੰਘ ਲੱਡਾ ਨੇ ਕਿਹਾ ਕਿ ਆਈ ਟੀ ਆਈ ਇਪਲਾਈਜ ਐਸੋਸੀਏਸ਼ਨ ਹਮੇਸ਼ਾਂ ਸਮੁੱਚੇ ਮੁਲਾਜਮ ਵਰਗ ਦੀਆਂ ਮੁਸਕਲਾਂ ਦੇ ਹੱਲ ਲਈ ਤੱਤਪਰ ਰਹਿੰਦੀਆਂ ਹਨ ਅਤੇ 2004 ਬੰਦ ਪਈ ਪੁਰਾਣੀ ਪੈਨਸ਼ਨ ਸਕੀਮ ਨੂੰ ਲਾਗੂ ਕੀਤਾ ਜਾਵੇ । ਇਸ ਮੌਕੇ ਮਨਦੀਪ ਕੌਰ ,ਹਰਵਿੰਦਰ ਸਿੰਘ ,ਜੈਸੀਨ ਖਾਨ, ਚਮਕੌਰ ਸਿੰਘ ਜੱਸੀ ਕਹੇਰੂ ,ਕੁਲਦੀਪ ਭਲਵਾਨ, ਸਤਿਨਾਮੁ ਸਿੰਘ ,ਮੈਡਮ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਭਾਰਤ ਨੂੰ ਅੰਧਵਿਸ਼ਵਾਸ, ਪਖੰਡਵਾਦ ਅਤੇ ਢੌਂਗ ਤੋਂ ਮੁਕਤ ਕਰਵਾਉਣ ਦੀ ਲੋੜ ਹੈ !

## ਸਿਆਸਤਦਾਨਾਂ ਦੀ ਜਵਾਬਦੇਹੀ ਤੈਅ ਕਰੋ, ਵਿਗਿਆਨਕ ਸੋਚ ਅਪਣਾਓ, ਸੰਵਿਧਾਨ ਬਚਾਓ !



ਅੱਜ ਭਾਰਤ ਸਾਹਮਣੇ ਇੱਕ ਬਹੁਤ ਹੀ ਗੰਭੀਰ ਸਵਾਲ ਖੜ੍ਹਾ ਹੈ ਕਿ ਕੀ ਸਾਡਾ ਦੇਸ਼ ਸਿੱਖਿਆ, ਵਿਗਿਆਨਕ ਸੋਚ, ਰੁਜ਼ਗਾਰ, ਸਿਹਤ ਅਤੇ ਸਮਾਜਿਕ ਬਰਾਬਰੀ ਦੇ ਰਾਹ ’ਤੇ ਅੱਗੇ ਵਧ ਰਿਹਾ ਹੈ ਜਾਂ ਅਸੀਂ ਅੰਧਵਿਸ਼ਵਾਸ, ਪਖੰਡਵਾਦ, ਜਾਤੀਵਾਦ ਅਤੇ ਧਾਰਮਿਕ ਕੱਟੜਤਾ ਦੇ ਚੱਕਰ ਵਿੱਚ ਫਸਦੇ ਜਾ ਰਹੇ ਹਾਂ?

ਅਫ਼ਸੋਸ ਦੀ ਗੱਲ ਹੈ ਕਿ ਦੇਸ਼ ਦੀਆਂ ਕੁਝ ਰਾਜਨੀਤਿਕ ਤਾਕਤਾਂ ਲੋਕਾਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਆਪਣੇ ਸਿਆਸੀ ਹਿੱਤਾਂ ਲਈ ਵਰਤਦੀਆਂ ਹਨ। ਲੋਕਾਂ ਦੀਆਂ ਅਸਲ ਸਮੱਸਿਆਵਾਂ—ਗਰੀਬੀ, ਬੇਰੁਜ਼ਗਾਰੀ, ਮਹਿੰਗਾਈ, ਨਸ਼ੇ, ਭ੍ਰਿਸ਼ਟਾਚਾਰ, ਸਿੱਖਿਆ ਅਤੇ ਸਿਹਤ ਸਹੂਲਤਾਂ—ਉੱਤੇ ਗੰਭੀਰ ਚਰਚਾ ਕਰਨ ਦੀ ਬਜਾਏ ਕਈ ਵਾਰ ਅਜਿਹੇ ਮੁੱਦਿਆਂ ਨੂੰ ਹਵਾ ਦਿੱਤੀ ਜਾਂਦੀ ਹੈ, ਜਿਹੜੇ ਸਮਾਜ ਨੂੰ ਆਪਸ ਵਿੱਚ ਵੰਡਦੇ ਹਨ।

**ਪਰ ਸਵਾਲ ਇਹ ਹੈ ਕਿ ਕੀ ਧਾਰਮਿਕ ਨਾਅਰਿਆਂ ਨਾਲ ਗਰੀਬੀ ਦੂਰ ਹੋ ਸਕਦੀ ਹੈ? ਕੀ ਅੰਧਵਿਸ਼ਵਾਸ ਨਾਲ ਬੇਰੁਜ਼ਗਾਰ ਨੌਜਵਾਨਾਂ ਨੂੰ ਨੌਕਰੀਆਂ ਮਿਲ ਸਕਦੀਆਂ ਹਨ? ਕੀ ਪਖੰਡਵਾਦ ਨਾਲ ਬਿਮਾਰ ਲੋਕਾਂ ਦਾ ਇਲਾਜ ਹੋ ਸਕਦਾ ਹੈ? ਕੀ ਜਾਤੀਵਾਦ ਨਾਲ ਸਮਾਜ ਵਿੱਚ ਬਰਾਬਰੀ ਸਥਾਪਿਤ ਹੋ ਸਕਦੀ ਹੈ?**

ਇਨ੍ਹਾਂ ਸਵਾਲਾਂ ਦੇ ਜਵਾਬ ਸਾਨੂੰ ਆਪਣੀ ਜ਼ਮੀਰ, ਤਰਕ ਅਤੇ ਵਿਗਿਆਨਕ ਸੋਚ ਨਾਲ ਲੱਭਣੇ ਪੈਣਗੇ।

?? ਧਰਮ ਦੇ ਨਾਂ ’ਤੇ ਸਿਆਸਤ ਅਤੇ ਲੋਕਾਂ ਦੀ ਜਵਾਬਦੇਹੀ

ਕਿਸੇ ਵੀ ਵਿਅਕਤੀ ਨੂੰ ਆਪਣੇ ਧਰਮ, ਵਿਸ਼ਵਾਸ ਅਤੇ ਪੂਜਾ-ਪਾਠ ਦੀ ਆਜ਼ਾਦੀ ਹੋਣੀ ਚਾਹੀਦੀ ਹੈ। ਪਰ ਜਦੋਂ ਧਰਮ ਨੂੰ ਨਫ਼ਰਤ ਫੈਲਾਉਣ, ਲੋਕਾਂ ਨੂੰ ਵੰਡਣ, ਅੰਧਵਿਸ਼ਵਾਸ ਵਧਾਉਣ ਜਾਂ ਸਿਆਸੀ ਲਾਭ ਲੈਣ ਲਈ ਵਰਤਿਆ ਜਾਂਦਾ ਹੈ, ਤਾਂ ਹਰ ਜਾਗਰੂਕ ਨਾਗਰਿਕ ਦਾ ਫ਼ਰਜ਼ ਬਣਦਾ ਹੈ ਕਿ ਉਹ ਸਵਾਲ ਪੁੱਛੇ।

ਲੋਕਤੰਤਰ ਵਿੱਚ ਸਰਕਾਰਾਂ ਦਾ ਮੁਲਾਂਕਣ ਉਨ੍ਹਾਂ ਦੇ ਕੰਮਾਂ ਨਾਲ ਹੋਣਾ ਚਾਹੀਦਾ ਹੈ—ਕਿੰਨੇ ਸਕੂਲ ਸੁਧਰੇ, ਕਿੰਨੇ ਹਸਪਤਾਲ ਬਣੇ, ਕਿੰਨੇ ਨੌਜਵਾਨਾਂ ਨੂੰ ਰੁਜ਼ਗਾਰ ਮਿਲਿਆ, ਔਰਤਾਂ ਕਿੰਨੀਆਂ ਸੁਰੱਖਿਅਤ ਹੋਈਆਂ ਅਤੇ ਗਰੀਬਾਂ ਨੂੰ ਕਿੰਨਾ ਇਨਸਾਫ਼ ਮਿਲਿਆ।

ਆਵਾਜ਼ਿ ਕੌਮ AWAZE QAUM International Newspaper & WEB TV

ਸਿਆਸੀ ਆਗੂਆਂ ਨੂੰ ਵੀ ਲੋਕਾਂ ਦੇ ਇਨ੍ਹਾਂ ਸਵਾਲਾਂ ਦੇ ਜਵਾਬ ਦੇਣੇ ਚਾਹੀਦੇ ਹਨ।

?? ਅੰਧਵਿਸ਼ਵਾਸ ਨਹੀਂ, ਵਿਗਿਆਨਕ ਸੋਚ ਚਾਹੀਦੀ ਹੈ

ਵਿਗਿਆਨਕ ਸੋਚ ਦਾ ਮਤਲਬ ਹੈ ਕਿਸੇ ਵੀ ਦਾਅਵੇ ਨੂੰ ਬਿਨਾਂ ਜਾਂਚੇ ਸੱਚ ਨਾ ਮੰਨਣਾ, ਸਬੂਤਾਂ ਦੇ ਆਧਾਰ ’ਤੇ ਵਿਚਾਰ ਕਰਨਾ ਅਤੇ ਲੋੜ ਪੈਣ ’ਤੇ ਆਪਣੇ ਵਿਚਾਰ ਬਦਲਣ ਲਈ ਤਿਆਰ ਰਹਿਣਾ।

ਬਿਮਾਰੀ ਦਾ ਇਲਾਜ ਵਿਗਿਆਨਕ ਤਰੀਕਿਆਂ ਨਾਲ ਹੋਣਾ ਚਾਹੀਦਾ ਹੈ। ਬੱਚਿਆਂ ਨੂੰ ਤਰਕਸ਼ੀਲ ਸਿੱਖਿਆ ਮਿਲਣੀ ਚਾਹੀਦੀ ਹੈ। ਔਰਤਾਂ ਅਤੇ ਪੁਰਸ਼ਾਂ ਨੂੰ ਬਰਾਬਰ ਅਧਿਕਾਰ ਮਿਲਣੇ ਚਾਹੀਦੇ ਹਨ। ਕਿਸੇ ਵੀ ਮਨੁੱਖ ਨੂੰ ਜਾਤ, ਧਰਮ, ਲਿੰਗ ਜਾਂ ਜਨਮ ਦੇ ਆਧਾਰ ’ਤੇ ਨੀਵਾਂ ਨਹੀਂ ਸਮਝਣਾ ਚਾਹੀਦਾ।

ਭਾਰਤੀ ਸੰਵਿਧਾਨ ਦੇ **ਅਨੁਛੇਦ 51ਏ(ਐੱਚ)** ਅਨੁਸਾਰ ਹਰ ਨਾਗਰਿਕ ਦਾ ਬੁਨਿਆਦੀ ਫ਼ਰਜ਼ ਹੈ ਕਿ ਉਹ ਵਿਗਿਆਨਕ ਸੋਚ, ਮਨੁੱਖਤਾਵਾਦ ਅਤੇ ਜਾਂਚ-ਪੜਤਾਲ ਤੇ ਸੁਧਾਰ ਦੀ ਭਾਵਨਾ ਵਿਕਸਿਤ ਕਰੇ।

ਇਹ ਸਿਰਫ਼ ਕਿਤਾਬਾਂ ਵਿੱਚ ਲਿਖਿਆ ਵਿਚਾਰ ਨਹੀਂ, ਸਗੋਂ ਇੱਕ ਆਧੁਨਿਕ ਅਤੇ ਤਰੱਕੀਸ਼ੀਲ ਸਮਾਜ ਦੀ ਬੁਨਿਆਦ ਹੈ।

ਜਾਤੀਵਾਦ ਅਤੇ ਸਮਾਜਿਕ ਅਸਮਾਨਤਾ ਵਿਰੁੱਧ ਜਾਗਰੂਕ ਹੋਵੋ

ਜਦੋਂ ਕਿਸੇ ਮਨੁੱਖ ਦੀ ਯੋਗਤਾ ਦੀ ਬਜਾਏ ਉਸ ਦੀ ਜਾਤ ਨੂੰ ਮਹੱਤਵ ਦਿੱਤਾ ਜਾਂਦਾ ਹੈ, ਜਦੋਂ ਕਿਸੇ ਬੱਚੇ ਨੂੰ ਉਸ ਦੇ ਜਨਮ ਕਾਰਨ ਹੀਣ ਸਮਝਿਆ ਜਾਂਦਾ ਹੈ ਜਾਂ ਜਦੋਂ ਕਿਸੇ ਵਿਅਕਤੀ ਨੂੰ ਬਰਾਬਰ ਦੇ ਮੌਕਿਆਂ ਤੋਂ ਵਾਂਝਾ ਰੱਖਿਆ ਜਾਂਦਾ ਹੈ, ਤਾਂ ਇਹ ਸਮਾਜਿਕ ਨਿਆਂ ਦੇ ਸਿਧਾਂਤਾਂ ਦੇ ਵਿਰੁੱਧ ਹੈ।

ਸਾਨੂੰ ਮਹਾਤਮਾ ਜੋਤੀਬਾ ਫੂਲੇ, ਮਾਤਾ ਸਾਵਿਤਰੀਬਾਈ ਫੂਲੇ, ਛੱਤਰਪਤੀ ਸ਼ਾਹੂ ਜੀ ਮਹਾਰਾਜ, ਪੇਰੀਆਰ ਅਤੇ ਬਾਬਾ ਸਾਹਿਬ ਡਾ. ਬੀ. ਆਰ. ਅੰਬੇਡਕਰ ਵਰਗੇ ਮਹਾਨ ਸਮਾਜ ਸੁਧਾਰਕਾਂ ਦੇ ਸਿੱਖਿਆ, ਬਰਾਬਰੀ, ਤਰਕ ਅਤੇ ਮਨੁੱਖੀ ਅਧਿਕਾਰਾਂ ਦੇ ਸੰਦੇਸ਼ਾਂ ਤੋਂ ਪ੍ਰੇਰਨਾ ਲੈਣੀ ਚਾਹੀਦੀ ਹੈ।

**ਸਮਾਜ ਦੀ ਅਸਲ ਤਰੱਕੀ ਉਦੋਂ ਹੋਵੇਗੀ, ਜਦੋਂ ਹਰ ਬੱਚੇ ਨੂੰ ਸਿੱਖਿਆ, ਹਰ ਨੌਜਵਾਨ ਨੂੰ ਮੌਕਾ, ਹਰ ਔਰਤ ਨੂੰ ਸਨਮਾਨ ਅਤੇ ਹਰ ਨਾਗਰਿਕ ਨੂੰ ਬਰਾਬਰ ਦੇ ਅਧਿਕਾਰ ਮਿਲਣਗੇ।**

ਜਾਗਰੂਕ ਵੋਟਰ ਹੀ ਮਜ਼ਬੂਤ ਲੋਕਤੰਤਰ ਦੀ ਨੀਂਹ ਹੈ

ਸਾਨੂੰ ਕਿਸੇ ਵੀ ਰਾਜਨੀਤਿਕ ਪਾਰਟੀ ਜਾਂ ਆਗੂ ਨੂੰ ਅੰਨ੍ਹੇਵਾਹ ਸਮਰਥਨ ਨਹੀਂ ਦੇਣਾ ਚਾਹੀਦਾ। ਹਰ ਪਾਰਟੀ ਦੇ ਚੋਣ ਮਨੋਰਥ ਪੱਤਰ, ਪਿਛਲੇ ਕੰਮਾਂ, ਵਾਅਦਿਆਂ ਅਤੇ ਨੀਤੀਆਂ ਦੀ ਜਾਂਚ ਕਰਨੀ ਚਾਹੀਦੀ ਹੈ।

ਸਵਾਲ ਪੁੱਛਣਾ ਦੇਸ਼ ਵਿਰੋਧੀ ਹੋਣਾ ਨਹੀਂ ਹੈ। ਸਰਕਾਰ ਦੀ ਆਲੋਚਨਾ ਕਰਨਾ ਲੋਕਤੰਤਰ ਦਾ ਹਿੱਸਾ ਹੈ। ਆਪਣੇ ਹੱਕਾਂ ਦੀ ਮੰਗ ਕਰਨਾ ਹਰ ਨਾਗਰਿਕ ਦਾ ਅਧਿਕਾਰ ਹੈ।

ਸਾਨੂੰ ਅਜਿਹੀ ਰਾਜਨੀਤੀ ਦੀ ਮੰਗ ਕਰਨੀ ਚਾਹੀਦੀ ਹੈ ਜੋ ਸਿੱਖਿਆ, ਰੁਜ਼ਗਾਰ, ਸਿਹਤ, ਸਮਾਜਿਕ ਨਿਆਂ, ਭ੍ਰਿਸ਼ਟਾਚਾਰ ਵਿਰੁੱਧ ਕਾਰਵਾਈ ਅਤੇ ਸੰਵਿਧਾਨਕ ਅਧਿਕਾਰਾਂ ਨੂੰ ਤਰਜੀਹ ਦੇਵੇ।

ਆਓ, ਇੱਕ ਨਵੇਂ ਭਾਰਤ ਦੀ ਨੀਂਹ ਰੱਖੀਏ!

ਅਜਿਹਾ ਭਾਰਤ ਜਿੱਥੇ ਕਿਸੇ ਨੂੰ ਅੰਧਵਿਸ਼ਵਾਸ ਦੇ ਆਸਰੇ ਆਪਣਾ ਭਵਿੱਖ ਨਾ ਬਣਾਉਣਾ ਪਵੇ; ਜਿੱਥੇ ਗਰੀਬੀ ਨੂੰ ਕਿਸਮਤ ਦਾ ਲਿਖਿਆ ਮੰਨ ਕੇ ਸਵੀਕਾਰ ਨਾ ਕੀਤਾ ਜਾਵੇ; ਜਿੱਥੇ ਜਾਤੀ ਦੇ ਆਧਾਰ ’ਤੇ ਕਿਸੇ ਨਾਲ ਵਿਤਕਰਾ ਨਾ ਹੋਵੇ; ਜਿੱਥੇ ਸਿੱਖਿਆ ਅਤੇ ਸਿਹਤ ਹਰ ਵਿਅਕਤੀ ਦੀ ਪਹੁੰਚ ਵਿੱਚ ਹੋਣ; ਅਤੇ ਜਿੱਥੇ ਸੱਤਾ ਵਿੱਚ ਬੈਠੇ ਹਰ ਵਿਅਕਤੀ ਨੂੰ ਜਨਤਾ ਦੇ ਸਵਾਲਾਂ ਦਾ ਜਵਾਬ ਦੇਣਾ ਪਵੇ।

ਯਾਦ ਰੱਖੋ, ਦੇਸ਼ ਨੂੰ ਬਦਲਣ ਲਈ ਸਿਰਫ਼ ਸਰਕਾਰਾਂ ਬਦਲਣਾ ਕਾਫ਼ੀ ਨਹੀਂ। ਸਾਨੂੰ ਆਪਣੀ ਸੋਚ, ਸਮਾਜਿਕ ਵਿਹਾਰ ਅਤੇ ਲੋਕਤੰਤਰੀ ਜ਼ਿੰਮੇਵਾਰੀ ਨੂੰ ਵੀ ਬਦਲਣਾ ਪਵੇਗਾ।

ਜਾਗੋ ਭਾਰਤ, ਜਾਗੋ!

- ☛ ਅੰਧਵਿਸ਼ਵਾਸ ਭਜਾਓ, ਵਿਗਿਆਨਕ ਸੋਚ ਅਪਣਾਓ!
- ☛ ਪਖੰਡਵਾਦ ਛੱਡੋ, ਤਰਕ ਅਤੇ ਸੱਚ ਦਾ ਸਾਥ ਦਿਓ!
- ☛ ਜਾਤੀਵਾਦ ਮਿਟਾਓ, ਮਨੁੱਖੀ ਬਰਾਬਰੀ ਲਿਆਓ!
- ☛ ਸਿੱਖਿਆ, ਰੁਜ਼ਗਾਰ ਅਤੇ ਸਿਹਤ ਨੂੰ ਪਹਿਲ ਦਿਓ!
- ☛ ਸੰਵਿਧਾਨ ਬਚਾਓ, ਲੋਕਤੰਤਰ ਮਜ਼ਬੂਤ ਬਣਾਓ!
- ☛ ਮਨੁੱਖਤਾ ਸਭ ਤੋਂ ਉੱਪਰ—ਇਨਸਾਨੀਅਤ ਹੀ ਸਾਡੀ ਅਸਲ ਪਹਿਚਾਣ!

ਜੈ ਭੀਮ! ਜੈ ਸੰਵਿਧਾਨ! ਜੈ ਭਾਰਤ!

**-ਡਾਕਟਰ ਜਗਜੀਵਨ ਸਿੰਘ ਸ਼ੇਰਪੁਰ ਪ੍ਰਧਾਨ ਮਾਤਾ ਚੰਦ ਕੌਰ ਯਾਦਗਾਰੀ ਟਰੱਸਟ ਰਜਿਸਟਰਡ ਸ਼ੇਰਪੁਰ ਜ਼ਿਲ੍ਹਾ ਸੰਗਰੂਰ ਪੰਜਾਬ।**

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਸ਼ਹੀਦ ਬਾਬਾ ਦੀਪ ਸਿੰਘ ਜੀ ਪਬਲਿਕ ਹਾਈ ਸਕੂਲ, ਮਹਿਸਮਪੁਰ ਦੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੇ

# ਖਾਲਸਾ ਅਕੈਡਮੀ ਮਹਿਤਾ ਵਿਖੇ ਸੀਬੀਐਸਈ ਨੈਸ਼ਨਲ ਹਾਕੀ ਚੈਂਪੀਅਨਸ਼ਿਪ ਦੇ ਮੈਚਾਂ ਦਾ ਮਾਣਿਆ ਆਨੰਦ



**ਚੌਕ ਮਹਿਤਾ,12 ਅਕਤੂਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ, ਮੁਖੀ ਦਮਦਮੀ ਟਕਸਾਲ ਦੀ ਸਰਪ੍ਰਸਤੀ ਹੇਠ ਚੱਲ ਰਹੇ ਵਿਦਿਅਕ ਅਦਾਰਿਆਂ ਵਿੱਚੋਂ ਨਵੇਂ ਵਿਦਿਅਕ ਅਦਾਰੇ ਸ਼ਹੀਦ ਬਾਬਾ ਦੀਪ ਸਿੰਘ ਜੀ ਪਬਲਿਕ ਹਾਈ ਸਕੂਲ, ਮਹਿਸਮਪੁਰ ਦੇ ਵਿਦਿਆਰਥੀ ਅਤੇ ਅਧਿਆਪਕ ਖਾਲਸਾ ਅਕੈਡਮੀ ਵਿਖੇ ਚੱਲ ਰਹੀ ਲੜਕੀਆਂ ਦੀ ਸੀਬੀਐਸਈ ਨੈਸ਼ਨਲ ਹਾਕੀ ਚੈਂਪੀਅਨਸ਼ਿਪ ਦੇ ਮੈਚ ਦੇਖਣ ਪਹੁੰਚੇ। ਇਸ ਮੌਕੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਪੂਰੇ ਭਾਰਤ ਵਿੱਚੋਂ ਚੈਂਪੀਅਨਸ਼ਿਪ ਵਿੱਚ ਭਾਗ ਲੈਣ ਲਈ ਪਹੁੰਚੀਆਂ ਵੱਖ-ਵੱਖ ਸਕੂਲਾਂ ਦੀਆਂ ਹਾਕੀ ਟੀਮਾਂ ਨਾਲ ਮੁਲਾਕਾਤ ਕੀਤੀ ਅਤੇ ਖਿਡਾਰੀਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ। ਇਸ ਦੌਰਾਨ ਵਿਦਿਆਰਥੀਆਂ ਨੇ ਖਿਡਾਰੀਆਂ ਦੇ ਸ਼ਾਨਦਾਰ ਖੇਡ ਪ੍ਰਦਰਸ਼ਨ ਨੂੰ ਨੇੜਿਓਂ ਦੇਖਿਆ ਅਤੇ ਵੱਖ-ਵੱਖ ਟੀਮਾਂ ਵਿਚਕਾਰ ਹੋਏ ਰੋਮਾਂਚਕ ਮੈਚਾਂ ਦਾ ਖੂਬ ਆਨੰਦ ਮਾਣਿਆ। ਇਸ ਮੌਕੇ ਵਿਦਿਆਰਥੀਆਂ ਨੂੰ ਰਾਸ਼ਟਰੀ ਪੱਧਰ ਦੇ ਖੇਡ ਮੁਕਾਬਲਿਆਂ ਅਤੇ ਖਿਡਾਰੀਆਂ ਦੀ ਮਿਹਨਤ, ਲਗਨ ਤੇ ਅਨੁਸ਼ਾਸਨ ਨੂੰ ਸਮਝਣ ਦਾ ਮੌਕਾ ਮਿਲਿਆ। ਸਕੂਲ ਪ੍ਰਿੰਸੀਪਲ ਨੇ ਕਿਹਾ ਕਿ ਅਜਿਹੇ ਰਾਸ਼ਟਰੀ ਪੱਧਰ ਦੇ ਖੇਡ ਮੁਕਾਬਲੇ ਵਿਦਿਆਰਥੀਆਂ ਲਈ ਪ੍ਰੇਰਨਾ ਦਾ ਸਰੋਤ ਹੁੰਦੇ ਹਨ। ਇਨ੍ਹਾਂ ਰਾਹੀਂ ਵਿਦਿਆਰਥੀਆਂ ਨੂੰ ਖੇਡਾਂ ਪ੍ਰਤੀ ਰੁਚੀ ਪੈਦਾ ਕਰਨ, ਅਨੁਸ਼ਾਸਨ ਅਪਣਾਉਣ, ਟੀਮ ਭਾਵਨਾ ਵਿਕਸਿਤ ਕਰਨ ਅਤੇ ਆਪਣੇ ਜੀਵਨ ਵਿੱਚ ਮਿਹਨਤ ਤੇ ਲਗਨ ਨਾਲ ਅੱਗੇ ਵਧਣ ਦੀ ਪ੍ਰੇਰਨਾ ਮਿਲਦੀ ਹੈ। ਉਨ੍ਹਾਂ ਕਿਹਾ ਕਿ ਖੇਡਾਂ ਵਿਦਿਆਰਥੀਆਂ ਦੇ ਸਰੀਰਕ ਅਤੇ ਮਾਨਸਿਕ ਵਿਕਾਸ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ। ਇਸ ਮੌਕੇ ਹੋਰ ਹਾਜ਼ਰ ਸ਼ਖਸੀਅਤਾਂ ਵਿੱਚ ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ, ਪ੍ਰਿੰਸੀਪਲ ਹਰਜੋਤ ਸਿੰਘ, ਪ੍ਰਿੰਸੀਪਲ ਗੁਰਦੀਪ ਸਿੰਘ, ਹਾਕੀ ਕੋਚ ਬਲਜਿੰਦਰ ਸਿੰਘ, ਮਨਦੀਪ ਕੌਰ ਮੈਡਮ,ਮੈਡਮ ਸੁਖਵੰਤ ਕੌਰ, ਮੈਡਮ ਕਿਰਨ, ਸਮੇਤ ਸਮੂਹ ਸਕੂਲ ਸਟਾਫ ਮੌਜੂਦ ਸੀ।

### ਬਜ਼ੁਰਗ ਆਸ਼ਰਮਾਂ ਦੀ ਵਧਦੀ ਗਿਣਤੀ

# ਚਿੰਤਾ ਦਾ ਵਿਸ਼ਾ: ਪਰਮਜੀਤ ਸਿੰਘ ਪੰਮਾ



### ਨੈਸ਼ਨਲ ਅਕਾਲੀ ਦਲ ਵੱਲੋਂ ਪੀਰਾਗੜ੍ਹੀ ਸਥਿਤ ਸੇਵਾ ਧਾਮ ਬਜ਼ੁਰਗ ਆਸ਼ਰਮ ਵਿੱਚ ਕੀਤੀ ਗਈ ਲੰਗਰ ਸੇਵਾ

**ਨਵੀਂ ਦਿੱਲੀ 12 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ)**:- ਨੈਸ਼ਨਲ ਅਕਾਲੀ ਦਲ ਵੱਲੋਂ ਪੀਰਾਗੜ੍ਹੀ ਸਥਿਤ ਸੇਵਾ ਧਾਮ ਬਜ਼ੁਰਗ ਆਸ਼ਰਮ ਵਿੱਚ ਲੰਗਰ ਸੇਵਾ ਕੀਤੀ ਗਈ। ਇਸ ਦੌਰਾਨ ਬਜ਼ੁਰਗਾਂ ਨੂੰ ਭੋਜਨ, ਧਾਰਮਿਕ ਪੁਸਤਕਾਂ ਅਤੇ ਖਾਣ-ਪੀਣ ਦੀ ਸਮੱਗਰੀ ਵੰਡੀ ਗਈ। ਪਾਰਟੀ ਦੇ ਕੌਮੀ ਪ੍ਰਧਾਨ ਪਰਮਜੀਤ ਸਿੰਘ ਪੰਮਾ ਨੇ ਬਜ਼ੁਰਗਾਂ ਨਾਲ ਸਮਾਂ ਬਿਤਾ ਕੇ ਉਨ੍ਹਾਂ ਦਾ ਹਾਲ-ਚਾਲ ਜਾਣਿਆ। ਪਰਮਜੀਤ ਸਿੰਘ ਪੰਮਾ ਨੇ ਕਿਹਾ ਕਿ ਬਜ਼ੁਰਗ ਆਸ਼ਰਮਾਂ ਦੀ ਵਧਦੀ ਗਿਣਤੀ ਸਮਾਜ ਲਈ ਚਿੰਤਾ ਦਾ ਵਿਸ਼ਾ ਹੈ। ਜਿਨ੍ਹਾਂ ਮਾਪਿਆਂ ਨੇ ਆਪਣੀ ਸਾਰੀ ਜ਼ਿੰਦਗੀ ਬੱਚਿਆਂ ਦੀ ਪਰਵਰਿਸ਼ ਅਤੇ ਉਨ੍ਹਾਂ ਦਾ ਭਵਿੱਖ ਬਣਾਉਣ ਵਿੱਚ ਲਗਾ ਦਿੱਤਾ, ਉਨ੍ਹਾਂ ਨੂੰ ਬੁਢਾਪੇ ਵਿੱਚ ਇਕੱਲਾਪਣ ਜਾਂ ਆਸ਼ਰਮ ਦਾ ਸਹਾਰਾ ਲੈਣਾ ਪਵੇ, ਇਹ ਸਾਰੇ ਸਮਾਜ ਲਈ ਆਤਮ-ਮੰਥਨ ਦਾ ਵਿਸ਼ਾ ਹੈ। ਉਨ੍ਹਾਂ ਕਿਹਾ ਕਿ ਮਾਪੇ ਬੋਝ ਨਹੀਂ, ਸਗੋਂ ਸਾਡੀ ਜ਼ਿੰਦਗੀ ਦੀ ਸਭ ਤੋਂ ਵੱਡੀ ਧਰੋਹਰ ਹਨ। ਬੱਚਿਆਂ ਨੂੰ ਆਪਣੇ ਮਾਪਿਆਂ ਦੀ ਸੇਵਾ ਕਰਨ ਦੇ ਨਾਲ-ਨਾਲ ਉਨ੍ਹਾਂ ਨੂੰ ਪਿਆਰ, ਸਤਿਕਾਰ ਅਤੇ ਸਮਾਂ ਵੀ ਦੇਣਾ ਚਾਹੀਦਾ ਹੈ। ਸੋਸ਼ਲ ਮੀਡੀਆ ’ਤੇ ਸਾਹਮਣੇ ਆਈ ਇੱਕ ਘਟਨਾ ਦਾ ਹਵਾਲਾ ਦਿੰਦਿਆਂ ਪੰਮਾ ਨੇ ਕਿਹਾ ਕਿ ਜੇਕਰ ਬੱਚੇ ਮਾਪਿਆਂ ਦੇ ਅੰਤਿਮ ਸਮੇਂ ਅਤੇ ਅੰਤਿਮ ਸੰਸਕਾਰ ਲਈ ਵੀ ਸਮਾਂ ਨਹੀਂ ਕੱਢ ਸਕਦੇ ਤਾਂ ਇਹ ਪਰਿਵਾਰਕ ਕਦਰਾਂ-ਕੀਮਤਾਂ ਲਈ ਗੰਭੀਰ ਚਿੰਤਾ ਦੀ ਗੱਲ ਹੈ। ਇਸ ਮੌਕੇ ਰੇਨੂ ਲੂਥਰਾ, ਵਿਕਰਾਂਤ ਮੋਹਨ, ਭਾਵਨਾ ਧਵਨ, ਰਸ਼ਮੀਤ ਕੌਰ ਬਿੰਦਰਾ, ਕੁਲਦੀਪ ਸਿੰਘ ਮਾਰਵਾਹ, ਵਰਿੰਦਰ ਆਰਿਆ ਸਮੇਤ ਨੈਸ਼ਨਲ ਅਕਾਲੀ ਦਲ ਦੇ ਕਈ ਆਗੂ ਅਤੇ ਵਰਕਰ ਹਾਜ਼ਰ ਸਨ। ਪੰਮਾ ਨੇ ਕਿਹਾ ਕਿ ਪਾਰਟੀ ਵੱਲੋਂ ਭਵਿੱਖ ਵਿੱਚ ਵੀ ਸਮਾਜ ਸੇਵਾ ਦੇ ਕਾਰਜ ਜਾਰੀ ਰੱਖੇ ਜਾਣਗੇ।

# ਸਮਾਜਿਕ ਚੇਤਨਾ ਸਮਾਰੋਹ 14 ਅਕਤੂਬਰ ਨੂੰ



**ਧੂਰੀ (ਰਣਜੀਤ ਸਿੰਘ ਪੇਧਨੀ)**-ਸੂਬਾ ਪੱਧਰੀ ਸਮਾਜ ਸੇਵੀ ਜਥੇਬੰਦੀ “ਸਭੋ ਸਾਂਝੀਵਾਲ ਸੰਸਥਾ” (ਰਜਿ:) ਵੱਲੋਂ ਆਪਣੇ ਸਮਾਗਮਾਂ ਦੀ ਲੜੀ ਨੂੰ ਅੱਗੇ ਤੋਰਦਿਆਂ 14 ਅਕਤੂਬਰ 2026 ਦਿਨ ਬੁੱਧਵਾਰ ਨੂੰ ਸਰਕਾਰੀ ਕੰਨਿਆਂ ਸੀਨੀਅਰ ਸੈਕੰਡਰੀ ਸਕੂਲ ਧੂਰੀ ਜਿਲ੍ਹਾ ਸੰਗਰੂਰ ਵਿਖੇ ਠੀਕ 12 ਵਜੇ ਸਮਾਜਿਕ ਚੇਤਨਾ ਦਿਵਸ ਮਨਾਇਆ ਜਾ ਰਿਹਾ ਹੈ ਜਿਹੜਾ ਕਿ ਸੰਸਥਾ ਦੇ ਬਾਨੀ ਮੈਂਬਰਾਂ ਵਿੱਚੋਂ ਇੱਕ ਅਤੇ ਮੌਜੂਦਾ ਜਨਰਲ ਸਕੱਤਰ ਮੂਲ ਚੰਦ ਸ਼ਰਮਾ ਦੇ ਜਨਮ ਦਿਹਾੜੇ ਨੂੰ ਸਮਰਪਿਤ ਹੋਵੇਗਾ। ਪ੍ਰੈੱਸ ਨਾਲ਼ ਇਹ ਜਾਣਕਾਰੀ ਸਾਂਝੀ ਕਰਦਿਆਂ ਜਿਲ੍ਹਾ ਕਨਵੀਨਰ ਗੁਰੀ ਚੰਦੜ ਸੰਗਰੂਰ ਨੇ ਦੱਸਿਆ ਕਿ ਨਿਊ ਸੀਨੀਅਰ ਸਿਟੀਜਨ ਵੈੱਲਫੇਅਰ ਐਸੋਸੀਏਸ਼ਨ , ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਅਤੇ ਪੰਜਾਬੀ ਸਾਹਿਤ ਸਭਾ ਧੂਰੀ ਦੇ ਸਹਿਯੋਗ ਨਾਲ਼ ਕਰਵਾਏ ਜਾ ਰਹੇ ਇਸ ਸਮਾਗਮ ਦੇ ਪ੍ਰਧਾਨਗੀ ਮੰਡਲ ਵਿੱਚ ਸਕੂਲ ਦੇ ਪ੍ਰਿੰਸੀਪਲ ਅਵਤਾਰ ਸਿੰਘ ਢਢੋਗਲ , ਲੈਕਚਰਾਰ ਰਾਮ ਚੰਦ ਸ਼ਰਮਾ ਅਤੇ ਸੰਸਥਾ ਦੀ ਪ੍ਰਧਾਨ ਬੱਬਲਜੀਤ ਕੌਰ ਮੋਗਾ ਸ਼ਾਮਲ ਹੋਣਗੇ । “ਸਮਾਜਿਕ ਬੁਰਾਈਆਂ ਅਤੇ ਨੈਤਿਕ ਸਿੱਖਿਆ” ਵਿਸ਼ੇ ਦੇ ਮੁੱਖ ਬੁਲਾਰੇ ਡਾ. ਕਮਲਜੀਤ ਸਿੰਘ ਟਿੱਬਾ ਅਤੇ ਡਾ. ਨਵਿੰਦਰ ਸਿੰਘ ਪੰਧੇਰ ਆਪਣੇ ਵਡਮੁੱਲੇ ਵਿਚਾਰ ਵਿਦਿਆਰਥਣਾਂ , ਮਾਪਿਆਂ ਅਤੇ ਹੋਰ ਹਾਜ਼ਰੀਨ ਪਤਵੰਤਿਆਂ ਨਾਲ਼ ਵਿਸਥਾਰ ਸਹਿਤ ਸਾਂਝੇ ਕਰਨਗੇ । ਇਸ ਤੋਂ ਇਲਾਵਾ ਵਿਦਿਆਰਥੀਆਂ ਵੱਲੋਂ ਉਸਾਰੂ ਗੀਤ ਕਵਿਤਾਵਾਂ ਦੀ ਪੇਸ਼ਕਾਰੀ ਵੀ ਕੀਤੀ ਜਾਵੇਗੀ।

# ਸਤਿਗੁਰੂ ਪਬਲਿਕ ਸਕੂਲ, ਕਲਾਲਵਾਲਾ ਦੀ ਵਿਦਿਆਰਥਣ ਚਰਨਜੀਤ ਕੌਰ ਨੇ ਕਰਾਟੇ ਮੁਕਾਬਲਿਆਂ ’ਚ ਜਿੱਤਿਆ ਕਾਂਸੀ ਦਾ ਤਮਗਾ



**ਤਲਵੰਡੀ ਸਾਬੋ, 12 ਅਕਤੂਬਰ (ਗੁਰਜੰਟ ਸਿੰਘ ਨਥੇਹਾ)**-ਸਤਿਗੁਰੂ ਪਬਲਿਕ ਸਕੂਲ, ਕਲਾਲਵਾਲਾ ਲਈ ਇਹ ਬੜੇ ਮਾਣ ਅਤੇ ਖੁਸ਼ੀ ਦੀ ਗੱਲ ਹੈ ਕਿ ਸਕੂਲ ਦੀ ਹੋਣਹਾਰ ਵਿਦਿਆਰਥਣ ਚਰਨਜੀਤ ਕੌਰ ਨੇ ਖੇਡਾਂ ਵਤਨ ਪੰਜਾਬ ਦੀਆਂ 2026 ਦੇ ਸਟੇਟ ਪੱਧਰੀ ਕਰਾਟੇ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਤੀਜਾ ਸਥਾਨ ਹਾਸਲ ਕੀਤਾ ਅਤੇ ਕਾਂਸੀ ਦਾ ਤਮਗਾ ਜਿੱਤ ਕੇ ਸਕੂਲ ਅਤੇ ਆਪਣੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ।ਚਰਨਜੀਤ ਕੌਰ ਨੇ KUB ਗਰੁੱਪ, ਅੰਡਰ-14 ਲੜਕੀਆਂ, ਕੁਮਿਤੇ ਵਰਗ, 22 ਕਿਲੋਗ੍ਰਾਮ ਤੋਂ ਘੱਟ ਭਾਰ ਵਰਗ ਵਿੱਚ ਇਹ ਪ੍ਰਾਪਤੀ ਹਾਸਲ ਕੀਤੀ। ਉਸ ਦੀ ਇਸ ਸ਼ਾਨਦਾਰ ਸਫਲਤਾ ਨਾਲ ਸਕੂਲ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ ਹੈ। ਇਸ ਮੌਕੇ ਸਕੂਲ ਦੀ ਪ੍ਰਿੰਸੀਪਲ ਸ਼੍ਰੀਮਤੀ ਮਧੂ ਬਾਂਸਲ ਨੇ ਵਿਦਿਆਰਥਣ ਚਰਨਜੀਤ ਕੌਰ ਨੂੰ ਦਿਲੋਂ ਵਧਾਈ ਦਿੱਤੀ ਅਤੇ ਕਿਹਾ ਕਿ ਇਹ ਪ੍ਰਾਪਤੀ ਉਸ ਦੀ ਮਿਹਨਤ, ਲਗਨ, ਅਨੁਸ਼ਾਸਨ ਅਤੇ ਖੇਡ ਪ੍ਰਤੀ ਸਮਰਪਣ ਦਾ ਨਤੀਜਾ ਹੈ। ਉਨ੍ਹਾਂ ਨੇ ਵਿਦਿਆਰਥਣ ਦੇ ਮਾਪਿਆਂ ਨੂੰ ਵੀ ਵਧਾਈ ਦਿੱਤੀ ਅਤੇ ਕਿਹਾ ਕਿ ਸਕੂਲ ਬੱਚਿਆਂ ਦੇ ਸਰਵਪੱਖੀ ਵਿਕਾਸ ਲਈ ਪੜ੍ਹਾਈ ਦੇ ਨਾਲ-ਨਾਲ ਖੇਡਾਂ ਨੂੰ ਵੀ ਵਿਸ਼ੇਸ਼ ਮਹੱਤਵ ਦਿੰਦਾ ਹੈ। ਉਨ੍ਹਾਂ ਨੇ ਕਿਹਾ ਕਿ ਅਜਿਹੀਆਂ ਪ੍ਰਾਪਤੀਆਂ ਹੋਰ ਵਿਦਿਆਰਥੀਆਂ ਨੂੰ ਵੀ ਖੇਡਾਂ ਵਿੱਚ ਹਿੱਸਾ ਲੈਣ ਅਤੇ ਆਪਣੇ ਹੁਨਰ ਨੂੰ ਨਿਖਾਰਨ ਲਈ ਪ੍ਰੇਰਿਤ ਕਰਦੀਆਂ ਹਨ। ਸਕੂਲ ਪ੍ਰਬੰਧਕਾਂ ਅਤੇ ਸਮੂਹ ਸਟਾਫ਼ ਨੇ ਚਰਨਜੀਤ ਕੌਰ ਦੀ ਇਸ ਕਾਮਯਾਬੀ ’ਤੇ ਮਾਣ ਪ੍ਰਗਟ ਕਰਦਿਆਂ ਉਸ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ। ਸਤਿਗੁਰੂ ਪਬਲਿਕ ਸਕੂਲ, ਕਲਾਲਵਾਲਾ ਨੇ ਇਸ ਪ੍ਰਾਪਤੀ ਨੂੰ ਸਕੂਲ ਲਈ ਮਾਣ ਵਾਲਾ ਪਲ ਦੱਸਦਿਆਂ ਆਸ ਪ੍ਰਗਟਾਈ ਕਿ ਚਰਨਜੀਤ ਕੌਰ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਮਿਹਨਤ ਕਰਕੇ ਹੋਰ ਵੱਡੀਆਂ ਸਫਲਤਾਵਾਂ ਹਾਸਲ ਕਰੇਗੀ।

# ਘਨੌਰੀ ਕਲਾਂ ਵਿਖੇ ਮੁਫ਼ਤ ਅੱਖਾਂ ਦੀ ਜਾਂਚ ਲਈ ਮੈਡੀਕਲ ਕੈਂਪ ਲਗਾਇਆ

### ਓ.ਐੱਸ.ਡੀ. ਸੁਖਵੀਰ ਸਿੰਘ ਨੇ ਕੀਤਾ ਕੈਂਪ ਦਾ ਉਦਘਾਟਨ, ਲੋਕਾਂ ਨੂੰ ਸਿਹਤ ਸਹੂਲਤਾਂ ਦਾ ਵੱਧ ਤੋਂ ਵੱਧ ਲਾਭ ਲੈਣ ਦੀ ਕੀਤੀ ਅਪੀਲ

**ਧੂਰੀ/ਸ਼ੇਰਪੁਰ ( ਰਣਜੀਤ ਸਿੰਘ ਪੇਧਨੀ)** -ਪੰਜਾਬ ਸਰਕਾਰ ਦੀ ਪਹਿਲਕਦਮੀ ਤਹਿਤ ਚਲਾਈ ਜਾ ਰਹੀ ‘ਸਿਹਤਮੰਦ ਅੱਖਾਂ, ਸੁਖਾਲਾ ਪੰਜਾਬ’ ਮੁਹਿੰਮ ਤਹਿਤ ਅੱਜ ਪਿੰਡ ਘਨੌਰੀ ਕਲਾਂ ਵਿਖੇ ਸਰਪੰਚ ਅੰਮ੍ਰਿਤ ਚਹਿਲ ਘਨੌਰੀ ਦੀ ਅਗਵਾਈ ਹੇਠ ਅੱਖਾਂ ਦੀ ਮੁਫ਼ਤ ਜਾਂਚ ਲਈ ਮੈਡੀਕਲ ਕੈਂਪ ਲਗਾਇਆ ਗਿਆ। ਕੈਂਪ ਦਾ ਉਦਘਾਟਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਓ.ਐੱਸ.ਡੀ. ਸੁਖਵੀਰ ਸਿੰਘ ਨੇ ਕੀਤਾ। ਸ਼ੰਕਰਾ ਆਈ ਹਸਪਤਾਲ, ਲੁਧਿਆਣਾ ਦੇ ਸਹਿਯੋਗ ਨਾਲ ਲਗਾਏ ਗਏ ਇਸ ਕੈਂਪ ਦੌਰਾਨ ਮਾਹਿਰ ਡਾਕਟਰਾਂ ਦੀ ਟੀਮ ਵੱਲੋਂ ਮਰੀਜ਼ਾਂ ਦੀਆਂ ਅੱਖਾਂ ਦੀ ਮੁਫ਼ਤ ਜਾਂਚ ਕੀਤੀ ਗਈ ਅਤੇ ਲੋੜ ਅਨੁਸਾਰ ਡਾਕਟਰੀ ਸਲਾਹ ਦਿੱਤੀ ਗਈ। ਇਸ ਤੋਂ ਇਲਾਵਾ ਮਰੀਜ਼ਾਂ ਨੂੰ ਮੁਫ਼ਤ ਦਵਾਈਆਂ ਅਤੇ ਐਨਕਾਂ ਮੁਹੱਈਆ ਕਰਵਾਉਣ ਦੇ ਨਾਲ-ਨਾਲ ਅੱਖਾਂ ਦੇ ਲੋੜਵੰਦ ਮਰੀਜ਼ਾਂ ਦੇ ਆਪ੍ਰੇਸ਼ਨ ਦੀ ਸਹੂਲਤ ਵੀ ਦਿੱਤੀ ਗਈ। ਇਸ ਮੌਕੇ ਸੰਬੋਧਨ ਕਰਦਿਆਂ ਓ.ਐੱਸ.ਡੀ. ਸੁਖਵੀਰ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੇ ਲੋਕਾਂ ਨੂੰ ਬਿਹਤਰ ਸਿਹਤ ਸਹੂਲਤਾਂ ਪ੍ਰਦਾਨ ਕਰਨ ਅਤੇ ‘ਰੰਗਲਾ ਪੰਜਾਬ, ਸਿਹਤਮੰਦ ਪੰਜਾਬ’ ਦੇ ਸੁਪਨੇ ਨੂੰ ਸਾਕਾਰ ਕਰਨ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਅੱਖਾਂ ਸਾਡੇ ਜੀਵਨ ਦਾ ਅਨਮੋਲ ਅੰਗ ਹਨ ਅਤੇ ਸਮੇਂ-ਸਮੇਂ ’ਤੇ ਅੱਖਾਂ ਦੀ ਜਾਂਚ ਕਰਵਾਉਣ ਨਾਲ ਕਈ ਸਮੱਸਿਆਵਾਂ ਦੀ ਸਮੇਂ ਸਿਰ ਪਛਾਣ ਕਰਕੇ ਉਨ੍ਹਾਂ ਦਾ ਇਲਾਜ ਸੰਭਵ ਹੋ ਸਕਦਾ ਹੈ। ਉਨ੍ਹਾਂ ਇਲਾਕਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਅਜਿਹੇ ਮੁਫ਼ਤ ਮੈਡੀਕਲ ਕੈਂਪਾਂ ਦਾ ਵੱਧ ਤੋਂ ਵੱਧ ਲਾਭ ਉਠਾਉਣ ਅਤੇ ਆਪਣੀ ਸਿਹਤ ਪ੍ਰਤੀ ਜਾਗਰੂਕ ਰਹਿਣ। ਇਸ ਮੌਕੇ ਸਾਬਕਾ ਚੇਅਰਮੈਨ ਇੰਦਰਜੀਤ ਸਿੰਘ ਘਨੌਰੀ, ਬਾਬਾ ਬਚਿੱਤਰ ਸਿੰਘ, ਮਾਸਟਰ ਕੁਲਵੰਤ ਸਿੰਘ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਦਮਦਮੀ ਟਕਸਾਲ ਤੇ ਕਾਰਜਕਾਰੀ ਮੁੱਖੀ ਸੱਚਖੰਡਵਾਸੀ ਸ੍ਰੀਮਾਨ ਸੰਤ ਬਾਬਾ ਠਾਕੁਰ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੇ ਵਫ਼ਾਦਾਰ ਸਿਪਾਹੀ

# ਜਥੇਦਾਰ ਭਾਈ ਪ੍ਰੇਮ ਸਿੰਘ ਜੀ ਨੂੰ ਕੋਟਿਨ-ਕੋਟਿ ਪ੍ਰਣਾਮ

☛ ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਮਹਾਰਾਜ ਤੋਂ ਵਰੋਸਾਈ ਹੋਈ ਦਮਦਮੀ ਟਕਸਾਲ ਦੇ 13ਵੇਂ ਮੁਖੀ ਸੱਚਖੰਡਵਾਸੀ ਸ੍ਰੀਮਾਨ ਸੰਤ ਗਿਆਨੀ ਕਰਤਾਰ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੇ ਵਿਦਿਆਰਥੀ। ☛ ਦਮਦਮੀ ਟਕਸਾਲ ਦੇ 14ਵੇਂ ਮੁਖੀ ਸ੍ਰੀਮਾਨ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦਾ ਪੂਰਾ ਸਾਥ ਦੇਣ ਵਾਲੇ। ☛ ਦਮਦਮੀ ਟਕਸਾਲ ਤੇ ਕਾਰਜਕਾਰੀ ਮੁੱਖੀ ਸੱਚਖੰਡਵਾਸੀ ਸ੍ਰੀਮਾਨ ਸੰਤ ਬਾਬਾ ਠਾਕੁਰ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੇ ਵਫ਼ਾਦਾਰ ਸਿਪਾਹੀ। ☛ ਦਮਦਮੀ ਟਕਸਾਲ ਦੇ ਵਿਦਵਾਨ ਤੇ ਉਸਤਾਦ।





ਉਸਤਾਦ ਜੀ ਦਾ ਜਨਮ ਜ਼ਿਲ੍ਹਾ ਲੁਧਿਆਣਾ ਦੇ ਘੁਮਾਣ ਬਢੇਲ ਵਿੱਚ ਹੋਇਆ ਸੀ।

ਉਸਤਾਦ ਜੀ ਨੇ ਅਣਗਿਣਤ ਵਿਦਿਆਰਥੀਆਂ ਨੂੰ ਗੁਰਬਾਣੀ ਸੰਥਿਆ ਕਰਵਾਈ, ਬਹੁਤ ਸਾਰੇ ਸਿੰਘਾਂ ਤੇ ਪਰਉਪਕਾਰ ਕੀਤਾ, ਅਤੇ ਸਿੱਖ ਕੌਮ ਵਾਸਤੇ ਬਹੁਤ ਵੱਡੀਆਂ ਸੇਵਾਵਾਂ ਨਿਭਾਈਆਂ।



ਬਹੁਤ ਸਾਰੀਆਂ ਸਿੱਖ ਸੰਗਤਾਂ ਨੂੰ ਸ਼ਹੀਦ ਭਾਈ ਬੇਅੰਤ ਸਿੰਘ ਜੀ, ਸ਼ਹੀਦ ਭਾਈ ਸਤਵੰਤ ਸਿੰਘ ਜੀ, ਅਤੇ ਸ਼ਹੀਦ ਭਾਈ ਕੇਹਰ ਸਿੰਘ ਜੀ ਬਾਰੇ ਪਤਾ ਹੈ ਕਿ ਇਹਨਾਂ ਗੁਰਮੁਖ ਪਿਆਰਿਆਂ ਨੇ ਬੀਬੀ ਇੰਦਰਾ ਦਾ ਸੋਧਾ ਲਾਇਆ ਤੇ ਗੱਡੀ ਚਾੜ੍ਹਤਾ ਸੀ। ਪਰ ਇਸ ਮਹਾਨ ਸੇਵਾ'ਚ ਉਸਤਾਦ ਜੀ ਦਾ ਨਾਮ ਵੀ ਸ਼ਾਮਿਲ ਹੁੰਦਾ ਹੈ ਜਿਸ ਦਾ ਨਾਮ ਬਹੁਤਾਤ ਵਿੱਚ ਗੁਪਤ ਰਹਿੰਦਾ ਹੈ।

ਦਮਦਮੀ ਟਕਸਾਲ ਤੇ ਕਾਰਜਕਾਰੀ ਮੁੱਖੀ ਸੱਚਖੰਡਵਾਸੀ ਸ੍ਰੀਮਾਨ ਸੰਤ ਬਾਬਾ ਠਾਕੁਰ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਨੇ ਉਸਤਾਦ ਜੀ ਦੀ ਡਿਊਟੀ ਲਾਈ ਕਿ ਹੁਣ ਬੀਬੀ ਇੰਦਰਾ ਦਾ ਸੋਧਾ ਲਾਉਣਾ ਹੈ ਅਤੇ ਇਸ ਸੇਵਾ ਨੂੰ ਨਿਭਾਉਣ ਵਾਸਤੇ ਸਿੰਘਾਂ ਨੂੰ ਲੱਭੋ। ਉਸਤਾਦ ਜੀ ਨੇ ਮਹਾਂਪੁਰਖਾਂ ਦੇ ਹੁਕਮ ਨੂੰ ਮੰਨਦਿਆਂ ਹੋਇਆਂ ਉੱਪਰ ਲਿਖੇ ਹੋਏ ਸ਼ਹੀਦ ਸਿੰਘਾਂ ਦੀ ਡਿਊਟੀ ਲਾਈ। ਸ਼ਹੀਦ ਜੱਥੇਦਾਰ ਭਾਈ ਮਨਵੀਰ ਸਿੰਘ ਜੀ ਚਹੇੜੂ ਜਿਨ੍ਹਾਂ ਨੂੰ ਜਨਰਲ ਹਰੀ ਸਿੰਘ ਜੀ ਵਜੋਂ ਵੀ ਜਾਣਿਆ ਜਾਂਦਾ ਹੈ ਦਾ ਵੀ ਬੋਹਤ ਵੱਡਾ ਰੋਲ ਸੀ ਇਸ ਮਹਾਨ ਸੇਵਾ ਵਿੱਚ।

ਇਸ ਤੋਂ ਪਹਿਲਾਂ ਇੱਕ ਵਾਰ ਉਸਤਾਦ ਜੀ, ਗਿਆਨੀ ਗੁਰਦੀਪ ਸਿੰਘ ਜੀ 'ਸੰਤ' ਨੂੰ ਅੰਮ੍ਰਿਤਸਰ ਵਿਖੇ ਸ੍ਰੀਮਾਨ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਨੂੰ ਮਿਲਣ ਲਈ ਲੈ ਗਏ। ਸੰਤ ਜੀ ਉਸ ਸਮੇਂ 'ਗੁਰੂ ਨਾਨਕ ਨਿਵਾਸ' ਵਿਖੇ ਸਨ। ਜਦੋਂ ਉਹ ਉੱਥੇ ਪਹੁੰਚੇ, ਤਾਂ ਭਾਈ ਦਾਰਾ ਸਿੰਘ ਜੀ ਡਰਾਈਵਰ, ਸੰਤ ਜੀ ਨੂੰ ਅਖਬਾਰ ਵਿੱਚ ਛਪੀ ਉਸ ਖਬਰ ਬਾਰੇ ਦੱਸ ਰਹੇ ਸਨ ਜਿਸ ਵਿੱਚ ਬੀਬੀ ਇੰਦਰਾ ਨੇ ਕਿਹਾ ਸੀ ਕਿ ਉਹ ਦਰਬਾਰ ਸਾਹਿਬ ਨੂੰ ਘੇਰਾ ਪਾ ਕੇ ਸੰਤ ਭਿੰਡਰਾਂਵਾਲਿਆਂ ਨੂੰ ਗ੍ਰਿਫਤਾਰ ਕਰ ਲਵੇਗੀ। ਸੰਤ ਜੀ ਨੇ ਸਿੰਘਾਂ ਵੱਲ ਦੇਖਿਆ ਅਤੇ ਕਿਹਾ ਕਿ ਬੀਬੀ ਇੰਦਰਾ ਨੂੰ ਕੀ ਪਤਾ ਕਿ ਉਸਦੀ ਮੌਤ ਕਦੋਂ ਹੋਵੇਗੀ; ਨਾਲ ਹੀ ਉਨ੍ਹਾਂ ਨੇ ਇੱਕ ਭਵਿੱਖ ਬਚਨ ਕੀਤਾ ਅਤੇ ਗੁਪਤ ਢੰਗ ਨਾਲ ਇਸ਼ਾਰਾ ਕੀਤਾ ਕਿ ਇਹ ਜ਼ਿੰਮੇਵਾਰੀ ਭਾਈ ਪ੍ਰੇਮ ਸਿੰਘ ਨੂੰ ਸੌਂਪੀ ਜਾਵੇਗੀ। ਗਿਆਨੀ ਗੁਰਦੀਪ ਸਿੰਘ ਜੀ 'ਸੰਤ' ਇਸ ਘਟਨਾ ਦੇ ਚਸ਼ਮਦੀਦ ਗਵਾਹ ਹਨ। ਅੰਤਲੇ ਸਮੇਂ ਤੱਕ ਉਸਤਾਦ ਜੀ ਜਥੇ ਦੇ ਸਿੰਘਾਂ ਨੂੰ ਸੰਥਿਆ ਕਰਵਾਉਂਦੇ ਰਹੇ ਅਤੇ 13 ਅਕਤੂਬਰ 1999 ਵਾਲੇ ਦਿਨ ਸੱਚਖੰਡ ਪਿਆਨਾ ਕਰ ਗਏ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਉਸਤਾਦ ਜੀ ਦੀ 27ਵੀਂ ਬਰਸੀ 'ਤੇ ਵਿਸ਼ੇਸ਼ ਸ਼ਰਧਾਂਜਲੀ ਭੇਟ ਕਰਦਿਆਂ ਹੋਇਆਂ ਦਮਦਮੀ ਟਕਸਾਲ (ਜੱਥਾ ਭਿੰਡਰਾਂ) ਮਹਿਤਾ ਦੇ ਵਿਦਿਆਰਥੀ,

**ਗਿਆਨੀ ਗੁਰਦੀਪ ਸਿੰਘ ਜੀ 'ਸੰਤ' (ਸਾਬਕਾ ਮੁੱਖ ਗ੍ਰੰਥੀ ਦਮਦਮੀ ਟਕਸਾਲ)**
**ਗਿਆਨੀ ਸੋਹਣ ਸਿੰਘ ਜੀ (ਸਾਬਕਾ ਹੈੱਡ ਗ੍ਰੰਥੀ ਦਮਦਮੀ ਟਕਸਾਲ)**
**ਰਾਗੀ ਕੁਲਬੀਰ ਸਿੰਘ ਜੀ (ਮੁਖ ਰਾਗੀ ਦਮਦਮੀ ਟਕਸਾਲ)**
**ਗਿਆਨੀ ਜਸਬੀਰ ਸਿੰਘ ਜੀ 'ਅਰਿਫਕੇ' (ਗੜਵਈ ਸੰਤ ਬਾਬਾ ਠਾਕੁਰ ਸਿੰਘ ਜੀ ਖਾਲਸਾ ਭਿੰਡਰਾਂਵਾਲੇ)**
**ਗਿਆਨੀ ਕੁਲਦੀਪ ਸਿੰਘ ਜੀ 'ਅਭਿਆਸੀ' (ਉਸਤਾਦ ਦਮਦਮੀ ਟਕਸਾਲ)**
**ਭਾਈ ਗੁਰਰਾਜ ਸਿੰਘ ਜੀ (ਸੇਵਾਦਾਰ ਸੰਤ ਬਾਬਾ ਠਾਕੁਰ ਸਿੰਘ ਜੀ ਖਾਲਸਾ ਭਿੰਡਰਾਂਵਾਲੇ)**


ਗਿਆਨੀ ਗੁਰਦੀਪ ਸਿੰਘ ਜੀ 'ਸੰਤ' (ਸਾਬਕਾ ਮੁੱਖ ਗ੍ਰੰਥੀ ਦਮਦਮੀ ਟਕਸਾਲ)


ਗਿਆਨੀ ਸੋਹਣ ਸਿੰਘ ਜੀ (ਸਾਬਕਾ ਹੈੱਡ ਗ੍ਰੰਥੀ ਦਮਦਮੀ ਟਕਸਾਲ)


ਰਾਗੀ ਕੁਲਬੀਰ ਸਿੰਘ ਜੀ (ਮੁਖ ਰਾਗੀ ਦਮਦਮੀ ਟਕਸਾਲ)


ਗਿਆਨੀ ਜਸਬੀਰ ਸਿੰਘ ਜੀ 'ਅਰਿਫਕੇ' (ਗੜਵਈ ਸੰਤ ਬਾਬਾ ਠਾਕੁਰ ਸਿੰਘ ਜੀ ਖਾਲਸਾ ਭਿੰਡਰਾਂਵਾਲੇ)


ਗਿਆਨੀ ਕੁਲਦੀਪ ਸਿੰਘ ਜੀ 'ਅਭਿਆਸੀ' (ਉਸਤਾਦ ਦਮਦਮੀ ਟਕਸਾਲ)


ਭਾਈ ਗੁਰਰਾਜ ਸਿੰਘ ਜੀ (ਸੇਵਾਦਾਰ ਸੰਤ ਬਾਬਾ ਠਾਕੁਰ ਸਿੰਘ ਜੀ ਖਾਲਸਾ ਭਿੰਡਰਾਂਵਾਲੇ)

## ਅਸੁਰ ਸੰਘਾਰਬੇ ਕਉ, ਦੁਰਜਨ ਕੇ ਮਾਰਬੇ ਕਉ, ਪਤਿਤ ਉਧਾਰਬੇ ਕਉ ਖਾਲਸਾ ਬਨਾਯੋ ਹੈ।

**ਅਖੰਡ ਕੀਰਤਨੀ ਜੱਥੇ ਦੇ ਇਸ ਮਹਾਨ ਗੁਰਮੁਖ ਯੋਧੇ ਦੀ ਨਿਡਰਤਾ, ਸਿਦਕ ਅਤੇ ਪੰਥਕ ਵਚਨਬੱਧਤਾ ਸਦਾ ਸਿੱਖ ਕੌਮ ਲਈ ਪ੍ਰੇਰਣਾ ਦਾ ਚਾਨਣ ਬਣੀ ਰਹੇਗੀ। ਆਓ 15 ਅਕਤੂਬਰ ਨੂੰ ਉਨ੍ਹਾਂ ਦੇ ਸ਼ਹੀਦੀ ਦਿਵਸ 'ਤੇ ਵੱਧ ਤੋਂ ਵੱਧ ਗੁਰਦੁਆਰਿਆਂ ਵਿੱਚ ਕੀਰਤਨ, ਢਾਡੀ, ਕਵੀਸ਼ਰੀ ਤੇ ਕਵੀ ਦਰਬਾਰ ਸਜਾ ਕੇ ਇਸ ਮਹਾਨ ਸ਼ਹਾਦਤ ਨੂੰ ਸਿਜਦਾ ਕਰੀਏ। ਉਨ੍ਹਾਂ ਦੀ ਯਾਦ ਨੂੰ ਸੱਚੀ ਸ਼ਰਧਾਂਜਲੀ ਇਹ ਹੋਵੇਗੀ ਕਿ ਅਸੀਂ ਪ੍ਰਣ ਕਰੀਏ ਕਿ ਅਸੀਂ ਸਾਰੇ ਆਪਣੀਆਂ ਅੰਤਮ ਸਵਾਸਾਂ ਤੱਕ ਖਾਲਸਾਈ ਹਲੇਮੀ ਰਾਜ ਪ੍ਰਾਪਤ ਕਰਨ ਲਈ ਜਤਨਸ਼ੀਲ ਰਹਾਂਗੇ, ਭਾਵੇਂ ਸਾਡੇ ਸਿਰਾਂ 'ਤੇ ਆਰੇ ਚੱਲਣ, ਭਾਵੇਂ ਸਾਨੂੰ ਦੇਗਾਂ ਵਿੱਚ ਉਬਾਲਿਆ ਜਾਵੇ, ਭਾਵੇਂ ਸਾਨੂੰ ਚਰਖੜੀਆਂ 'ਤੇ ਚੜ੍ਹਾਇਆ ਜਾਵੇ, ਭਾਵੇਂ ਸਾਡੇ ਖੋਪਰ ਲਾ ਦਿੱਤੇ ਜਾਣ, ਅਸੀਂ ਖਾਲਸਾਈ ਹਲੇਮੀ ਰਾਜ ਦੀ ਪ੍ਰਾਪਤੀ ਤੱਕ ਸੰਘਰਸ਼ਸ਼ੀਲ ਰਹਾਂਗੇ।**



ਸ਼ਹਾਦਤ ਦਿਹਾੜਾ 15 ਅਕਤੂਬਰ 1992

ਆਵਾਜ਼ਿ ਕੌਮ
AWAZE QAUM
International Newspaper & WEB TV

# ਬੱਬਰ ਖਾਲਸਾ ਦੇ ਬਾਨੀ ਜਥੇਦਾਰ
# ਭਾਈ ਤਲਵਿੰਦਰ ਸਿੰਘ ਪਰਮਾਰ
## ਦੀ ਸ਼ਹਾਦਤ ਨੂੰ ਕੋਟਿ ਕੋਟਿ ਪ੍ਰਣਾਮ



ਗੁਰੂ ਪੰਥ ਦਾ ਸੇਵਾਦਾਰ

## ਪਰਮਜੀਤ ਸਿੰਘ ਭਿਓਰਾ

**ਨਜ਼ਰਬੰਦ ਬੁੜੈਲ ਜੇਲ੍ਹ ਚੰਡੀਗੜ੍ਹ**

'ਵੋਟ ਚੋਰ' ਚੋਣ ਕਮਿਸ਼ਨ ਖ਼ਿਲਾਫ਼ ਵਿਰੋਧੀ ਧਿਰ ਦਾ ਹੱਲਾ—ਰਾਹੁਲ ਦੀ ਟੀਮ ਨੇ ਅਦਾਲਤ ਦਾ ਖੜਕਾਇਆ ਦਰਵਾਜ਼ਾ

# ਸੁਪਰੀਮ ਕੋਰਟ ਵੱਲ ਵਧਿਆ ਕਾਫਲਾ ਪੁਲਿਸ ਨੇ ਰੋਕਿਆ









**ਨਵੀਂ ਦਿੱਲੀ, 12 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ):-** ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਖ਼ਿਲਾਫ਼ ਵਿਰੋਧੀ ਧਿਰ ਨੇ ਅੱਜ ਦਿੱਲੀ ਦੀਆਂ ਸੜਕਾਂ 'ਤੇ ਸਰਕਾਰ ਅਤੇ ਚੋਣ ਪ੍ਰਬੰਧ 'ਤੇ ਸਿੱਧਾ ਸਿਆਸੀ ਹਮਲਾ ਬੋਲ ਦਿੱਤਾ। ਬਾਰਾਖੰਬਾ ਰੋਡ ਤੋਂ ਸੁਪਰੀਮ ਕੋਰਟ ਤੱਕ ਜਾਣ ਲਈ ਨਿਕਲਿਆ ਇੰਡੀਆ ਗੱਠਜੋੜ ਦਾ ਮਾਰਚ ਪੁਲਿਸ ਨੇ ਮੰਡੀ ਹਾਊਸ 'ਤੇ ਰੋਕ ਦਿੱਤਾ। ਸੁਪਰੀਮ ਕੋਰਟ ਵੱਲ ਜਾਣ ਵਾਲੀ ਸੜਕ ਬੰਦ ਕਰ ਦਿੱਤੀ ਗਈ, ਪਰ ਇਸ ਦੇ ਬਾਵਜੂਦ ਰਾਹੁਲ ਗਾਂਧੀ, ਪ੍ਰਿਯੰਕਾ ਗਾਂਧੀ ਵਾਡਰਾ, ਅਖਿਲੇਸ਼ ਯਾਦਵ ਅਤੇ ਹੋਰ ਆਗੂ ਪੈਦਲ ਅੱਗੇ ਵਧੇ ਅਤੇ ਮੰਡੀ ਹਾਊਸ ਵਿੱਚ ਹੀ ਚੋਣ ਕਮਿਸ਼ਨ ਖ਼ਿਲਾਫ਼ ਜ਼ੋਰਦਾਰ ਨਾਅਰੇਬਾਜ਼ੀ ਕੀਤੀ। ਸੜਕ 'ਤੇ ਰੋਕੇ ਗਏ ਮਾਰਚ ਦੇ ਨਾਲ ਹੀ ਵਿਰੋਧੀ ਧਿਰ ਨੇ ਮਾਮਲਾ ਸਿੱਧਾ ਸੁਪਰੀਮ ਕੋਰਟ ਤੱਕ ਪਹੁੰਚਾ ਦਿੱਤਾ। ਰਾਹੁਲ ਗਾਂਧੀ ਦੀ ਕਾਨੂੰਨੀ ਟੀਮ ਨੇ ਚੋਣ ਕਮਿਸ਼ਨ ਖ਼ਿਲਾਫ਼ ਪਟੀਸ਼ਨ ਦਾਇਰ ਕਰ ਦਿੱਤੀ। ਪਟੀਸ਼ਨ ਵਿੱਚ ਰਾਹੁਲ ਗਾਂਧੀ ਸਮੇਤ ਅਖਿਲੇਸ਼ ਯਾਦਵ, ਮੱਲਿਕਾਰਜੁਨ ਖੜਗੇ, ਤੇਜਸਵੀ ਯਾਦਵ, ਸੌਗਤ ਰਾਏ ਸਮੇਤ 11 ਆਗੂ ਪਟੀਸ਼ਨਰ ਹਨ। ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਅਤੇ ਦੋਵੇਂ ਚੋਣ ਕਮਿਸ਼ਨਰਾਂ ਨੂੰ ਵੀ ਪਾਰਟੀ ਬਣਾਇਆ ਗਿਆ ਹੈ। ਪਟੀਸ਼ਨ ਵਿੱਚ ਐੱਸਆਈਆਰ 'ਤੇ ਰੋਕ ਅਤੇ ਮੁੱਖ ਚੋਣ ਕਮਿਸ਼ਨਰ ਦੇ ਅਸਤੀਫ਼ੇ ਦੀ ਮੰਗ ਕੀਤੀ ਗਈ ਹੈ।

***'ਲੋਕਤੰਤਰ ਬਚਾਉਣ ਦੀ ਲੜਾਈ' ਦਾ ਐਲਾਨ—ਰਾਹੁਲ ਦੀ ਚੁਣੌਤੀ, ਪਾਇਲਟ ਦਾ ਹਮਲਾ, ਹੁੱਡਾ ਨੇ ਵੀ ਖੋਲ੍ਹਿਆ ਮੋਰਚਾ**

ਵਿਰੋਧੀ ਧਿਰ ਨੇ ਚੋਣ ਕਮਿਸ਼ਨ ਖ਼ਿਲਾਫ਼ ਆਪਣਾ ਹਮਲਾ ਹੋਰ ਤੇਜ਼ ਕਰਦਿਆਂ ਦੋਸ਼ ਲਾਇਆ ਕਿ 'ਵੋਟ ਚੋਰੀ' ਸਬੰਧੀ ਪੇਸ਼ ਕੀਤੇ ਸਬੂਤ ਦੇਸ਼ ਦੀ ਚੋਣ ਪ੍ਰਣਾਲੀ 'ਤੇ ਗੰਭੀਰ ਸਵਾਲ ਖੜ੍ਹੇ ਕਰਦੇ ਹਨ। ਸਚਿਨ ਪਾਇਲਟ ਨੇ ਮੁੱਖ ਚੋਣ ਕਮਿਸ਼ਨਰ 'ਤੇ ਗੰਭੀਰ ਦੋਸ਼ ਲਾਉਂਦਿਆਂ ਕਿਹਾ ਕਿ ਉਨ੍ਹਾਂ ਨੂੰ ਅਹੁਦੇ 'ਤੇ ਬਣੇ ਰਹਿਣ ਦਾ ਕੋਈ ਹੱਕ ਨਹੀਂ ਅਤੇ ਉਨ੍ਹਾਂ ਨੂੰ ਅਸਤੀਫ਼ਾ ਦੇਣਾ ਪਵੇਗਾ। ਭੁਪਿੰਦਰ ਸਿੰਘ ਹੁੱਡਾ ਨੇ ਕਿਹਾ ਕਿ ਲੋਕਾਂ ਦੀ ਆਵਾਜ਼ ਨੂੰ ਦਬਾਇਆ ਨਹੀਂ ਜਾ ਸਕਦਾ। ਸਮਾਜਵਾਦੀ ਪਾਰਟੀ ਦੇ ਸੰਸਦ ਮੈਂਬਰ ਆਨੰਦ ਭਦੌਰੀਆ ਨੇ ਤਾਂ ਇੱਥੋਂ ਤੱਕ ਕਿਹਾ ਕਿ ਮੁੱਖ ਚੋਣ ਕਮਿਸ਼ਨਰ ਦੇ ਅਸਤੀਫ਼ੇ ਅਤੇ ਉਨ੍ਹਾਂ ਖ਼ਿਲਾਫ਼ ਕਾਰਵਾਈ ਦੀ ਮੰਗ ਤਦ ਤੱਕ ਜਾਰੀ ਰਹੇਗੀ ਜਦ ਤੱਕ ਮੰਗਾਂ ਪੂਰੀਆਂ ਨਹੀਂ ਹੁੰਦੀਆਂ। ਦੂਜੇ ਪਾਸੇ ਸੁਪਰੀਮ ਕੋਰਟ ਨੇ ਸਪੱਸ਼ਟ ਕੀਤਾ ਕਿ ਨਿਯਮਾਂ ਮੁਤਾਬਕ ਵਕੀਲ ਜਾਂ ਪਟੀਸ਼ਨਰ ਖ਼ੁਦ ਪਟੀਸ਼ਨ ਦਾਇਰ ਕਰ ਸਕਦਾ ਹੈ, ਪਰ ਅਦਾਲਤ ਪ੍ਰਦਰਸ਼ਨ ਕਰਨ ਦੀ ਥਾਂ ਨਹੀਂ ਹੈ। ਇਸ ਤਰ੍ਹਾਂ ਸੜਕ 'ਤੇ ਰੋਕਿਆ ਗਿਆ ਵਿਰੋਧ ਹੁਣ ਅਦਾਲਤ ਦੀ ਚੌਖਟ ਤੱਕ ਪਹੁੰਚ ਗਿਆ ਹੈ ਅਤੇ ਚੋਣ ਕਮਿਸ਼ਨ ਦੀ ਭੂਮਿਕਾ ਨੂੰ ਲੈ ਕੇ ਸਿਆਸੀ ਟਕਰਾਅ ਨੇ ਹੋਰ ਤਿੱਖਾ ਰੂਪ ਧਾਰ ਲਿਆ ਹੈ।

ਹਠੂਰ ਦੇ ਦੋ ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲਾਂ ਦੇ ਬੱਚੇ ਖੇਡਾਂ ਵਿੱਚ ਮੋਹਰੀ

# ਸਕੂਲ ਦੇ ਟੀਚਰਾਂ ਨੇ ਮੁਬਾਰਕਾਂ ਦਿੰਦਿਆਂ ਕੀਤਾ ਸਨਮਾਨਿਤ





**ਜਗਰਾਉ ,(ਵਰਿਆਮ ਹਠੂਰ)**-ਇਤਿਹਾਸਕ ਕਸਬਾ ਹਠੂਰ ਦੇ ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ (ਲੜਕੇ) ਅਤੇ ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ (ਲੜਕੀਆਂ) ਦੋਵਾਂ ਸਕੂਲਾਂ ਦੇ ਬੱਚਿਆਂ ਨੇ ਖੇਡਾਂ ਦੇ ਖੇਤਰ ਵਿੱਚ ਮੱਲਾਂ ਮਾਰੀਆਂ ਹਨ। ਜਾਣਕਾਰੀ ਦਿੰਦਿਆਂ ਹੈੱਡ ਟੀਚਰ ਸਰਦਾਰ ਬੂਟਾ ਸਿੰਘ ਅਤੇ ਮਾਸਟਰ ਸ੍ਰੀ ਦੇਵ ਕ੍ਰਿਸ਼ਨ ਜੀ ਨੇ ਕਿਹਾ ਕਿ ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ (ਲੜਕੇ) ਦੀ ਟੀਮ ਨੇ ਖੋ-ਖੋ ਵਿੱਚ ਜਿੱਥੇ ਸੈਂਟਰ ਪੱਧਰੀ ਖੇਡਾਂ ਵਿੱਚ ਵਿੱਚ ਪਹਿਲਾ ਸਥਾਨ ਹਾਸਿਲ ਕੀਤਾ ਉੱਥੇ ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ (ਲੜਕੀਆਂ) ਦੀ ਟੀਮ ਨੇ ਵੀ ਪਹਿਲਾ ਸਥਾਨ ਹਾਸਿਲ ਕੀਤਾ, ਇਸ ਦੇ ਨਾਲ-ਨਾਲ ਬੱਚਿਆਂ ਨੇ ਅਥਲੈਟਿਕਸ ਵਿੱਚ ਭਾਗ ਲਿਆ ਤੇ ਪੁਜੀਸ਼ਨਾਂ ਹਾਸਿਲ ਕੀਤੀਆਂ, ਰਿਲੇਅ ਰੇਸ ਵਿੱਚ ਵੀ ਮੁੰਡਿਆਂ ਦੇ ਸਕੂਲ ਦੀ ਟੀਮ ਨੇ ਪਹਿਲੀ ਪੁਜੀਸ਼ਨ ਕੀਤੀ, ਤੇ ਕੁੜੀਆਂ ਦੇ ਸਕੂਲ ਦੇ ਬੱਚਿਆਂ ਨੇ ਵੀ ਰਿਲੇਅ ਰੇਸ ਵਿੱਚ ਪਹਿਲਾ ਸਥਾਨ ਹਾਸਿਲ ਕੀਤਾ, ਇਸ ਤੋਂ ਇਲਾਵਾ ਬਲਾਕ ਪੱਧਰੀ ਖੇਡਾਂ ਵਿੱਚ ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਹਠੂਰ (ਲੜਕੇ) ਦੀ ਟੀਮ ਨੇ ਖੋ-ਖੋ ਵਿੱਚੋਂ ਪਹਿਲਾ ਸਥਾਨ ਕਰਕੇ ਜਿਲ੍ਹਾ ਪੱਧਰੀ ਖੇਡਾਂ ਲਈ ਆਪਣਾ ਰਾਹ ਪੱਧਰਾ ਕੀਤਾ, ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ (ਲੜਕੀਆਂ) ਦੀ ਟੀਮ ਨੇ ਖੋ-ਖੋ ਵਿੱਚ ਦੂਜਾ ਸਥਾਨ ਹਾਸਿਲ ਕੀਤਾ, ਅਥਲੈਟਿਕਸ ਵਿੱਚ ਦੋਵਾਂ ਸਕੂਲਾਂ ਦੇ ਬੱਚਿਆਂ ਨੇ ਸਾਨਦਾਰ ਪ੍ਰਦਰਸ਼ਨ ਕੀਤਾ, ਦੋਵਾਂ ਸਕੂਲਾਂ ਦੇ ਬੱਚਿਆਂ ਨੂੰ ਸਕੂਲ ਵਿੱਚ ਅਧਿਆਪਕਾਂ ਵੱਲੋਂ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ, ਗਿਆ, ਇਸ ਮੌਕੇ ਪ੍ਰੈੱਸ ਨਾਲ ਗੱਲਬਾਤ ਕਰਦਿਆਂ ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ (ਲੜਕੇ) ਦੇ ਹੈੱਡ ਟੀਚਰ ਸਰਦਾਰ ਬੂਟਾ ਸਿੰਘ, ਮਾਸਟਰ ਸ੍ਰੀ ਦੇਵ ਕ੍ਰਿਸਨ ਲੜਕੀਆਂ ਦੇ ਸਕੂਲ ਤੋਂ ਹੈੱਡ ਟੀਚਰ ਮੈਡਮ ਸ੍ਰੀਮਤੀ ਕੁਲਦੀਪ ਕੌਰ ਨੇ ਕਿਹਾ ਕਿ ਸਾਡੇ ਦੋਵਾਂ ਸਕੂਲਾਂ ਦੇ ਬੱਚੇ ਵਿੱਦਿਆ ਦੇ ਨਾਲ-ਨਾਲ ਖੇਡਾਂ ਦੇ ਖੇਤਰ ਵਿੱਚ ਵੀ ਮੋਹਰੀ ਹਨ। ਜਿੰਨ੍ਹਾਂ ਨੇ ਖੇਡਾਂ ਵਿੱਚ ਅੱਛਾ ਪ੍ਰਦਰਸ਼ਨ ਕਰਕੇ ਪੁਜੀਸ਼ਨਾਂ ਹਾਸਿਲ ਕੀਤੀਆਂ ਜਿੰਨ੍ਹਾਂ ਤੇ ਸਾਨੂੰ ਪੂਰਾ ਮਾਣ ਹੈ। ਬੱਚਿਆਂ ਦੀ ਅਗਵਾਈ ਕਰਨ ਵਾਲੇ ਮੈਡਮ ਜਸਪ੍ਰੀਤ ਕੌਰ ਅਤੇ ਖੋ-ਖੋ ਦੇ ਕੋਚ ਮੈਡਮ ਵੀਰਪਾਲ ਕੌਰ ਨੇ ਸਮੂਹ ਬੱਚਿਆਂ ਨੂੰ ਮੁਬਾਰਕਾਂ ਦਿੰਦਿਆਂ ਅੱਗੇ ਵਧਣ ਲਈ ਥਾਪੜਾ ਦਿੱਤਾ, ਇਸ ਮੌਕੇ ਸਕੂਲ ਸਟਾਫ ਵਿੱਚ ਹੈੱਡ ਟੀਚਰ ਸਰਦਾਰ ਬੂਟਾ ਸਿੰਘ, ਮਾਸਟਰ ਸ੍ਰੀ ਦੇਵ ਕ੍ਰਿਸ਼ਨ, ਮੈਡਮ ਲਵਜੋਤ ਕੌਰ ਮੈਡਮ ਵੀਰਪਾਲ ਕੌਰ, ਮੈਡਮ ਜਸਪ੍ਰੀਤ ਕੋਰ ਮੈਡਮ ਪੂਨਮ ਗੋਇਲ, ਲੜਕੀਆਂ ਦੇ ਸਕੂਲ ਤੋਂ ਹੈੱਡ ਟੀਚਰ ਸ੍ਰੀਮਤੀ ਕੁਲਦੀਪ ਕੌਰ ਮੈਡਮ ਹਰਦੀਪ ਕੌਰ, ਮੈਡਮ ਹਰਜਿੰਦਰ ਕੌਰ, ਮੈਡਮ ਸੁਮਨ ਬਾਲਾ, ਆਦਿ ਹਾਜਰ ਸਨ। ਦੋਵਾਂ ਸਕੂਲਾਂ ਦੇ ਸਟਾਫ ਨੇ ਕੋਚ ਮੈਡਮ ਵੀਰਪਾਲ ਕੌਰ ਦਾ ਵਿਸ਼ੇਸ਼ ਤੌਰ ਤੇ ਧੰਨਵਾਦ ਕਰਦਿਆਂ ਅੱਗੇ ਵਾਸਤੇ ਵੀ ਵਧੀਆ ਕੋਚਿੰਗ ਦੇ ਕੇ ਬੱਚਿਆਂ ਨੂੰ ਖੇਡਾਂ ਦੇ ਖੇਤਰ ਵਿੱਚ ਅੱਗੇ ਵਧਣ ਲਈ ਆਸ ਪ੍ਰਗਟਾਈ।

## 2027 'ਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਬਣੇਗੀ 'ਆਪ' ਦੀ ਸਰਕਾਰ- ਹਰਜਿੰਦਰ ਸਿੰਘ ਕਾਂਝਲਾ



**ਧੂਰੀ ( ਰਣਜੀਤ ਸਿੰਘ ਪੇਧਨੀ )** - ਜਦੋਂ ਤੋਂ ਆਮ ਆਦਮੀ ਪਾਰਟੀ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਅੰਦਰ ਸਰਕਾਰ ਬਣਾਈ ਹੈ ਤਾਂ ਪੰਜਾਬ ਦਾ ਦੇਸ਼ ਦੇ ਹੋਰਨਾਂ ਸੂਬਿਆਂ ਮੁਕਾਬਲੇ ਵਧੇਰੇ ਚਹੁ ਪੱਖੀ ਵਿਕਾਸ ਹੋਇਆ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਉੱਘੇ ਸਮਾਜ ਸੇਵੀ ਹਰਜਿੰਦਰ ਸਿੰਘ ਕਾਂਝਲਾ ਮੈਂਬਰ ਜਿਲ੍ਹਾ ਪ੍ਰੀਸ਼ਦ ਡਾਇਰੈਕਟਰ ਵੇਰਕਾ ਮਿਲਕ ਪਲਾਂਟ ਸੰਗਰੂਰ ਨੇ ਕੀਤਾ। ਉਨ੍ਹਾਂ ਕਿਹਾ ਕਿ ਸੂਬੇ ਦੇ ਲੋਕ ਪੰਜਾਬ ਸਰਕਾਰ ਦੀਆਂ ਨੀਤੀਆਂ ਤੋਂ ਪੂਰੀ ਤਰ੍ਹਾਂ ਸੰਤੁਸ਼ਟ ਹਨ ਜਿਸ ਕਰਕੇ ਉਹ 2027 ਦੀਆਂ ਵਿਧਾਨ ਸਭਾ ਚੋਣਾਂ ਵਿਚ ਫਿਰ ਤੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਦੀ ਸਰਕਾਰ ਬਣਾਉਣ ਲਈ ਹੁਣੇ ਤੋਂ ਉਤਾਵਲੇ ਹਨ। ਉਨ੍ਹਾਂ ਕਿਹਾ ਕਿ ਜਿੱਥੇ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਦੇ ਲੋਕਾਂ ਨੂੰ ਸਿਹਤ ਸਹੂਲਤਾਂ ਦੇਣ ਦੇ ਨਾਲ ਨਾਲ ਸਿੱਖਿਆ ਦੀ ਕ੍ਰਾਂਤੀ ਲਿਆਂਦੀ ਹੈ ਉੱਥੇ ਨਾਲ ਹੀ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਿਆ ਗਿਆ ਹੈ ਅਤੇ ਇਸ ਦੇ ਨਾਲ ਹੀ ਵੱਡੀ ਗਿਣਤੀ ਵਿਚ ਪੰਜਾਬ ਦੇ ਨੌਜਵਾਨਾਂ ਨੂੰ ਰੁਜ਼ਗਾਰ ਮੁਹੱਈਆ ਕਰਵਾਇਆ ਗਿਆ ਹੈ।

## ਗੁਰੂ ਘਰਾਂ ਦੀ ਮਰਿਆਦਾ ਤੇ ਸਿੱਖ ਭਾਵਨਾਵਾਂ ਦਾ ਸਤਿਕਾਰ ਹਰ ਹਾਲ 'ਚ ਬਰਕਰਾਰ ਰਹੇ : ਸਰਨਜੀਤ ਕੌਰ ਕਿਲਾ ਹਕੀਮਾਂ, ਸਰਪੰਚ ਅਮਰੀਕ ਸਿੰਘ ਕਿਲਾ ਹਕੀਮਾਂ



**ਧੂਰੀ ( ਰਣਜੀਤ ਸਿੰਘ ਪੇਧਨੀ )**- ਦਿੱਲੀ ਸਥਿਤ ਇਤਿਹਾਸਕ ਗੁਰਦੁਆਰਾ ਸ੍ਰੀ ਬੰਗਲਾ ਸਾਹਿਬ ਵਿਖੇ ਵਾਪਰੀ ਘਟਨਾ 'ਤੇ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਗੁਰਦੁਆਰਾ ਸਾਹਿਬਾਨ ਸਿੱਖ ਧਰਮ ਦੇ ਪਾਵਨ ਅਸਥਾਨ ਅਤੇ ਸਮੁੱਚੀ ਮਾਨਵਤਾ ਲਈ ਅਧਿਆਤਮਕ ਸ਼ਾਂਤੀ, ਸੇਵਾ ਤੇ ਸ਼ਰਧਾ ਦੇ ਕੇਂਦਰ ਹਨ, ਜਿਨ੍ਹਾਂ ਦੀ ਮਰਿਆਦਾ, ਪਰੰਪਰਾਵਾਂ ਅਤੇ ਸਿੱਖ ਭਾਵਨਾਵਾਂ ਦਾ ਸਤਿਕਾਰ ਕਰਨਾ ਹਰ ਵਿਅਕਤੀ ਦੀ ਜ਼ਿੰਮੇਵਾਰੀ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸ਼੍ਰੋਮਣੀ ਕਮੇਟੀ ਮੈਂਬਰ ਸਰਨਜੀਤ ਕੌਰ ਕਿਲਾ ਹਕੀਮਾਂ ਅਤੇ ਸਰਪੰਚ ਅਮਰੀਕ ਸਿੰਘ ਕਿਲਾ ਹਕੀਮਾਂ ਨੇ ਸਾਂਝੇ ਤੌਰ 'ਤੇ ਕੀਤਾ। ਉਨ੍ਹਾਂ ਕਿਹਾ ਕਿ ਗੁਰਦੁਆਰਾ ਸਾਹਿਬ ਵਿਖੇ ਨੰਗੇ ਸਿਰ ਅਤੇ ਜੁੱਤੀਆਂ ਸਮੇਤ ਦਾਖ਼ਲ ਹੋਣਾ ਸਿੱਖ ਮਰਿਆਦਾ ਦੇ ਉਲਟ ਹੈ। ਜੇਕਰ ਗੁਰਦੁਆਰਾ ਸ੍ਰੀ ਬੰਗਲਾ ਸਾਹਿਬ ਵਿਖੇ ਵਾਪਰੀ ਘਟਨਾ ਦੌਰਾਨ ਅਜਿਹਾ ਹੋਇਆ ਹੈ ਤਾਂ ਇਸ ਸਬੰਧੀ ਸਥਾਨਕ ਗੁਰਦੁਆਰਾ ਪ੍ਰਬੰਧਕਾਂ ਨੂੰ ਸਥਿਤੀ ਸਪੱਸ਼ਟ ਕਰਨੀ ਚਾਹੀਦੀ ਹੈ ਅਤੇ ਇਹ ਵੀ ਦੱਸਣਾ ਚਾਹੀਦਾ ਹੈ ਕਿ ਮਰਿਆਦਾ ਦੀ ਪਾਲਣਾ ਯਕੀਨੀ ਬਣਾਉਣ ਲਈ ਕੀ ਕਦਮ ਚੁੱਕੇ ਗਏ। ਉਨ੍ਹਾਂ ਕਿਹਾ ਕਿ ਗੁਰਦੁਆਰਾ ਸਾਹਿਬਾਨ ਅਜਿਹੇ ਪਾਵਨ ਅਸਥਾਨ ਹਨ, ਜਿੱਥੇ ਬਿਨਾਂ ਕਿਸੇ ਧਰਮ, ਜਾਤ, ਵਰਗ ਦੇ ਹਰ ਵਿਅਕਤੀ ਨੂੰ ਬਰਾਬਰ ਸਤਿਕਾਰ ਦਿੱਤਾ ਜਾਂਦਾ ਹੈ। ਇਨ੍ਹਾਂ ਅਸਥਾਨਾਂ ਦੀ ਸਥਾਪਨਾ ਦਾ ਮੂਲ ਸੰਦੇਸ਼ ਸਰਬੱਤ ਦੇ ਭਲੇ, ਆਪਸੀ ਸਦਭਾਵਨਾ ਅਤੇ ਮਾਨਵਤਾ ਦੀ ਸੇਵਾ ਨਾਲ ਜੁੜਿਆ ਹੋਇਆ ਹੈ, ਇਸ ਲਈ ਕਿਸੇ ਵੀ ਮਾਮਲੇ ਨੂੰ ਲੈ ਕੇ ਗੁਰਦੁਆਰਾ ਸਾਹਿਬਾਨ ਅੰਦਰ ਤਲਖ਼ੀ ਵਾਲਾ ਮਾਹੌਲ ਪੈਦਾ ਕਰਨਾ ਜਾਂ ਧਾਰਮਿਕ ਮਰਿਆਦਾ ਨੂੰ ਪ੍ਰਭਾਵਿਤ ਕਰਨ ਵਾਲੀਆਂ ਕਾਰਵਾਈਆਂ ਕਰਨਾ ਠੀਕ ਨਹੀਂ ਹੈ। ਉਨਾ ਕਿਹਾ ਕਿ ਧਾਰਮਿਕ ਅਸਥਾਨਾਂ ਦੀ ਪਵਿੱਤਰਤਾ ਅਤੇ ਮਰਿਆਦਾ ਨੂੰ ਹਰ ਤਰ੍ਹਾਂ ਦੇ ਵਿਵਾਦਾਂ ਤੋਂ ਉੱਪਰ ਰੱਖਣਾ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਸੋਸ਼ਲ ਮੀਡੀਆ 'ਤੇ ਅਜਿਹੀਆਂ ਘਟਨਾਵਾਂ ਦੀ ਚਰਚਾ ਅਤੇ ਪ੍ਰਸਾਰ ਨਾਲ ਸੰਗਤਾਂ ਦੀਆਂ ਧਾਰਮਿਕ ਭਾਵਨਾਵਾਂ ਪ੍ਰਭਾਵਿਤ ਹੁੰਦੀਆਂ ਹਨ। ਉਨ੍ਹਾਂ ਕਿਹਾ ਕਿ ਹਰ ਪੱਧਰ 'ਤੇ ਇਹ ਯਕੀਨੀ ਬਣਾਇਆ ਜਾਣਾ ਚਾਹੀਦਾ ਹੈ ਕਿ ਗੁਰਦੁਆਰਾ ਸਾਹਿਬਾਨ ਦੀ ਪਵਿੱਤਰਤਾ, ਸਤਿਕਾਰ ਅਤੇ ਮਰਿਆਦਾ ਨਾਲ ਕਿਸੇ ਵੀ ਤਰ੍ਹਾਂ ਦਾ ਸਮਝੌਤਾ ਨਾ ਹੋਵੇ।

## ਸ੍ਰ. ਕਰਤਾਰ ਸਿੰਘ ਸਿੱਧੂ ਦਾ ਦੇਹਾਂਤ, ਆਗੂਆਂ ਵੱਲੋਂ ਦੁੱਖ ਦਾ ਪ੍ਰਗਟਾਵਾ, ਭੋਗ ਅੱਜ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪਿੰਡ ਮਹਿਸਮਪੁਰ ਤੋਂ ਉੱਘੇ ਸਮਾਜ ਸੇਵੀ ਸਾਬਕਾ ਫੌਜੀ ਦਲਜੀਤ ਸਿੰਘ ਨੂੰ ਉਸ ਸਮੇਂ ਗਹਿਰਾ ਸਦਮਾ ਪੁੱਜਾ ਜਦੋਂ ਉਹਨਾ ਸਤਿਕਾਰਯੋਗ ਸਹੁਰਾ ਸਾਬ ਸ੍ਰ. ਕਰਤਾਰ ਸਿੰਘ ਸਿੱਧੂ ਅਚਾਨਕ ਪਰਿਵਾਰ ਨੂੰ ਸਦੀਵੀਂ ਵਿਛੋੜਾ ਦੇ ਗਏ ਹਨ। ਪਰਿਵਾਰ ਦੇ ਨਾਲ ਇਸ ਦੁੱਖ ਦੀ ਘੜੀ ਵਿੱਚ ਦੁੱਖ ਦਾ ਪ੍ਰਗਟਾਵਾ ਕਰਨ ਵਾਲਿਆਂ ਵਿੱਚ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਓਐਸਡੀ ਸੁਖਵੀਰ ਸਿੰਘ ਸੁੱਖੀ, ਚੇਅਰਮੈਨ ਰਾਜਵੰਤ ਸਿੰਘ ਘੁੱਲੀ, ਚੇਅਰਮੈਨ ਦਲਵੀਰ ਸਿੰਘ ਢਿੱਲੋ, ਡਾਕਟਰ ਅਨਵਰ ਭਸੌੜ ਮੈਂਬਰ ਵਕਫ ਬੋਰਡ ਪੰਜਾਬ, ਜਸਵੀਰ ਸਿੰਘ ਜੱਸੀ ਸੇਖੋਂ ਮੈਂਬਰ ਫੂਡ ਕਮਿਸ਼ਨ ਪੰਜਾਬ, ਅਮਰਦੀਪ ਸਿੰਘ ਧਾਂਦਰਾ ਮੈਂਬਰ ਬਲਾਕ ਸੰਮਤੀ, ਚੇਅਰਮੈਨ ਰਣਯੋਧ ਸਿੰਘ ਕਾਂਝਲਾ, ਚੇਅਰਮੈਨ ਰਛਪਾਲ ਸਿੰਘ ਭੁੱਲਰ, ਹਰਜਿੰਦਰ ਸਿੰਘ ਕਾਂਝਲਾ ਮੈਂਬਰ ਜਿਲ੍ਹਾ ਪ੍ਰੀਸ਼ਦ, ਗਗਨ ਜਵੰਦਾ ਪ੍ਰਧਾਨ ਟਰੱਕ ਯੂਨੀਅਨ ਧੂਰੀ, ਸਾਬਕਾ ਵਿਧਾਇਕ ਦਲਵੀਰ ਸਿੰਘ ਗੋਲਡੀ ਖੰਗੂੜਾ, ਹਲਕਾ ਇੰਚਾਰਜ ਰਣਜੀਤ ਸਿੰਘ ਰੰਧਾਵਾ ਕਾਤਰੋਂ, ਸ਼ੁਭਮ ਸ਼ਰਮਾ ਧੂਰੀ ਪ੍ਰਧਾਨ ਪੰਜਾਬ ਯੂਥ ਕਾਂਗਰਸ, ਸਰਪੰਚ ਹਰਦੀਪ ਸਿੰਘ ਦੌਲਤਪੁਰ, ਨਰਿੰਦਰ ਸਿੰਘ ਕਾਲਾਬੂਲਾ, ਸਾਧੂ ਸਿੰਘ ਪੇਧਨੀ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ, ਸਰਪੰਚ ਦਵਿੰਦਰ ਸਿੰਘ ਧੂਰਾ, ਸਰਪੰਚ ਲਾਲੀ ਬੰਗਾਵਾਲੀ, ਸਰਪੰਚ ਹਰਪਰੀਤ ਸਿੰਘ ਖੇੜੀ ਜੱਟਾਂ, ਸਰਪੰਚ ਅਮਰੀਕ ਸਿੰਘ ਕਿਲਾ, ਸਰਪੰਚ ਸੁਖਚੈਨ ਸਿੰਘ ਮੂਲੋਵਾਲ, ਸਰਪੰਚ ਜਗਸੀਰ ਸਿੰਘ ਜੱਗਾ ਭੋਜੋਵਾਲੀ, ਸਰਪੰਚ ਭਗਵਾਨ ਸਿੰਘ ਭਲਵਾਨ, ਸਰਪੰਚ ਰਾਜੂ ਬਰੜਵਾਲ, ਆਪ ਆਗੂ ਸੁਖਦੀਪ ਸਿੰਘ ਚੀਮਾ, ਸਰਪੰਚ ਗੋਗਾ ਦੁਗਨੀ, ਆਪ ਆਗੂ ਭਰਭੂਰ ਸਿੰਘ ਢਢੋਗਲ, ਆਪ ਆਗੂ ਅਵਤਾਰ ਸਿੰਘ ਤਾਰੀ ਭਸੌੜ, ਆਤਮਾ ਸਿੰਘ ਢਢੋਗਲ, ਭਿੰਦਾ ਵਿਰਕ, ਮਾਣਾ ਗਰੇਵਾਲ, ਪੱਤਰਕਾਰ ਰਣਜੀਤ ਸਿੰਘ ਪੇਧਨੀ ਆਦਿ ਆਗੂਆਂ ਨੇ ਜਿੱਥੇ ਪਰਿਵਾਰ ਦੇ ਨਾਲ ਦੁੱਖ ਸਾਂਝਾ ਕੀਤਾ, ਉੱਥੇ ਹੀ ਪਰਮਾਤਮਾ ਅੱਗੇ ਅਰਦਾਸ ਕੀਤੀ ਕਿ ਪਰਮਾਤਮਾ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸੇ ਅਤੇ ਪਿੱਛੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ੇ।

## ਮੀਂਹ ਅਤੇ ਗੜੇਮਾਰ ਨਾਲ ਝੋਨੇ ਦੀ ਫਸਲ ਦੇ ਹੋਏ ਨੁਕਸਾਨ ਦੀ ਅਸੈੱਸਮੈਂਟ ਕਰਵਾ ਕੇ

# ਤੁਰੰਤ ਮੁਆਵਜਾ ਦਿੱਤਾ ਜਾਵੇ : ਹਰਿੰਦਰਪਾਲ ਸਿੰਘ ਚੰਦੂਮਾਜਰਾ



**ਚੰਡੀਗੜ੍ਹ, 12 ਅਕਤੂਬਰ (ਆਵਾਜ਼ਿ ਕੌਮ ਬਿਊਰੋ)**- ਪੰਜਾਬ ਵਿੱਚ ਹੋਈ ਬਰਸਾਤ ਨਾਲ ਖੜੀ ਫਸਲ ਅਤੇ ਮੰਡੀਆਂ ਵਿੱਚ ਪਏ ਝੋਨੇ ਦੇ ਨੁਕਸਾਨ ਦੀ ਅਸੈੱਸਮੈਂਟ ਕਰਵਾ ਕੇ ਪੰਜਾਬ ਸਰਕਾਰ ਤੁਰੰਤ ਮੁਆਵਜਾ ਦੇਵੇ। ਪੰਜਾਬ ਸਰਕਾਰ ਤੋਂ ਇਹ ਮੰਗ ਸ਼੍ਰੋਮਣੀ ਅਕਾਲੀ ਦਲ ਪੁਨਰ-ਸੁਰਜੀਤ ਦੇ ਜਰਨਲ ਸਕੱਤਰ ਅਤੇ ਮੁੱਖ ਬੁਲਾਰੇ ਸ ਹਰਿੰਦਰਪਾਲ ਸਿੰਘ ਚੰਦੂਮਾਜਰਾ ਨੇ ਇਕ ਪ੍ਰੈਸ ਕਾਨਫਰੰਸ ਰਾਹੀਂ ਕੀਤੀ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ ਚੰਦੂਮਾਜਰਾ ਨੇ ਕਿਹਾ ਕਿ ਮੀਂਹ ਨੇ ਪੰਜਾਬ ਸਰਕਾਰ ਦੇ ਮਾੜੇ ਪ੍ਰਬੰਧਾਂ ਦੀ ਪੋਲ ਹੀ ਨਹੀਂ ਖੋਲ੍ਹੀ ਸਗੋਂ ਇਸਤੋਂ ਅੱਗੇ ਵੀ ਇਕ ਹੋਰ ਸਮੱਸਿਆ ਆਉਣ ਵਾਲੀ ਹੈ ਜਿਵੇਂ ਕਿ ਮੀਂਹ ਨਾਲ ਫਸਲ ਦਾ ਦਾਣਾ ਨੁਕਸਾਨਿਆ ਗਿਆ ਹੈ। ਇਹ ਦਾਗੀ ਦਾਣਾ ਮਾਲ ਦੀ ਖਰੀਦ ਵੇਲੇ ਕਿਸਾਨ ਅਤੇ ਸ਼ੈਲਰ ਮਾਲਕਾਂ ਵਿੱਚ ਟਕਰਾਅ ਦਾ ਕਾਰਨ ਬਣੇਗਾ। ਏਸੇ ਤਰਾਂ ਨਮੀ ਦਾ ਮਾਮਲਾ ਜੋ ਪਹਿਲਾਂ ਨਹੀਂ ਨਜਿੱਠਿਆ ਗਿਆ, ਮੀਂਹ ਤੋਂ ਬਾਦ ਝੋਨੇ ਵਿੱਚ ਨਮੀ ਵਧਣ ਨਾਲ ਹੋਰ ਵੀ ਉਲਝੇਗਾ। ਸੋ ਸਰਕਾਰ ਨੂੰ ਇਸਦੇ ਹੱਲ ਵਜੋਂ ਕੁਆਲਟੀ ਅਤੇ ਨਮੀ ਦੀ ਮਾਤਰਾ ਹੱਦ ਵੱਧ ਤਹਿ ਕਰਨੀ ਚਾਹੀਦੀ ਹੈ। ਸ ਚੰਦੂਮਾਜਰਾ ਨੇ ਕਿਹਾ ਕਿ ਕਿਸਾਨ, ਆੜ੍ਹਤੀਆ ਅਤੇ ਸ਼ੈਲਰ ਮਾਲਕ ਪੰਜਾਬ ਦੇ ਮੰਡੀਕਰਨ ਢਾਂਚੇ ਦੀਆਂ ਅਹਿਮ ਕੜੀਆਂ ਹਨ ਜਿੰਨਾਂ ਵਿੱਚੋ ਇਕ ਵੀ ਕੰਮਜ਼ੋਰ ਹੋਇਆ ਤਾਂ ਇਹ ਢਾਂਚਾ ਚਰਮਰਾ ਜਾਵੇਗਾ। ਕਿਸਾਨਾਂ ਨੂੰ ਕੁਦਰਤ ਅਤੇ ਸਰਕਾਰ ਦੀ ਦੋਹਰੀ ਮਾਰ ਪੈ ਰਹੀ ਹੈ। ਚੁਣੌਤੀਆਂ ਦਾ ਸਾਮਨਾ ਕਰ ਰਹੀ ਸ਼ੈਲਰ ਇੰਡਸਟਰੀ ਲਈ ਹਰਿਆਣਾ ਦੀ ਤਰਜ਼ ਤੇ ਮਿਲਿੰਗ ਲਈ ਪੰਜਾਬ ਸਰਕਾਰ 30 ਰੁਪਏ ਬੋਨਸ ਦੇਵੇ। ਜਿਵੇਂ ਕਿ ਹਰਿਆਣਾ ਸਰਕਾਰ ਆਪਣੇ ਤੌਰ 'ਤੇ ਦਿੰਦੀ ਹੈ। ਪਰ ਪੰਜਾਬ ਸਰਕਾਰ ਅਜਿਹਾ ਕੁੱਝ ਨਹੀਂ ਕਰਦੀ। ਉਲਟਾ ਪੰਜਾਬ ਅੰਦਰ ਸਟੋਰੇਜ ਦੀ ਗੰਭੀਰ ਚੁਣੌਤੀ ਵੀ ਸਾਮਣੇ ਖੜ੍ਹੀ ਹੈ ਇਸ ਲਈ ਵੀ ਪੰਜਾਬ ਸਰਕਾਰ ਵਲੋ ਕੇਂਦਰ ਨਾਲ ਕੋਈ ਅਸਰਦਾਇਕ ਤਾਲਮੇਲ ਕਰਨ ਦਾ ਯਤਨ ਨਹੀਂ ਕੀਤਾ । ਸ ਚੰਦੂਮਾਜਰਾ ਨੇ ਕਿਹਾ ਕਿ ਸ਼ੈਲਰ ਮਾਲਕਾਂ 'ਤੇ ਇਕ ਹੋਰ ਮਾਰੂ ਵਾਰ ਹੋਇਆ ਹੈ, ਜਿਵੇਂ ਕਿ ਹਾਈਬ੍ਰਿਡ ਬੀਜ ਦਾ 45 ਫੀਸਦੀ ਬ੍ਰੋਕਨ ਦਾਣਾ ਹੁੰਦਾ ਹੈ ਜਿਸ 'ਤੇ ਸਰਕਾਰ ਵੱਲੋਂ 25 ਫੀਸਦੀ ਦੀ ਛੋਟ ਸੀ ਪਰ ਹੁਣ ਉਸ ਨੂੰ ਘਟਾ ਕੇ 10 ਫੀਸਦੀ ਕਰ ਦਿੱਤਾ ਗਿਆ ਹੈ। ਇਹ ਦਸ ਫ਼ੀਸਦੀ ਬ੍ਰੋਕਨ ਵਾਲੀ ਕਵਾਲਿਟੀ ਵਿੱਚ ਪਿਛਲੀ ਵਾਰ ਪੰਜਾਬ ਦਾ ਸਿਰਫ ਦਸ ਫੀਸਦੀ ਹਿੱਸਾ ਸੀ ਜੋ ਇਸ ਵਾਰ ਵਧਾ ਕੇ ਸੌ ਫੀਸਦੀ ਕਰ ਦਿੱਤੀ ਗਈ ਹੈ। ਮਤਲਬ ਕਿ ਦਸ ਫੀਸਦੀ ਬ੍ਰੋਕਨ ਦਾਣੇ ਨਾਲ ਹੀ ਸਾਰਾ ਮਾਲ ਖਰੀਦਿਆ ਜਾਵੇਗਾ, ਜੋ ਸ਼ੈਲਰ ਮਾਲਕਾਂ ਦੀ ਆਰਥਿਕ ਹਾਲਤ ਨੂੰ ਤਬਾਹ ਕਰਨ ਦੇ ਬਰਾਬਰ ਹੈ। 200 ਰੁਪਏ ਪ੍ਰਤੀ ਕੁਇੰਟਲ ਦਾ ਕਟ ਜੋ ਹਾਈਬ੍ਰਿਡ ਬੀਜ਼ ਤੇ ਲੱਗ ਰਿਹਾ ਹੈ। ਸ ਚੰਦੂਮਾਜਰਾ ਨੇ ਅੱਗੇ ਦੱਸਿਆ ਕਿ ਪਿਛਲੇ ਸਾਲ ਝੋਨੇ ਦੀ ਖਰੀਦ ਲਿਮਟ 190 ਲੱਖ ਮੀਟਰਕ ਟਨ ਸੀ ਜੋ ਇਸ ਵਾਰ ਘਟਾ ਕੇ 180 ਲੱਖ ਮੀਟਰਕ ਟਨ ਕਰ ਦਿੱਤੀ ਗਈ ਹੈ ਜਦਕਿ ਮੰਡੀਆਂ ਵਿੱਚ 200 ਲੱਖ ਮੀਟਰਕ ਟਨ ਤੋਂ ਵੱਧ ਫਸਲ ਦੇ ਆਉਣ ਦੀ ਉਮੀਦ ਹੈ। ਸ ਚੰਦੂਮਾਜਰਾ ਨੇ ਦੋਸ਼ ਲਗਾਇਆ ਕਿ ਇਸ ਘਟਾਈ ਗਈ ਲਿਮਟ ਬਾਰੇ ਪੰਜਾਬ ਸਰਕਾਰ ਨੇ ਕੋਈ ਨੋਟਿਸ ਨਹੀਂ ਲਿਆ ਅਤੇ ਨਾਂ ਹੀ ਕੇਂਦਰ ਸਰਕਾਰ ਕੋਲ ਇਹ ਮੁੱਦਾ ਉਠਾਇਆ ਹੈ। ਇਹ ਸਾਰੇ ਘਟਨਾਕ੍ਰਮ ਨੂੰ ਧਿਆਨ ਨਾਲ ਵਾਚਿਆਂ ਸਪੱਸ਼ਟ ਹੁੰਦਾ ਹੈ ਕਿ ਪੰਜਾਬ ਸਰਕਾਰ ਮੰਡੀਕਰਨ ਢਾਂਚੇ ਨੂੰ ਮਜ਼ਬੂਤ ਕਰਨ ਲਈ ਕੇਂਦਰ ਸਰਕਾਰ ਨਾਲ ਸੁਹਿਰਦ ਗੱਲਬਾਤ ਨਹੀਂ ਕਰ ਰਹੀ। ਪੰਜਾਬ ਸਰਕਾਰ ਦੇ ਮੁਖੀ ਤੇ ਉਹਨਾਂ ਦੀ ਜੁੰਡਲੀ ਪੰਜਾਬ ਅੰਦਰ ਇਕ ਐਸੇ ਸਿਆਸੀ ਪਿੜ ਦੀ ਤਿਆਰੀ ਕਰ ਰਹੀ ਹੈ, ਜਿਸ ਵਿੱਚ ਸਾਰੀਆ ਪਾਰਟੀਆਂ ਇਕ ਦੂਜੇ ਖਿਲਾਫ ਸਿਰਫ਼ ਦੂਸ਼ਣਬਾਜ਼ੀਆ ਕਰਦੀਆ ਹੀ ਨਜ਼ਰ ਆ ਰਹੀਆਂ ਹਨ। ਸਰਕਾਰਾਂ ਮੰਡੀਕਰਣ ਢਾਂਚੇ ਨੂੰ ਖਤਮ ਕਰਨ ਲਈ ਇਸਦੇ ਮੁੱਖ ਹਿੱਸਿਆ 'ਤੇ ਵਾਰ ਕਰ ਰਹੀਆਂ ਹਨ। ਪੰਜਾਬ ਸਰਕਾਰ ਪੂਰੀ ਤਰਾਂ ਚੁਪ ਧਾਰ ਕੇ ਇਸ ਵਿੱਚ ਹਿੱਸੇਦਾਰ ਬਣ ਰਹੀ ਹੈ। ਬਿਆਨ ਦੇ ਅਖੀਰ ਵਿੱਚ ਸ ਚੰਦੂਮਾਜਰਾ ਨੇ ਕਿਹਾ ਕਿ ਜੇ ਇਹ ਗੱਲ ਝੂਠ ਹੈ ਤਾਂ ਪੰਜਾਬ ਸਰਕਾਰ ਦੱਸੇ ਕਿ ਉਸ ਨੇ ਖਰੀਦ ਲਿਮਟ ਘਟਾਉਣ, ਬ੍ਰੋਕਨ ਦਾਣੇ ਦੀ ਖਰੀਦ ਵਿਚਲੀ ਛੋਟ ਘਟਾਉਣ ਜਾਂ ਸਟੋਰੇਜ ਦੀ ਜਗਾਹ ਬਣਾਉਣ ਵਾਸਤੇ ਕਿਥੇ ਅਵਾਜ ਉਠਾਈ ਹੈ ਅਤੇ ਹੁਣ ਤੱਕ ਕੀ ਕਾਰਵਾਈ ਕੀਤੀ ਹੈ ? ਉਹਨਾਂ ਕਿਹਾ ਕਿ ਇਸ ਸਾਰੇ ਮਾਮਲੇ 'ਤੇ ਬੁੱਧਵਾਰ 14 ਅਕਤੂਬਰ ਨੂੰ ਸਾਰੇ ਜਿਲ੍ਹਾ ਹੈੱਡਕੁਆਰਟਰਾਂ 'ਤੇ ਡਿਪਟੀ ਕਮਿਸ਼ਨਰਾਂ ਨੂੰ ਮੰਗ ਪੱਤਰ ਦਿੱਤੇ ਜਾਣਗੇ। ਅੱਜ ਦੀ ਇਸ ਪ੍ਰੈੱਸ ਕਾਨਫਰੰਸ ਵਿੱਚ ਸ ਚੰਦੂਮਾਜਰਾ ਤੋਂ ਇਲਾਵਾ ਦਫ਼ਤਰ ਸਕਤਰ ਜਗਜੀਤ ਸਿੰਘ ਕੋਹਲੀ, ਸ ਰਣਬੀਰ ਸਿੰਘ ਪੂਨੀਆ, ਸ ਦਵਿੰਦਰ ਸਿੰਘ ਸੋਢੀ, ਸ ਅਰਵਿੰਦਰ ਸਿੰਘ ਪੈਂਟਾ, ਸ ਸਰਬਜੀਤ ਸਿੰਘ ਕਾਦੀਮਾਜਰਾ, ਸ ਦਰਸ਼ਨ ਸਿੰਘ ਕੰਸਾਲਾ, ਸ ਸੁਰਿੰਦਰ ਸਿੰਘ ਕਾਦੀਮਾਜਰਾ ਆਦਿ ਆਗੂ ਹਾਜ਼ਰ ਸਨ । ਇਹ ਪ੍ਰੈੱਸ ਬਿਆਨ ਮੀਡੀਆ ਇੰਚਾਰਜ ਸ ਤਜਿੰਦਰ ਸਿੰਘ ਪੰਨੂ ਵੱਲੋਂ ਮੀਡੀਆ ਨੂੰ ਜਾਰੀ ਕੀਤਾ ਗਿਆ।

**ਪਾਰਟੀ ਵੱਲੋਂ 14 ਅਕਤੂਬਰ ਨੂੰ ਜਿਲ੍ਹਾ ਹੈੱਡਕੁਆਰਟਰਾਂ 'ਤੇ ਦਿੱਤੇ ਜਾਣਗੇ ਮੰਗ ਪੱਤਰ**

## ਪਿੰਡ ਨਵਾਂ ਬਾਰੇ ਕੇ ਵਿੱਚ ਗੰਦੇ ਨਾਲੇ ਦੀ ਸ.ਫਾਈ ਨਾ ਹੋਣ ਕਾਰਨ

# ਸੰਗਤ ਨੇ ਖੁਦ ਚੁੱਕਿਆ ਕਦਮ



ਫ਼ਿਰੋਜ਼ਪੁਰ, 12 ਅਕਤੂਬਰ (ਮਨੋਹਰ ਲਾਲ):— ਪਿੰਡ ਨਵਾਂ ਬਾਰੇ ਕੇ ਵਿਖੇ ਲਗਭਗ 10 ਸਾਲਾਂ ਤੋਂ ਬਣਿਆ ਗੰਦਾ ਨਾਲਾ ਬੰਦ ਹੋਣ ਕਾਰਨ ਗੰਦਾ ਪਾਣੀ ਦੁਕਾਨਾਂ ਵਿੱਚ ਵੜ ਰਿਹਾ ਹੈ। ਇਸ ਸਮੱਸਿਆ ਤੋਂ ਪ੍ਰੇਸ਼ਾਨ ਹੋ ਕੇ ਪਿੰਡ ਨਵਾਂ ਬਾਰੇ ਕੇ ਦੀ ਸੰਗਤ ਵੱਲੋਂ ਜੇ.ਸੀ.ਬੀ ਮੰਗਵਾ ਕੇ ਖੁਦ ਆਪਣੇ ਪੱਧਰ ਤੇ ਨਾਲੇ ਦੀ ਸਫ਼ਾਈ ਕਰਵਾਈ ਗਈ ਹੈ। ਇਸ ਮੌਕੇ ਸਮੂਹ ਸੰਗਤ ਜਿਨ੍ਹਾਂ ਵਿੱਚ ਜਥੇਦਾਰ ਬਾਬਾ ਬੋਹੜ ਸਿੰਘ, ਗੁਰਮੇਲ ਸਿੰਘ ਹਲਵਾਈ, ਸੁਖਚੈਨ ਸਿੰਘ ਸਰਵਿਸ ਸਟੇਸ਼ਨ, ਨਿਸ਼ਾਨ ਸਿੰਘ, ਗੁਰਮੀਤ ਸਿੰਘ ਕਰਿਆਨੇ ਵਾਲੇ, ਨਾਹਰ ਸਿੰਘ, ਸੇਨਾ ਸਿੰਘ, ਸੋਨੂ ਟੈਂਟ ਵਾਲੇ ਅਤੇ ਸੁੱਚਾ ਸਿੰਘ ਟੈਂਟ ਵਾਲਿਆਂ ਨੇ ਦੱਸਿਆ ਕਿ ਇਸ ਨਾਲੇ ਨੂੰ ਬਣਿਆਂ ਲਗਭਗ 10 ਸਾਲ ਹੋ ਗਏ ਹਨ ਪਰ ਕਦੇ ਵੀ ਪ੍ਰਸ਼ਾਸਨ ਜਾਂ ਸਰਪੰਚ ਵੱਲੋਂ ਇਸ ਦੀ ਸਫ਼ਾਈ ਨਹੀਂ ਕਰਵਾਈ ਗਈ। ਪਿੰਡ ਵਾਸੀਆਂ ਨੇ ਦੱਸਿਆ ਕਿ ਜਦੋਂ ਉਨ੍ਹਾਂ ਨੇ ਮੌਜੂਦਾ ਸਰਪੰਚ ਕਰਮਜੀਤ ਸਿੰਘ ਨਾਲ ਗੱਲਬਾਤ ਕੀਤੀ ਤਾਂ ਪਹਿਲਾਂ ਉਹ ਲਾਰੇ ਲਾਉਂਦੇ ਰਹੇ ਅਤੇ ਬਾਅਦ ਵਿੱਚ ਕਹਿ ਦਿੱਤਾ ਕਿ ਉਸ ਨੂੰ ਸਰਪੰਚ ਬਣੇ ਦੋ ਸਾਲ ਹੋ ਗਏ ਹਨ ਪਰ ਪ੍ਰਸ਼ਾਸਨ ਵੱਲੋਂ ਕੋਈ ਮਦਦ ਨਹੀਂ ਮਿਲ ਰਹੀ। ਪ੍ਰਸ਼ਾਸਨਿਕ ਅਣਗਹਿਲੀ ਤੋਂ ਤੰਗ ਆ ਕੇ ਪਿੰਡ ਵਾਲਿਆਂ ਨੇ ਇਕੱਠੇ ਹੋ ਕੇ ਆਪਸੀ ਸਹਿਯੋਗ ਨਾਲ ਗੰਦੇ ਨਾਲੇ ਦੀ ਸਫ਼ਾਈ ਕਰਵਾਈ ਹੈ। ਇਸ ਮੌਕੇ ਵਿਸ਼ੇਸ਼ ਤੌਰ ਤੇ ਬਾਬਾ ਬੋਹੜ ਸਿੰਘ ਦਾ ਯੋਗਦਾਨ ਰਿਹਾ ਹੈ ਅਤੇ ਨਾਲ ਦੀ ਨਾਲ ਸਹਿਯੋਗ ਰਿਹਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਪ੍ਰਤਾਪ ਸਿੰਘ ਏਕ ਨੂਰ ਖਾਲਸਾ ਫੌਜ ਨੂੰ ਗਹਿਰਾ ਸਦਮਾ ਸਤਿਕਾਰਯੋਗ ਮਾਤਾ ਸਰਦਾਰਨੀ ਗੁਰਜੀਤ ਕੌਰ ਦਾ 6 ਅਕਤੂਬਰ ਨੂੰ ਹੋਇਆ ਅਕਾਲ ਚਲਾਣਾ



ਫ਼ਿਰੋਜ਼ਪੁਰ, 12 ਅਕਤੂਬਰ (ਮਨੋਹਰ ਲਾਲ) :— ਪ੍ਰਤਾਪ ਸਿੰਘ ਏਕ ਨੂਰ ਖਾਲਸਾ ਫੌਜ ਨੂੰ ਗਹਿਰਾ ਸਦਮਾ ਸਤਿਕਾਰਯੋਗ ਮਾਤਾ ਸਰਦਾਰਨੀ ਗੁਰਜੀਤ ਕੌਰ ਪਤਨੀ ਸਰਧਾ ਸਿੰਘ ਪਿੰਡ ਗੱਟਾ ਬਾਦਸ਼ਾਹ ਜੋ ਕਿ 6 ਅਕਤੂਬਰ ਨੂੰ ਅਕਾਲ ਚਲਾਣਾ ਕਰ ਗਏ। ਮਾਤਾ ਗੁਰਜੀਤ ਕੌਰ ਆਪਣੀ ਜਿੰਦਗੀ ਦੀਆਂ 84 ਕੁ ਬਹਾਰਾਂ ਵੇਖ ਕੇ ਸਦਾ ਸਦਾ ਲਈ ਇਸ ਫਾਨੀ ਸੰਸਾਰ ਨੂੰ ਅਲਵਿਦਾ ਕਹਿ ਗਏ ਉਹ ਆਪਣੇ ਪਿਛੇ ਦੋ ਪੁੱਤਰ ਪ੍ਰਤਾਪ ਸਿੰਘ ਅਤੇ ਜੋਗਾ ਸਿੰਘ ਅਤੇ ਚਾਰ ਬੇਟੀਆਂ ਜਸਵਿੰਦਰ ਕੌਰ, ਕੁਲਵਿੰਦਰ ਕੌਰ, ਸਵਿੰਦਰ ਕੌਰ, ਨਿਰਮਲ ਕੌਰ ਨੂੰ ਰੋਂਦਿਆਂ ਹੋਇਆਂ ਵਾਹਿਗੁਰੂ ਆਸਰੇ ਛੱਡ ਗਏ। ਮਾਤਾ ਗੁਰਜੀਤ ਕੌਰ ਬਹੁਤ ਹੀ ਧਾਰਮਿਕ ਖਿਆਲਾਂ ਦੇ ਸਨ ਅਤੇ ਉਹ ਘਰ ਵਿੱਚ ਭਾਵੇਂ ਕੋਈ ਵੀ ਆ ਜਾਂਦਾ ਚਾਹ ਪਾਣੀ ਲੰਗਰ ਪ੍ਰਸ਼ਾਦੇ ਖੁਆਉਣ ਤੋਂ ਬਗੈਰ ਘਰ ਵਿੱਚੋਂ ਨਹੀਂ ਸੀ ਜਾਣ ਦਿੰਦੇ। ਇਸ ਕਰਕੇ ਮਾਤਾ ਗੁਰਜੀਤ ਕੌਰ ਨੂੰ ਰੱਬੀ ਰੂਹ ਹਰ ਕੋਈ ਕਹਿੰਦਾ ਸੀ ਉਨ੍ਹਾਂ ਦੇ ਅਕਾਲ ਚਲਾਣਾ ਕਰ ਜਾਣ ਨਾਲ ਹਰ ਕਿਸੇ ਨੇ ਪ੍ਰਤਾਪ ਸਿੰਘ ਨਾਲ ਦੁੱਖ ਦਾ ਪ੍ਰਗਟਾਵਾ ਕਰਦਿਆਂ ਹਰ ਕਿਸੇ ਨੇ ਮਾਤਾ ਜੀ ਨੂੰ ਰੱਬੀ ਰੂਹ ਕਿਹਾ। ਉਨ੍ਹਾਂ ਦੀ ਅੰਤਿਮ ਅਰਦਾਸ ਤੇ ਪਾਠ ਦਾ ਭੋਗ ਬੁੱਧਵਾਰ 14 ਅਕਤੂਬਰ 2026 ਨੂੰ ਬਾਅਦ ਦੁਪਹਿਰੇ 12 ਤੋਂ 1 ਵਜੇ ਤੱਕ ਗੁਰਦੁਆਰਾ ਸਾਹਿਬ ਪਿੰਡ ਗੱਟਾ ਬਾਦਸ਼ਾਹ ਵਿਖੇ ਪਾਇਆ ਜਾਵੇਗਾ।

## ਜਸਬੀਰ ਸਿੰਘ ਭੁੱਲਰ ਬਣੇ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਹਲਕਾ ਫਿਰੋਜ਼ਪੁਰ ਸ਼ਹਿਰੀ ਦੇ ਕੋਆਡੀਨੇਟਰ



ਫ਼ਿਰੋਜ਼ਪੁਰ, 12 ਅਕਤੂਬਰ (ਮਨੋਹਰ ਲਾਲ) :— ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਵੱਲੋਂ ਪਾਰਟੀ ਦੇ ਸੰਗਠਨ ਨੂੰ ਮਜ਼ਬੂਤ ਕਰਨ ਲਈ ਅਹਿਮ ਕਦਮ ਚੁੱਕਦਿਆਂ ਜਸਬੀਰ ਸਿੰਘ ਭੁੱਲਰ ਨੂੰ ਹਲਕਾ ਫਿਰੋਜ਼ਪੁਰ ਸ਼ਹਿਰੀ ਦਾ ਕੋਆਡੀਨੇਟਰ ਨਿਯੁਕਤ ਕੀਤਾ ਗਿਆ ਹੈ। ਇਸ ਨਿਯੁਕਤੀ ਤੋਂ ਬਾਅਦ ਸਮੂਹ ਜ਼ਿਲ੍ਹਾ ਫਿਰੋਜ਼ਪੁਰ ਵਿੱਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ ਅਤੇ ਪਾਰਟੀ ਵਰਕਰਾਂ ਵੱਲੋਂ ਭਰਵਾਂ ਸਵਾਗਤ ਕੀਤਾ ਜਾ ਰਿਹਾ ਹੈ।

ਇਸ ਮੌਕੇ ਡਾਕਟਰ ਮੁਖਤਿਆਰ ਸਿੰਘ ਜ਼ਿਲ੍ਹਾ ਪ੍ਰਧਾਨ, ਕਰਨੈਲ ਸਿੰਘ ਭਾਵੜਾ ਸੀਨੀਅਰ ਆਗੂ, ਬਰਜਿੰਦਰ ਸਿੰਘ ਜ਼ਿਲ੍ਹਾ ਪੰਥਕ ਜ਼ਿਲ੍ਹਾ ਪ੍ਰਧਾਨ ਪੰਥਕ ਕੌਂਸਲ, ਰਸ਼ਪਾਲ ਸਿੰਘ ਪੰਥਕ ਮੈਂਬਰ ਪੰਜਾਬ, ਬਲਵਿੰਦਰ ਸਿੰਘ ਸੂਬਾ ਕਦੀਮ, ਸੁਖਜੀਤ ਸਿੰਘ ਭੁੱਲਰ, ਨਿਸ਼ਾਨ ਸਿੰਘ ਭੁੱਲਰ ਅਤੇ ਸੁਰਜੀਤ ਸਿੰਘ ਫਿਰੋਜ਼ਪੁਰ ਸ਼ਹਿਰ ਨੇ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਗਿਆਨੀ ਹਰਪ੍ਰੀਤ ਸਿੰਘ, ਜਨਰਲ ਸਕੱਤਰ ਗੁਰਪਤਾਪ ਸਿੰਘ ਵਡਾਲਾ ਅਤੇ ਸਮੂਹ ਲੀਡਰਸ਼ਿਪ ਦਾ ਧੰਨਵਾਦ ਕੀਤਾ। ਆਗੂਆਂ ਨੇ ਕਿਹਾ ਕਿ ਪਾਰਟੀ ਹਾਈਕਮਾਂਡ ਦਾ ਇਹ ਫੈਸਲਾ ਬਹੁਤ ਹੀ ਸਲਾਘਾਯੋਗ ਹੈ ਅਤੇ ਇਸ ਨਾਲ ਜ਼ਿਲ੍ਹੇ ਵਿੱਚ ਪਾਰਟੀ ਹੋਰ ਜ਼ਿਆਦਾ ਮਜ਼ਬੂਤ ਹੋਵੇਗੀ। ਨਿਯੁਕਤੀ ਮਗਰੋਂ ਗੱਲਬਾਤ ਕਰਦਿਆਂ ਨਵ ਨਿਯੁਕਤ ਕੋਆਡੀਨੇਟਰ ਜਸਬੀਰ ਸਿੰਘ ਭੁੱਲਰ ਨੇ ਪਾਰਟੀ ਲੀਡਰਸ਼ਿਪ ਦਾ ਧੰਨਵਾਦ ਕਰਦਿਆਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਪਾਰਟੀ ਨੇ ਉਨ੍ਹਾਂ ਨੂੰ ਜੋ ਜ਼ਿਲ੍ਹਾ ਫਿਰੋਜ਼ਪੁਰ ਸ਼ਹਿਰੀ ਦੇ ਕੋਆਡੀਨੇਟਰ ਦੀ ਅਹਿਮ ਜ਼ਿੰਮੇਵਾਰੀ ਸੌਂਪੀ ਹੈ, ਉਹ ਇਸ ਸੇਵਾ ਨੂੰ ਪੂਰੇ ਤਨ, ਮਨ ਅਤੇ ਲਗਨ ਨਾਲ ਨਿਭਾਉਣਗੇ। ਉਨ੍ਹਾਂ ਕਿਹਾ ਕਿ ਉਹ ਹਮੇਸ਼ਾ ਪਾਰਟੀ ਦੀ ਚੜ੍ਹਦੀ ਕਲਾ ਅਤੇ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਹਿੱਤਾਂ ਲਈ ਦਿਨ ?ਰਾਤ ਮਿਹਨਤ ਕਰਕੇ ਕੰਮ ਕਰਨਗੇ। ਇਸ ਮੌਕੇ ਇਲਾਕੇ ਭਰ ਦੇ ਪਾਰਟੀ ਵਰਕਰਾਂ ਅਤੇ ਮੋਹਤਬਰਾਂ ਨੇ ਜਸਬੀਰ ਸਿੰਘ ਭੁੱਲਰ ਨੂੰ ਫੁੱਲਾਂ ਦੇ ਹਾਰ ਪਾ ਕੇ ਅਤੇ ਮੂੰਹ ਮਿੱਠਾ ਕਰਵਾ ਕੇ ਵਧਾਈਆਂ ਦਿੱਤੀਆਂ ਅਤੇ ਉਮੀਦ ਪ੍ਰਗਟਾਈ ਕਿ ਉਨ੍ਹਾਂ ਦੀ ਅਗਵਾਈ ਹੇਠ ਹਲਕੇ ਵਿੱਚ ਪਾਰਟੀ ਦਾ ਅਧਾਰ ਹੋਰ ਵਿਸ਼ਾਲ ਹੋਵੇਗਾ।

## ਹਲਕਾ ਜੰਡਿਆਲਾ ਗੁਰੂ ਤੋਂ ਪੈਰਾਸ਼ੂਟ ਰਾਹੀਂ ਲਗਾਏ ਹਲਕਾ ਇੰਚਾਰਜ ਦਾ ਵਿਰੋਧ, ਸੰਗਤਾਂ ਵੱਲੋਂ ਪਾਰਟੀ ਨੂੰ ਇਸ ਫੈਸਲੇ 'ਤੇ ਮੁੜ ਵਿਚਾਰ ਕਰਨ ਦੀ ਅਪੀਲ

### ਚੰਡੀਗੜ੍ਹ ਦੇ ਵਾਸੀ ਨੂੰ ਹਲਕੇ ਦੀਆਂ ਜ਼ਮੀਨੀ ਹਕੀਕਤਾਂ ਅਤੇ ਪਿੰਡਾਂ ਦੇ ਲੋਕਾਂ ਦੀਆਂ ਮੁਸ਼ਕਲਾਂ ਸਮਝਣ ਵਿੱਚ ਆ ਸਕਦੀ ਹੈ ਦਿੱਕਤ



ਜੰਡਿਆਲਾ ਗੁਰੂ 12 ਅਕਤੂਬਰ : ( ਕੁਲਵੰਤ ਸਿੰਘ ਵਿਰਦੀ ) ਅਕਾਲੀ ਦਲ ਵਾਰਿਸ ਪੰਜਾਬ ਵੱਲੋਂ ਹਲਕਾ ਜੰਡਿਆਲਾ ਗੁਰੂ ਤੋਂ ਪੈਰਾਸ਼ੂਟ ਰਾਹੀਂ ਹਲਕਾ ਇੰਚਾਰਜ ਨਿਯੁਕਤ ਕਰਨ ਦੇ ਫੈਸਲੇ ਨੂੰ ਲੈ ਕੇ ਪਾਰਟੀ ਅੰਦਰ ਅਤੇ ਹਲਕੇ ਦੀਆਂ ਸੰਗਤਾਂ ਵਿੱਚ ਰੋਸ ਪਾਇਆ ਜਾ ਰਿਹਾ ਹੈ। ਇਸ ਸਬੰਧੀ ਮੈਂਬਰ ਪੰਚਾਇਤ ਮਹੁੱਬਤਪਾਲ ਸਿੰਘ ਧਾਰੜ ਨੇ ਪਾਰਟੀ ਹਾਈਕਮਾਂਡ ਨੂੰ ਆਪਣੇ ਫੈਸਲੇ 'ਤੇ ਮੁੜ ਵਿਚਾਰ ਕਰਨ ਦੀ ਅਪੀਲ ਕੀਤੀ ਹੈ।

ਮਹੁੱਬਤਪਾਲ ਸਿੰਘ ਨੇ ਕਿਹਾ ਕਿ ਹਲਕਾ ਜੰਡਿਆਲਾ ਗੁਰੂ ਤੋਂ ਨਿਯੁਕਤ ਕੀਤੇ ਗਏ ਹਲਕਾ ਇੰਚਾਰਜ ਦੀ ਹਲਕੇ ਵਿੱਚ ਕੋਈ ਖ਼ਾਸ ਜਾਣ-ਪਛਾਣ ਨਹੀਂ ਹੈ। ਉਨ੍ਹਾਂ ਕਿਹਾ ਕਿ ਜਿਹੜੇ ਆਗੂ ਨੂੰ ਹਲਕੇ ਦੇ ਪਿੰਡਾਂ, ਲੋਕਾਂ ਅਤੇ ਸਥਾਨਕ ਸਮੱਸਿਆਵਾਂ ਬਾਰੇ ਜਾਣਕਾਰੀ ਹੀ ਨਹੀਂ, ਉਸ ਲਈ ਲੋਕਾਂ ਦੀਆਂ ਮੁਸ਼ਕਲਾਂ ਨੂੰ ਸਮਝਣਾ ਅਤੇ ਉਨ੍ਹਾਂ ਦਾ ਹੱਲ ਕਰਵਾਉਣਾ ਚੁਣੌਤੀਪੂਰਨ ਹੋ ਸਕਦਾ ਹੈ ਉਨ੍ਹਾਂ ਕਿਹਾ ਕਿ ਚੰਡੀਗੜ੍ਹ ਵਿੱਚ ਰਹਿਣ ਵਾਲਾ ਵਿਅਕਤੀ ਜਦੋਂ ਤੱਕ ਹਲਕੇ ਦੇ ਲੋਕਾਂ ਵਿੱਚ ਵਿਚਰਦਾ ਨਹੀਂ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਨੇੜਿਓਂ ਨਹੀਂ ਸਮਝਦਾ, ਉਦੋਂ ਤੱਕ ਪਿੰਡਾਂ ਦੀਆਂ ਜ਼ਮੀਨੀ ਹਕੀਕਤਾਂ ਨੂੰ ਸਮਝਣਾ ਆਸਾਨ ਨਹੀਂ ਹੈ।

ਪਿੰਡ ਧਾਰੜ ਦੀ ਸੰਗਤ ਨੇ ਪਾਰਟੀ ਲੀਡਰਸ਼ਿਪ ਨੂੰ ਅਪੀਲ ਕੀਤੀ ਕਿ ਹਲਕੇ ਦੇ ਲੋਕਾਂ ਅਤੇ ਪਾਰਟੀ ਵਰਕਰਾਂ ਦੀਆਂ ਭਾਵਨਾਵਾਂ ਨੂੰ ਧਿਆਨ ਵਿੱਚ ਰੱਖਦਿਆਂ ਇਸ ਨਿਯੁਕਤੀ ਬਾਰੇ ਮੁੜ ਵਿਚਾਰ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਹਲਕੇ ਦੀ ਜ਼ਿੰਮੇਵਾਰੀ ਅਜਿਹੇ ਆਗੂ ਨੂੰ ਸੌਂਪੀ ਜਾਣੀ ਚਾਹੀਦੀ ਹੈ ਜੋ ਲੋਕਾਂ ਵਿੱਚ ਵਿਚਰਦਾ ਹੋਵੇ, ਜ਼ਮੀਨੀ ਪੱਧਰ 'ਤੇ ਕੰਮ ਕਰਦਾ ਹੋਵੇ ਅਤੇ ਲੋਕਾਂ ਦੀਆਂ ਸਮੱਸਿਆਵਾਂ ਤੋਂ ਜਾਣੂ ਹੋਵੇ ।ਇਸ ਮੌਕੇ ਜਸਵਿੰਦਰ ਸਿੰਘ, ਪਰਮਜੀਤ ਸਿੰਘ, ਜਗਜੀਤ ਸਿੰਘ,ਮੁਹੱਬਤਪਾਲ ਸਿੰਘ,ਸੁਖਰਾਜ ਸਿੰਘ ਤੇ ਹੋਰ ਵੀ ਸੰਗਤਾਂ ਹਾਜ਼ਰ ਸਨ।

## ਦਮਦਮੀ ਟਕਸਾਲ ਸੇਵਕ ਜਥੇ ਵੱਲੋਂ ਮਾਨਸਾ ਜ਼ਿਲ੍ਹੇ ਦਾ ਵਿਸਤਾਰ

# ਭਾਈ ਸਿਮਰਨਜੀਤ ਸਿੰਘ ਬਣਾਏ ਗਏ ਮਾਨਸਾ ਜ਼ੋਨ ਦੇ ਮੁੱਖ ਬੁਲਾਰਾ



**ਫ਼ਿਰੋਜ਼ਪੁਰ, 12 ਅਕਤੂਬਰ (ਮਨੋਹਰ ਲਾਲ):—** ਮਹਾਂਪੁਰਖ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ (ਮੁਖੀ ਦਮਦਮੀ ਟਕਸਾਲ ਅਤੇ ਪ੍ਰਧਾਨ ਸੰਤ ਸਮਾਜ) ਦੇ ਦਿਸ਼ਾ ਨਿਰਦੇਸ਼ਾਂ ਹੇਠ ਜਥੇਦਾਰ ਗਿਆਨੀ ਸੁਖਦੇਵ ਸਿੰਘ ਖਾਲਸਾ (ਮੁੱਖ ਬੁਲਾਰਾ ਦਮਦਮੀ ਟਕਸਾਲ) ਨੇ ਵਿਸ਼ੇਸ਼ ਤੌਰ ਤੇ ਮਾਨਸਾ ਵਿਖੇ ਪਹੁੰਚ ਕੇ ਦਮਦਮੀ ਟਕਸਾਲ ਸੇਵਕ ਜਥੇ ਦਾ ਵਿਸਤਾਰ ਕੀਤਾ ਹੈ। ਇਸ ਮੌਕੇ ਜਥੇਦਾਰ ਸੁਖਦੇਵ ਸਿੰਘ ਖਾਲਸਾ ਵੱਲੋਂ ਮਾਨਸਾ ਦਮਦਮੀ ਟਕਸਾਲ ਸੇਵਕ ਜਥੇ ਦਾ ਮੁੱਖ ਬੁਲਾਰਾ ਭਾਈ ਸਿਮਰਨਜੀਤ ਸਿੰਘ ਨੂੰ ਨਿਯੁਕਤ ਕੀਤਾ ਗਿਆ ਹੈ ਅਤੇ ਹੋਰ ਅਹੁਦੇਦਾਰਾਂ ਦੀਆਂ ਵੀ ਨਿਯੁਕਤੀਆਂ ਕੀਤੀਆਂ ਗਈਆਂ ਹਨ। ਇਸ ਸਮਾਗਮ ਦੌਰਾਨ ਵਿਸ਼ੇਸ਼ ਤੌਰ ਤੇ ਬਾਬਾ ਬੂਟਾ ਸਿੰਘ ਪ੍ਰਧਾਨ, ਗੁਰਪਿਆਰ ਸਿੰਘ ਪ੍ਰਧਾਨ, ਮਾਲਵਾ ਜ਼ੋਨ ਦੇ ਪ੍ਰਧਾਨ ਆਤਮਾ ਸਿੰਘ, ਭਾਈ ਗੁਰਮੀਤ ਸਿੰਘ ਜਥੇਦਾਰ ਦਮਦਮਾ ਸਾਹਿਬ ਅਤੇ ਭਾਈ ਸੁਖਦੇਵ ਸਿੰਘ ਵੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ

# ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਹਿਲਾਂ ਦਾ ਅਚਨਚੇਤ ਨਿਰੀਖਣ; ਤਸੱਲੀ ਦਾ ਪ੍ਰਗਟਾਵਾ





**ਦਿੜ੍ਹਬਾ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਅੱਜ ਸਵੇਰੇ ਸਕੂਲ ਲੱਗਣ ਸਮੇਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਹਿਲਾਂ ਵਿਖੇ ਅਚਨਚੇਤ ਪਹੁੰਚ ਕੇ ਸਕੂਲ ਦਾ ਨਿਰੀਖਣ ਕੀਤਾ। ਉਨ੍ਹਾਂ ਵੱਖ-ਵੱਖ ਜਮਾਤਾਂ ਵਿੱਚ ਜਾ ਕੇ ਵਿਦਿਆਰਥੀਆਂ ਨਾਲ ਖੁੱਲ੍ਹ ਕੇ ਗੱਲਬਾਤ ਕੀਤੀ ਅਤੇ ਪੜ੍ਹਾਈ, ਸਕੂਲ ਵਿੱਚ ਉਪਲਬਧ ਸਹੂਲਤਾਂ ਅਤੇ ਉਨ੍ਹਾਂ ਦੀਆਂ ਲੋੜਾਂ ਬਾਰੇ ਜਾਣਕਾਰੀ ਹਾਸਲ ਕੀਤੀ। ਇਸ ਮੌਕੇ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਮੁੱਖ ਮੰਤਰੀ ਸ੍ਰ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸਰਕਾਰੀ ਸਕੂਲਾਂ ਵਿੱਚ ਮਿਆਰੀ ਸਿੱਖਿਆ ਅਤੇ ਬਿਹਤਰ ਸਹੂਲਤਾਂ ਮੁਹੱਈਆ ਕਰਵਾਉਣ ਲਈ ਲਗਾਤਾਰ ਉਪਰਾਲੇ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਸਿੱਖਿਆ ਦੇ ਖੇਤਰ ਵਿੱਚ ਕੀਤੇ ਜਾ ਰਹੇ ਕੰਮਾਂ ਦੇ ਨਤੀਜੇ ਹੁਣ ਸਕੂਲਾਂ ਵਿੱਚ ਸਪੱਸ਼ਟ ਤੌਰ 'ਤੇ ਨਜ਼ਰ ਆਉਣ ਲੱਗੇ ਹਨ ਅਤੇ ਸਕੂਲਾਂ ਦਾ ਸੁਧਰ ਰਿਹਾ ਵਾਤਾਵਰਨ ਸਿੱਖਿਆ ਕ੍ਰਾਂਤੀ ਦੇ ਸੁਪਨੇ ਨੂੰ ਸਾਕਾਰ ਕਰਨ ਵੱਲ ਅਹਿਮ ਕਦਮ ਹੈ। ਵਿੱਤ ਮੰਤਰੀ ਨੇ ਸਕੂਲ ਵਿੱਚ ਬਣ ਰਹੀਆਂ ਤਿੰਨ ਵਿਗਿਆਨ ਲੈਬੋਰਟਰੀਆਂ ਦੇ ਨਿਰਮਾਣ ਕਾਰਜਾਂ ਦਾ ਵੀ ਜਾਇਜ਼ਾ ਲਿਆ। ਉਨ੍ਹਾਂ ਕਿਹਾ ਕਿ ਇਹ ਲੈਬੋਰਟਰੀਆਂ ਜਲਦੀ ਤਿਆਰ ਕਰਕੇ ਸਕੂਲ ਦੇ ਹਵਾਲੇ ਕੀਤੀਆਂ ਜਾਣਗੀਆਂ ਅਤੇ ਇਨ੍ਹਾਂ ਦਾ ਉਦਘਾਟਨ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਵਿਗਿਆਨ ਦੀ ਸਿੱਖਿਆ ਵਿੱਚ ਪ੍ਰਯੋਗਾਤਮਕ ਗਿਆਨ ਦੀ ਵਿਸ਼ੇਸ਼ ਮਹੱਤਤਾ ਹੈ ਅਤੇ ਇਨ੍ਹਾਂ ਲੈਬੋਰਟਰੀਆਂ ਨਾਲ ਵਿਦਿਆਰਥੀਆਂ ਨੂੰ ਵਿਗਿਆਨਕ ਧਾਰਨਾਵਾਂ ਸਮਝਣ ਅਤੇ ਆਪਣੇ ਗਿਆਨ ਨੂੰ ਅਮਲੀ ਰੂਪ ਦੇਣ ਲਈ ਬਿਹਤਰ ਸਹੂਲਤ ਮਿਲੇਗੀ। ਸਕੂਲ ਦੇ ਸਟਾਫ ਨਾਲ ਗੱਲਬਾਤ ਦੌਰਾਨ ਹਰਪਾਲ ਸਿੰਘ ਚੀਮਾ ਨੇ ਪੰਜਾਬ ਸਰਕਾਰ ਵੱਲੋਂ ਜਾਰੀ ਕੀਤੀਆਂ ਗਰਾਂਟਾਂ ਅਤੇ ਉਨ੍ਹਾਂ ਦੀ ਵਰਤੋਂ ਬਾਰੇ ਵਿਚਾਰ-ਚਰਚਾ ਕੀਤੀ। ਉਨ੍ਹਾਂ ਸਕੂਲ ਦੀਆਂ ਹੋਰ ਲੋੜਾਂ ਬਾਰੇ ਵੀ ਜਾਣਕਾਰੀ ਲਈ ਅਤੇ ਭਰੋਸਾ ਦਿੱਤਾ ਕਿ ਸਕੂਲ ਨੂੰ ਹੋਰ ਬਿਹਤਰ ਬਣਾਉਣ ਲਈ ਲੋੜ ਅਨੁਸਾਰ ਵਾਧੂ ਗਰਾਂਟਾਂ ਮੁਹੱਈਆ ਕਰਵਾਈਆਂ ਜਾਣਗੀਆਂ। ਉਨ੍ਹਾਂ ਕਿਹਾ ਕਿ ਸਰਕਾਰੀ ਸਕੂਲਾਂ ਵਿੱਚ ਬੁਨਿਆਦੀ ਢਾਂਚੇ ਦੀ ਘਾਟ ਨਹੀਂ ਆਉਣ ਦਿੱਤੀ ਜਾਵੇਗੀ। ਸਕੂਲ ਦੇ ਵਿਦਿਅਕ ਵਾਤਾਵਰਨ ਦੀ ਸ਼ਲਾਘਾ ਕਰਦਿਆਂ ਵਿੱਤ ਮੰਤਰੀ ਨੇ ਕਿਹਾ ਕਿ ਸਕੂਲ ਵਿੱਚ ਪੰਜਾਬੀ ਭਾਸ਼ਾ, ਵਿਗਿਆਨ ਅਤੇ ਗਣਿਤ ਨਾਲ ਸਬੰਧਤ ਲਗਾਏ ਗਏ ਸਿੱਖਣ ਸਮੱਗਰੀ ਦੇ ਮਾਡਲ ਵਿਦਿਆਰਥੀਆਂ ਦੀ ਰੁਚੀ ਵਧਾਉਣ ਦਾ ਵਧੀਆ ਉਪਰਾਲਾ ਹਨ। ਉਨ੍ਹਾਂ ਕਿਹਾ ਕਿ ਸਕੂਲ ਵਿੱਚ ਦਾਖਲ ਹੁੰਦਿਆਂ ਹੀ ਨਜ਼ਰ ਆਉਂਦੀ ਸਿੱਖਿਆ ਨਾਲ ਜੁੜੀ ਸਮੱਗਰੀ ਅਤੇ ਸੁਚੱਜਾ ਵਾਤਾਵਰਨ ਮਨ ਨੂੰ ਖੁਸ਼ੀ ਦਿੰਦਾ ਹੈ। ਉਨ੍ਹਾਂ ਕਿਹਾ ਕਿ ਸਹੂਲਤਾਂ ਅਤੇ ਸਿੱਖਣ ਦੇ ਮਾਹੌਲ ਪੱਖੋਂ ਸਾਡੇ ਸਰਕਾਰੀ ਸਕੂਲ ਕਿਸੇ ਵੀ ਨਿੱਜੀ ਸਕੂਲ ਤੋਂ ਘੱਟ ਨਹੀਂ ਹਨ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਅੱਜ ਦੇ ਅਚਨਚੇਤ ਨਿਰੀਖਣ ਦੌਰਾਨ ਸਕੂਲ ਵਿੱਚ ਹੋਏ ਸੁਧਾਰ ਦੇਖ ਕੇ ਉਨ੍ਹਾਂ ਨੂੰ ਤਸੱਲੀ ਹੋਈ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦਾ ਉਦੇਸ਼ ਹਰ ਬੱਚੇ ਨੂੰ ਅਜਿਹੀ ਸਿੱਖਿਆ ਪ੍ਰਦਾਨ ਕਰਨਾ ਹੈ, ਜਿਸ ਨਾਲ ਉਹ ਆਪਣੀ ਸਮਰੱਥਾ ਨੂੰ ਪਛਾਣ ਕੇ ਭਵਿੱਖ ਵਿੱਚ ਅੱਗੇ ਵਧ ਸਕੇ। ਵਿੱਤ ਮੰਤਰੀ ਨੇ ਸਕੂਲ ਦੇ ਸਟਾਫ ਦੇ ਯਤਨਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਵਿਦਿਆਰਥੀਆਂ ਨੂੰ ਪਾਠਕ੍ਰਮ ਦੀ ਪੜ੍ਹਾਈ ਦੇ ਨਾਲ-ਨਾਲ ਆਮ ਗਿਆਨ ਅਤੇ ਵੱਖ-ਵੱਖ ਖੇਤਰਾਂ ਵਿੱਚ ਹੋਣ ਵਾਲੇ ਮੁਕਾਬਲਿਆਂ ਲਈ ਵੀ ਤਿਆਰ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਬੱਚਿਆਂ ਵਿੱਚ ਆਤਮਵਿਸ਼ਵਾਸ, ਤਰਕਸ਼ੀਲ ਸੋਚ ਅਤੇ ਸਿੱਖਣ ਦੀ ਰੁਚੀ ਪੈਦਾ ਕਰਨ ਵਿੱਚ ਅਧਿਆਪਕਾਂ ਦੀ ਅਹਿਮ ਭੂਮਿਕਾ ਹੈ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਇੰਚਾਰਜ ਪਰਮਿੰਦਰ ਕੁਮਾਰ ਲੌਂਗੋਵਾਲ, ਮੈਡਮ ਨਵਰਾਜ ਕੌਰ ਅਤੇ ਸਮੂਹ ਸਟਾਫ ਨੇ ਵਿੱਤ ਮੰਤਰੀ ਦਾ ਸਵਾਗਤ ਕੀਤਾ ਅਤੇ ਸਕੂਲ ਦੇ ਵਿਕਾਸ ਲਈ ਪਹਿਲਾਂ ਦਿੱਤੀਆਂ ਗਰਾਂਟਾਂ ਲਈ ਧੰਨਵਾਦ ਕੀਤਾ। ਇਸ ਮੌਕੇ ਵਿੱਤ ਮੰਤਰੀ ਦੇ ਓ.ਐੱਸ.ਡੀ. ਤਪਿੰਦਰ ਸਿੰਘ ਸੋਹੀ ਅਤੇ ਪਿੰਡ ਦੇ ਸਰਪੰਚ ਰਵਿੰਦਰ ਸਿੰਘ ਮਾਨ ਵੀ ਹਾਜ਼ਰ ਸਨ।

**ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਹਿਲਾਂ ਦਾ ਅਚਨਚੇਤ ਨਿਰੀਖਣ; ਤਸੱਲੀ ਦਾ ਪ੍ਰਗਟਾਵਾਸਰਕਾਰੀ ਸਕੂਲਾਂ ਵਿੱਚ ਬੁਨਿਆਦੀ ਢਾਂਚੇ ਦੀ ਘਾਟ ਨਹੀਂ ਆਉਣ ਦਿੱਤੀ ਜਾਵੇਗੀ; ਲੋੜ ਅਨੁਸਾਰ ਹੋਰ ਗਰਾਂਟਾਂ ਵੀ ਦਿੱਤੀਆਂ ਜਾਣਗੀਆਂ: ਹਰਪਾਲ ਸਿੰਘ ਚੀਮਾ**

ਆਵਾਜ਼ਿ ਕੌਮ AWAZE QAUM International Newspaper & WEB TV

# ਜਸਮੀਤ ਸਿੰਘ ਪ੍ਰਿੰਸ ਵੀਰਜੀ ਤੇ ਬੀਬੀ ਹਰਪ੍ਰੀਤ ਕੌਰ ਦੇ ਉਪਰਾਲੇ ਸਦਕਾ ਸੰਗਤਾਂ ਨੇ ਕੀਤੇ ਸੱਚਖੰਡ ਸ੍ਰੀ ਦਰਬਾਰ ਸਾਹਿਬ ਦੇ ਦਰਸ਼ਨ-ਦੀਦਾਰੇ







**ਨਵੀਂ ਦਿੱਲੀ, 12 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ)**-ਜਸਮੀਤ ਸਿੰਘ ਪ੍ਰਿੰਸ ਵੀਰਜੀ ਅਤੇ ਬੀਬੀ ਹਰਪ੍ਰੀਤ ਕੌਰ ਵੱਲੋਂ ਸੰਗਤਾਂ ਨੂੰ ਸੱਚਖੰਡ ਸ੍ਰੀ ਦਰਬਾਰ ਸਾਹਿਬ ਦੇ ਦਰਸ਼ਨ ਕਰਵਾਉਣ ਲਈ ਚਲਾਈ ਜਾ ਰਹੀ ਸੇਵਾ ਤਹਿਤ ਦਿੱਲੀ ਤੋਂ ਸ਼ਤਾਬਦੀ ਗੱਡੀ ਰਾਹੀਂ ਸੰਗਤਾਂ ਦਾ ਜਥਾ ਸ੍ਰੀ ਅੰਮ੍ਰਿਤਸਰ ਸਾਹਿਬ ਪਹੁੰਚਿਆ। ਸੰਗਤਾਂ ਨੇ ਸੱਚਖੰਡ ਸ੍ਰੀ ਦਰਬਾਰ ਸਾਹਿਬ ਵਿਖੇ ਨਤਮਸਤਕ ਹੋ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ ਅਤੇ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ। ਇਸ ਸਬੰਧੀ ਜਾਣਕਾਰੀ ਦਿੰਦਿਆਂ ਜਸਮੀਤ ਸਿੰਘ ਪ੍ਰਿੰਸ ਵੀਰਜੀ ਅਤੇ ਬੀਬੀ ਹਰਪ੍ਰੀਤ ਕੌਰ ਨੇ ਦੱਸਿਆ ਕਿ ਅਕਾਲ ਸਹਾਇ ਜੱਥੇਬੰਦੀ ਦੇ ਬੈਨਰ ਹੇਠ ਪਿਛਲੇ ਇੱਕ ਸਾਲ ਤੋਂ ਦਿੱਲੀ ਦੇ ਵੱਖ-ਵੱਖ ਇਲਾਕਿਆਂ ਤੋਂ ਸ਼ਤਾਬਦੀ ਗੱਡੀ ਰਾਹੀਂ ਸੰਗਤਾਂ ਨੂੰ ਸ੍ਰੀ ਅੰਮ੍ਰਿਤਸਰ ਸਾਹਿਬ ਲਿਜਾਣ ਦੀ ਸੇਵਾ ਨਿਰੰਤਰ ਜਾਰੀ ਹੈ। ਗੁਰੂ ਸਾਹਿਬ ਦੀ ਕਿਰਪਾ ਸਦਕਾ ਇਸ ਸੇਵਾ ਦੇ ਇੱਕ ਸਾਲ ਪੂਰੇ ਹੋਣ ਮੌਕੇ ਵਿਸ਼ੇਸ਼ ਕੀਰਤਨ ਸਮਾਗਮ ਵੀ ਕਰਵਾਇਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਇਸ ਯਾਤਰਾ ਦੀ ਵਿਸ਼ੇਸ਼ਤਾ ਇਹ ਹੈ ਕਿ ਸੰਗਤਾਂ ਸਿਰਫ਼ ਸ੍ਰੀ ਅੰਮ੍ਰਿਤਸਰ ਸਾਹਿਬ ਪਹੁੰਚ ਕੇ ਹੀ ਨਹੀਂ, ਸਗੋਂ ਆਉਣ-ਜਾਣ ਦੌਰਾਨ ਵੀ ਗੁਰਬਾਣੀ ਨਾਲ ਜੁੜਦੀਆਂ ਹਨ। ਯਾਤਰਾ ਦੌਰਾਨ ਕੀਰਤਨੀ ਜੱਥਿਆਂ ਵੱਲੋਂ ਹਾਜ਼ਰੀ ਭਰ ਕੇ ਗੁਰਬਾਣੀ ਕੀਰਤਨ ਰਾਹੀਂ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਿਆ ਜਾਂਦਾ ਹੈ। ਰਸਤੇ ਵਿੱਚ ਸੰਗਤਾਂ ਲਈ ਲੰਗਰ ਦੀ ਨਿਸ਼ਕਾਮ ਸੇਵਾ ਵੀ ਕੀਤੀ ਜਾਂਦੀ ਹੈ, ਜਦਕਿ ਯਾਤਰਾ ਦੀਆਂ ਟਿਕਟਾਂ ਅਤੇ ਰਹਿਣ-ਸਹਿਣ ਦਾ ਖਰਚਾ ਸੰਗਤਾਂ ਵੱਲੋਂ ਆਪਣੇ ਪੱਧਰ 'ਤੇ ਕੀਤਾ ਜਾਂਦਾ ਹੈ। ਇਸ ਮੌਕੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਜਨਰਲ ਸਕੱਤਰ ਜਗਦੀਪ ਸਿੰਘ ਕਾਹਲੋਂ ਨੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਜਸਮੀਤ ਸਿੰਘ ਪ੍ਰਿੰਸ ਵੀਰਜੀ ਅਤੇ ਬੀਬੀ ਹਰਪ੍ਰੀਤ ਕੌਰ ਨੂੰ ਇੱਕ ਸਾਲ ਤੋਂ ਨਿਰੰਤਰ ਸੇਵਾ ਨਿਭਾਉਣ ਲਈ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਅੱਜ ਦੇ ਰੁਝੇਵਿਆਂ ਭਰੇ ਜੀਵਨ ਵਿੱਚ ਸੰਗਤਾਂ ਨੂੰ ਗੁਰੂ ਘਰ ਦੇ ਦਰਸ਼ਨਾਂ ਦੇ ਨਾਲ-ਨਾਲ ਗੁਰਬਾਣੀ ਨਾਲ ਜੋੜਨ ਵਾਲੇ ਅਜਿਹੇ ਉਪਰਾਲੇ ਬੇਹੱਦ ਸ਼ਲਾਘਾਯੋਗ ਹਨ। ਇਸ ਮੌਕੇ ਦਿੱਲੀ ਕਮੇਟੀ ਮੈਂਬਰ ਬੀਬੀ ਰਣਜੀਤ ਕੌਰ ਨੇ ਵੀ ਪ੍ਰਬੰਧਕਾਂ ਦੀ ਹੌਸਲਾ-ਅਫ਼ਜ਼ਾਈ ਕਰਦਿਆਂ ਕਿਹਾ ਕਿ ਅਜਿਹੀਆਂ ਸੇਵਾਵਾਂ ਸੰਗਤਾਂ ਵਿੱਚ ਗੁਰਸਿੱਖੀ ਪ੍ਰਤੀ ਲਗਨ ਪੈਦਾ ਕਰਨ ਅਤੇ ਗੁਰੂ ਘਰ ਨਾਲ ਸਾਂਝ ਮਜ਼ਬੂਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ। ਉਨ੍ਹਾਂ ਆਸ ਪ੍ਰਗਟਾਈ ਕਿ ਗੁਰੂ ਸਾਹਿਬ ਦੀ ਕਿਰਪਾ ਨਾਲ ਇਹ ਸੇਵਾ ਭਵਿੱਖ ਵਿੱਚ ਵੀ ਨਿਰੰਤਰ ਜਾਰੀ ਰਹੇਗੀ ਅਤੇ ਹੋਰ ਵੱਧ ਸੰਗਤਾਂ ਨੂੰ ਗੁਰੂ ਘਰ ਦੇ ਦਰਸ਼ਨਾਂ ਦਾ ਸੁਭਾਗ ਪ੍ਰਾਪਤ ਹੋਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

# ਸੇਵਾ ਮੁਕਤ ਪਟਵਾਰੀ, ਕਾਨੂੰਗੋ, ਨਾਇਬ ਤਹਿਸੀਲਦਾਰਾਂ ਨੇ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਦਲਵਿੰਦਰਜੀਤ ਸਿੰਘ ਨੂੰ ਸੌਂਪਿਆ ਮੰਗ ਪੱਤਰ



ਜੰਡਿਆਲਾ ਗੁਰੂ 12 ਅਕਤੂਬਰ ( ਕੁਲਵੰਤ ਸਿੰਘ ਵਿਰਦੀ ) ਅੱਜ ਸੇਵਾ ਮੁੱਕਤ ਪਟਵਾਰੀ, ਕਾਨੂੰਗੋ, ਨਾਇਬ ਤਹਿਸੀਲਦਾਰ ਵੈੱਲਫੇਅਰ ਐਸੋਸੀਏਸ਼ਨ ਦੇ ਵੱਫਦ ਵੱਲੋ ਕੁਲਵੰਤ ਸਿੰਘ ਡੇਹਰੀਵਾਲ ਦੀ ਅਗਵਾਈ ਵਿੱਚ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਸ੍ਰੀ ਦਲਵਿੰਦਰਜੀਤ ਸਿੰਘ ਜੀ ਨੂੰ ਮੰਗ ਪੱਤਰ ਸੌਂਪਿਆ ਗਿਆ , ਜਿਸ ਵਿੱਚ ਪੈ ਕਮਿਸ਼ਨ 2016 ਦੇ ਬਕਾਇਆ ਦੀ ਅਦਾਇਗੀ ਸਮੁੱਚੇ ਜਿਲ੍ਹੇ ਵਿੱਚ ਹੀ ਸਾਰੀਆਂ ਤਹਿਸੀਲਾਂ ਦੇ ਪਟਵਾਰੀਆਂ, ਕਾਨੂੰਗੋਆਂ, ਅਤੇ ਨਾਇਬ ਤਹਿਸੀਲਦਾਰਾਂ ਦੀ ਬਕਾਇਆ ਖੜੀ ਹੈ , ਜਾਣੂ ਕਰਵਾਇਆ ਗਿਆ ਅਤੇ ਮੰਗ ਕੀਤੀ ਕਿ ਇਨ੍ਹਾਂ ਬਕਾਇਆ ਤੋਂ ਬਿਨਾਂ ਹੋਰ ਵੀ ਕੰਮ ਜਿਵੇ ਕਿ ਸੇਵਾ ਮੁਕਤ ਸਾਥੀਆਂ ਦੇ ਪੈਨਸ਼ਨ ਕੇਸ਼ ਤਿਆਰ ਕਰਕੇ ਏ ਜੀ ਪੰਜਾਬ ਨੂੰ ਭੇਜਣੇ , ਜੀ ਪੀ ਐਫ ਦੀ ਫੁੱਲ ਐਂਡ ਫ਼ਾਈਨਲ ਅਦਾਇਗੀ , ਲੀਵ ਇੰਨਕੈਸ਼ਮੈਂਟ ਦੀਆਂ ਅਦਾਇਗੀਆਂ , ਜੀ ਆਈ ਐਸ ( ਗਰੁੱਪ ਇੰਨਸ਼ੋਰੇਂਸ ਸਕੀਮ )ਦੀਆਂ ਅਦਾਇਗੀਆਂ , ਮੈਡੀਕਲ ਬਿੱਲ ਦੇ ਕਲੇਮ ਆਦਿ ਦੀ ਦੇਰੀ ਦਾ ਜਲਦ ਨਿਪਟਾਰਾ ਕੀਤਾ ਜਾਵੇ । ਇਸ ਵੱਫਦ ਵਿੱਚ ਕੁਲਵੰਤ ਸਿੰਘ ਡੇਹਰੀਵਾਲ ਤੋਂ ਇਲਾਵਾ ਸ ? ਮੇਜਰ ਸਿੰਘ ਭੋਮਾਂ, ਪਲਵਿੰਦਰ ਸਿੰਘ, ਸਵਿੰਦਰਜੀਤ ਸਿੰਘ ਦੌਸਾਂਝ ਆਦ ਹਾਜਰ ਸਨ ॥

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਵਿਸ਼ੇਸ਼ ਗਹਿਰੀ ਸੁਧਾਈ (ਐੱਸ.ਆਈ.ਆਰ.-2026) ਉਪਰੰਤ

# ਜ਼ਿਲ੍ਹਾ ਅੰਮ੍ਰਿਤਸਰ ਦੀ ਅੰਤਿਮ ਵੋਟਰ ਸੂਚੀ ਪ੍ਰਕਾਸ਼ਿਤ




## ਜ਼ਿਲ੍ਹਾ ਚੋਣ ਅਫ਼ਸਰ ਨੇ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨੂੰ ਵੋਟਰ ਸੂਚੀਆਂ ਦੀਆਂ ਸਾਫ਼ਟ ਅਤੇ ਹਾਰਡ ਕਾਪੀਆਂ ਸੌਂਪੀਆਂ

ਜੰਡਿਆਲਾ ਗੁਰੂ 12 ਅਕਤੂਬਰ, ( ਕੁਲਵੰਤ ਸਿੰਘ ਵਿਰਦੀ ) ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਵੋਟਰ ਸੂਚੀਆਂ ਦੀ ਵਿਸ਼ੇਸ਼ ਗਹਿਰੀ ਸੁਧਾਈ (ਐੱਸ.ਆਈ.ਆਰ.-2026 Special Intensive Revision¸SIR)-2026 ਦੀ ਪ੍ਰਕਿਰਿਆ ਮੁਕੰਮਲ ਹੋਣ ਉਪਰੰਤ ਜ਼ਿਲ੍ਹਾ ਅੰਮ੍ਰਿਤਸਰ ਦੀ ਅੰਤਿਮ ਵੋਟਰ ਸੂਚੀ-2026 ਪ੍ਰਕਾਸ਼ਿਤ ਕਰ ਦਿੱਤੀ ਗਈ ਹੈ। ਇਸ ਸਬੰਧੀ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਅੰਮ੍ਰਿਤਸਰ ਦੇ ਮੀਟਿੰਗ ਹਾਲ ਵਿਖੇ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਸ੍ਰੀ ਦਲਵਿੰਦਰਜੀਤ ਸਿੰਘ, ਆਈ.ਏ.ਐੱਸ. ਦੀ ਪ੍ਰਧਾਨਗੀ ਹੇਠ ਮਾਨਤਾ ਪ੍ਰਾਪਤ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਮੀਟਿੰਗ ਕੀਤੀ ਗਈ।ਜ਼ਿਲ੍ਹਾ ਚੋਣ ਅਫ਼ਸਰ ਸ੍ਰੀ ਦਲਵਿੰਦਰਜੀਤ ਸਿੰਘ ਨੇ ਦੱਸਿਆ ਕਿ 1 ਅਕਤੂਬਰ, 2026 ਨੂੰ ਯੋਗਤਾ ਮਿਤੀ ਮੰਨਦਿਆਂ ਅੰਤਿਮ ਵੋਟਰ ਸੂਚੀ ਤਿਆਰ ਕੀਤੀ ਗਈ ਹੈ। ਮੀਟਿੰਗ ਦੌਰਾਨ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨੂੰ ਅੰਤਿਮ ਵੋਟਰ ਸੂਚੀ ਦੀ ਪ੍ਰਕਾਸ਼ਨਾ ਅਤੇ ਇਸ ਨਾਲ ਸਬੰਧਤ ਵੱਖ-ਵੱਖ ਪਹਿਲੂਆਂ ਬਾਰੇ ਜਾਣਕਾਰੀ ਦਿੱਤੀ ਗਈ। ਉਨ੍ਹਾਂ ਨੂੰ ਬਿਨਾਂ ਫੋਟੋ ਵਾਲੀ ਵੋਟਰ ਸੂਚੀ ਦੀ ਸਾਫ਼ਟ ਕਾਪੀ ਪੈੱਨ ਡਰਾਈਵ ਰਾਹੀਂ ਅਤੇ ਫੋਟੋ ਸਮੇਤ ਵੋਟਰ ਸੂਚੀ ਦੀਆਂ ਛਪੀਆਂ ਹੋਈਆਂ ਹਾਰਡ ਕਾਪੀਆਂ ਵੀ ਸੌਂਪੀਆਂ ਗਈਆਂ।ਐੱਸ.ਆਈ.ਆਰ.-2026 ਤੋਂ ਪਹਿਲਾਂ ਜ਼ਿਲ੍ਹੇ ਵਿੱਚ ਕੁੱਲ 19,73,071 ਵੋਟਰ ਸਨ, ਜਦਕਿ ਮੁੱਢਲੀ ਵੋਟਰ ਸੂਚੀ-2026 ਵਿੱਚ ਇਹ ਗਿਣਤੀ 17,30,329 ਸੀ।ਅੰਤਿਮ ਵੋਟਰ ਸੂਚੀ-2026 ਵਿੱਚ ਜ਼ਿਲ੍ਹੇ ਦੇ ਕੁੱਲ ਵੋਟਰਾਂ ਦੀ ਗਿਣਤੀ ਵਧ ਕੇ 18,27,300 ਹੋ ਗਈ ਹੈ।ਇਨ੍ਹਾਂ ਵਿੱਚ 9,40,749 ਪੁਰਸ਼, 8,86,503 ਮਹਿਲਾ ਅਤੇ 48 ਹੋਰ ਸ਼੍ਰੇਣੀ ਦੇ ਵੋਟਰ ਸ਼ਾਮਲ ਹਨ।ਜ਼ਿਲ੍ਹਾ ਚੋਣ ਅਫ਼ਸਰ ਨੇ ਵਿਧਾਨ ਸਭਾ ਹਲਕਾ-ਵਾਰ ਵੋਟਰਾਂ ਦੇ ਅੰਕੜਿਆਂ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਹਲਕਾ ਅਜਨਾਲਾ ਵਿੱਚ ਐੱਸ.ਆਈ.ਆਰ. ਸ਼ੁਰੂ ਹੋਣ ਤੋਂ ਪਹਿਲਾਂ ਕੁੱਲ 1,65,959 ਵੋਟਰ ਸਨ, ਜਿਨ੍ਹਾਂ ਵਿੱਚ 85,527 ਪੁਰਸ਼, 80,427 ਮਹਿਲਾਵਾਂ ਅਤੇ 5 ਹੋਰ ਸ਼੍ਰੇਣੀ ਦੇ ਵੋਟਰ ਸਨ। ਮੁੱਢਲੀ ਵੋਟਰ ਸੂਚੀ-2026 ਵਿੱਚ ਇਹ ਗਿਣਤੀ ਘਟ ਕੇ 1,49,625 ਰਹਿ ਗਈ, ਜਿਸ ਵਿੱਚ 78,971 ਪੁਰਸ਼, 70,650 ਮਹਿਲਾਵਾਂ ਅਤੇ 4 ਹੋਰ ਸ਼੍ਰੇਣੀ ਦੇ ਵੋਟਰ ਸਨ। ਅੰਤਿਮ ਵੋਟਰ ਸੂਚੀ-2026 ਵਿੱਚ ਕੁੱਲ 1,56,673 ਵੋਟਰ ਦਰਜ ਹਨ, ਜਿਨ੍ਹਾਂ ਵਿੱਚ 80,870 ਪੁਰਸ਼, 75,800 ਮਹਿਲਾਵਾਂ ਅਤੇ 3 ਹੋਰ ਸ਼੍ਰੇਣੀ ਦੇ ਵੋਟਰ ਹਨ।ਹਲਕਾ ਰਾਜਾ ਸਾਂਸੀ ਵਿੱਚ ਐੱਸ.ਆਈ.ਆਰ. ਤੋਂ ਪਹਿਲਾਂ 1,78,440 ਵੋਟਰ ਸਨ, ਜਿਨ੍ਹਾਂ ਵਿੱਚ 93,382 ਪੁਰਸ਼, 85,053 ਮਹਿਲਾਵਾਂ ਅਤੇ 5 ਹੋਰ ਸ਼੍ਰੇਣੀ ਦੇ ਵੋਟਰ ਸਨ। ਮੁੱਢਲੀ ਵੋਟਰ ਸੂਚੀ-2026 ਵਿੱਚ ਕੁੱਲ 1,58,527 ਵੋਟਰ ਸਨ, ਜਿਨ੍ਹਾਂ ਵਿੱਚ 85,021 ਪੁਰਸ਼, 73,501 ਮਹਿਲਾਵਾਂ ਅਤੇ 5 ਹੋਰ ਸ਼੍ਰੇਣੀ ਦੇ ਵੋਟਰ ਸਨ। ਅੰਤਿਮ ਵੋਟਰ ਸੂਚੀ ਵਿੱਚ ਕੁੱਲ 1,63,552 ਵੋਟਰ ਹਨ, ਜਿਨ੍ਹਾਂ ਵਿੱਚ 86,190 ਪੁਰਸ਼, 77,358 ਮਹਿਲਾਵਾਂ ਅਤੇ 4 ਹੋਰ ਸ਼੍ਰੇਣੀ ਦੇ ਵੋਟਰ ਸ਼ਾਮਲ ਹਨ।ਹਲਕਾ ਮਜੀਠਾ ਵਿੱਚ ਐੱਸ.ਆਈ.ਆਰ. ਤੋਂ ਪਹਿਲਾਂ ਕੁੱਲ 1,68,028 ਵੋਟਰ ਸਨ, ਜਿਨ੍ਹਾਂ ਵਿੱਚ 87,592 ਪੁਰਸ਼, 80,435 ਮਹਿਲਾਵਾਂ ਅਤੇ 1 ਹੋਰ ਸ਼੍ਰੇਣੀ ਦਾ ਵੋਟਰ ਸੀ। ਮੁੱਢਲੀ ਵੋਟਰ ਸੂਚੀ-2026 ਵਿੱਚ 1,52,298 ਵੋਟਰ ਸਨ, ਜਿਨ੍ਹਾਂ ਵਿੱਚ 81,298 ਪੁਰਸ਼, 70,999 ਮਹਿਲਾਵਾਂ ਅਤੇ 1 ਹੋਰ ਸ਼੍ਰੇਣੀ ਦਾ ਵੋਟਰ ਸੀ। ਅੰਤਿਮ ਵੋਟਰ ਸੂਚੀ ਵਿੱਚ 1,57,835 ਵੋਟਰ ਦਰਜ ਹਨ, ਜਿਨ੍ਹਾਂ ਵਿੱਚ 82,855 ਪੁਰਸ਼, 74,979 ਮਹਿਲਾਵਾਂ ਅਤੇ 1 ਹੋਰ ਸ਼੍ਰੇਣੀ ਦਾ ਵੋਟਰ ਹੈ।ਹਲਕਾ ਜੰਡਿਆਲਾ (ਅ.ਜ.) ਵਿੱਚ ਐੱਸ.ਆਈ.ਆਰ. ਤੋਂ ਪਹਿਲਾਂ ਕੁੱਲ 1,79,560 ਵੋਟਰ ਸਨ, ਜਿਨ੍ਹਾਂ ਵਿੱਚ 94,811 ਪੁਰਸ਼, 84,746 ਮਹਿਲਾਵਾਂ ਅਤੇ 3 ਹੋਰ ਸ਼੍ਰੇਣੀ ਦੇ ਵੋਟਰ ਸਨ। ਮੁੱਢਲੀ ਵੋਟਰ ਸੂਚੀ-2026 ਵਿੱਚ 1,67,446 ਵੋਟਰ ਸਨ, ਜਿਨ੍ਹਾਂ ਵਿੱਚ 89,621 ਪੁਰਸ਼, 77,822 ਮਹਿਲਾਵਾਂ ਅਤੇ 3 ਹੋਰ ਸ਼੍ਰੇਣੀ ਦੇ ਵੋਟਰ ਸਨ। ਅੰਤਿਮ ਵੋਟਰ ਸੂਚੀ ਵਿੱਚ ਕੁੱਲ 1,74,635 ਵੋਟਰ ਹਨ, ਜਿਨ੍ਹਾਂ ਵਿੱਚ 91,646 ਪੁਰਸ਼, 82,986 ਮਹਿਲਾਵਾਂ ਅਤੇ 3 ਹੋਰ ਸ਼੍ਰੇਣੀ ਦੇ ਵੋਟਰ ਸ਼ਾਮਲ ਹਨ।ਹਲਕਾ ਅੰਮ੍ਰਿਤਸਰ ਉੱਤਰੀ ਵਿੱਚ ਐੱਸ.ਆਈ.ਆਰ. ਤੋਂ ਪਹਿਲਾਂ ਕੁੱਲ 2,02,533 ਵੋਟਰ ਸਨ, ਜਿਨ੍ਹਾਂ ਵਿੱਚ 1,03,747 ਪੁਰਸ਼, 98,776 ਮਹਿਲਾਵਾਂ ਅਤੇ 10 ਹੋਰ ਸ਼੍ਰੇਣੀ ਦੇ ਵੋਟਰ ਸਨ। ਮੁੱਢਲੀ ਵੋਟਰ ਸੂਚੀ-2026 ਵਿੱਚ ਕੁੱਲ 1,65,037 ਵੋਟਰ ਸਨ, ਜਿਨ੍ਹਾਂ ਵਿੱਚ 84,907 ਪੁਰਸ਼, 80,122 ਮਹਿਲਾਵਾਂ ਅਤੇ 8 ਹੋਰ ਸ਼੍ਰੇਣੀ ਦੇ ਵੋਟਰ ਸਨ।ਅੰਤਿਮ ਵੋਟਰ ਸੂਚੀ ਵਿੱਚ 1,78,439 ਵੋਟਰ ਹਨ, ਜਿਨ੍ਹਾਂ ਵਿੱਚ 89,331 ਪੁਰਸ਼, 89,102 ਮਹਿਲਾਵਾਂ ਅਤੇ 6 ਹੋਰ ਸ਼੍ਰੇਣੀ ਦੇ ਵੋਟਰ ਸ਼ਾਮਲ ਹਨ।ਹਲਕਾ ਅੰਮ੍ਰਿਤਸਰ ਪੱਛਮੀ (ਅ.ਜ.) ਵਿੱਚ ਐੱਸ.ਆਈ.ਆਰ. ਤੋਂ ਪਹਿਲਾਂ ਕੁੱਲ 2,18,235 ਵੋਟਰ ਸਨ, ਜਿਨ੍ਹਾਂ ਵਿੱਚ 1,12,628 ਪੁਰਸ਼, 1,05,600 ਮਹਿਲਾਵਾਂ ਅਤੇ 7 ਹੋਰ ਸ਼੍ਰੇਣੀ ਦੇ ਵੋਟਰ ਸਨ। ਮੁੱਢਲੀ ਵੋਟਰ ਸੂਚੀ-2026 ਵਿੱਚ 1,89,061 ਵੋਟਰ ਸਨ, ਜਿਨ੍ਹਾਂ ਵਿੱਚ 98,370 ਪੁਰਸ਼, 90,685 ਮਹਿਲਾਵਾਂ ਅਤੇ 6 ਹੋਰ ਸ਼੍ਰੇਣੀ ਦੇ ਵੋਟਰ ਸਨ।ਅੰਤਿਮ ਵੋਟਰ ਸੂਚੀ ਵਿੱਚ ਕੁੱਲ 2,08,935 ਵੋਟਰ ਦਰਜ ਹਨ, ਜਿਨ੍ਹਾਂ ਵਿੱਚ 1,04,811 ਪੁਰਸ਼, 1,04,119 ਮਹਿਲਾਵਾਂ ਅਤੇ 5 ਹੋਰ ਸ਼੍ਰੇਣੀ ਦੇ ਵੋਟਰ ਹਨ।ਹਲਕਾ ਅੰਮ੍ਰਿਤਸਰ ਕੇਂਦਰੀ ਵਿੱਚ ਐੱਸ.ਆਈ.ਆਰ. ਤੋਂ ਪਹਿਲਾਂ ਕੁੱਲ 1,40,962 ਵੋਟਰ ਸਨ, ਜਿਨ੍ਹਾਂ ਵਿੱਚ 73,237 ਪੁਰਸ਼, 67,712 ਮਹਿਲਾਵਾਂ ਅਤੇ 13 ਹੋਰ ਸ਼੍ਰੇਣੀ ਦੇ ਵੋਟਰ ਸਨ। ਮੁੱਢਲੀ ਵੋਟਰ ਸੂਚੀ-2026 ਵਿੱਚ 1,13,573 ਵੋਟਰ ਸਨ, ਜਿਨ੍ਹਾਂ ਵਿੱਚ 59,366 ਪੁਰਸ਼, 54,197 ਮਹਿਲਾਵਾਂ ਅਤੇ 10 ਹੋਰ ਸ਼੍ਰੇਣੀ ਦੇ ਵੋਟਰ ਸਨ। ਅੰਤਿਮ ਵੋਟਰ ਸੂਚੀ ਵਿੱਚ 1,16,809 ਵੋਟਰ ਹਨ, ਜਿਨ੍ਹਾਂ ਵਿੱਚ 59,591 ਪੁਰਸ਼, 57,208 ਮਹਿਲਾਵਾਂ ਅਤੇ 10 ਹੋਰ ਸ਼੍ਰੇਣੀ ਦੇ ਵੋਟਰ ਸ਼ਾਮਲ ਹਨ।ਹਲਕਾ ਅੰਮ੍ਰਿਤਸਰ ਪੂਰਬੀ ਵਿੱਚ ਐੱਸ.ਆਈ.ਆਰ. ਤੋਂ ਪਹਿਲਾਂ ਕੁੱਲ 1,67,480 ਵੋਟਰ ਸਨ, ਜਿਨ੍ਹਾਂ ਵਿੱਚ 87,520 ਪੁਰਸ਼, 79,955 ਮਹਿਲਾਵਾਂ ਅਤੇ 5 ਹੋਰ ਸ਼੍ਰੇਣੀ ਦੇ ਵੋਟਰ ਸਨ। ਮੁੱਢਲੀ ਵੋਟਰ ਸੂਚੀ-2026 ਵਿੱਚ 1,40,136 ਵੋਟਰ ਸਨ, ਜਿਨ੍ਹਾਂ ਵਿੱਚ 73,149 ਪੁਰਸ਼, 66,984 ਮਹਿਲਾਵਾਂ ਅਤੇ 3 ਹੋਰ ਸ਼੍ਰੇਣੀ ਦੇ ਵੋਟਰ ਸਨ।ਅੰਤਿਮ ਵੋਟਰ ਸੂਚੀ ਵਿੱਚ ਕੁੱਲ 1,45,011 ਵੋਟਰ ਹਨ, ਜਿਨ੍ਹਾਂ ਵਿੱਚ 74,607 ਪੁਰਸ਼, 70,401 ਮਹਿਲਾਵਾਂ ਅਤੇ 3 ਹੋਰ ਸ਼੍ਰੇਣੀ ਦੇ ਵੋਟਰ ਸ਼ਾਮਲ ਹਨ।ਹਲਕਾ ਅੰਮ੍ਰਿਤਸਰ ਦੱਖਣੀ ਵਿੱਚ ਐੱਸ.ਆਈ.ਆਰ. ਤੋਂ ਪਹਿਲਾਂ ਕੁੱਲ 1,66,374 ਵੋਟਰ ਸਨ, ਜਿਨ੍ਹਾਂ ਵਿੱਚ 86,241 ਪੁਰਸ਼, 80,124 ਮਹਿਲਾਵਾਂ ਅਤੇ 9 ਹੋਰ ਸ਼੍ਰੇਣੀ ਦੇ ਵੋਟਰ ਸਨ। ਮੁੱਢਲੀ ਵੋਟਰ ਸੂਚੀ-2026 ਵਿੱਚ 1,43,626 ਵੋਟਰ ਸਨ, ਜਿਨ੍ਹਾਂ ਵਿੱਚ 74,955 ਪੁਰਸ਼, 68,663 ਮਹਿਲਾਵਾਂ ਅਤੇ 8 ਹੋਰ ਸ਼੍ਰੇਣੀ ਦੇ ਵੋਟਰ ਸਨ। ਅੰਤਿਮ ਵੋਟਰ ਸੂਚੀ ਵਿੱਚ ਕੁੱਲ 1,54,317 ਵੋਟਰ ਹਨ, ਜਿਨ੍ਹਾਂ ਵਿੱਚ 78,145 ਪੁਰਸ਼, 76,165 ਮਹਿਲਾਵਾਂ ਅਤੇ 7 ਹੋਰ ਸ਼੍ਰੇਣੀ ਦੇ ਵੋਟਰ ਸ਼ਾਮਲ ਹਨ। ਹਲਕਾ ਅਟਾਰੀ (ਅ.ਜ.) ਵਿੱਚ ਐੱਸ.ਆਈ.ਆਰ. ਤੋਂ ਪਹਿਲਾਂ ਕੁੱਲ 1,90,155 ਵੋਟਰ ਸਨ, ਜਿਨ੍ਹਾਂ ਵਿੱਚ 1,00,659 ਪੁਰਸ਼, 89,492 ਮਹਿਲਾਵਾਂ ਅਤੇ 4 ਹੋਰ ਸ਼੍ਰੇਣੀ ਦੇ ਵੋਟਰ ਸਨ। ਮੁੱਢਲੀ ਵੋਟਰ ਸੂਚੀ-2026 ਵਿੱਚ 1,74,485 ਵੋਟਰ ਸਨ, ਜਿਨ੍ਹਾਂ ਵਿੱਚ 93,685 ਪੁਰਸ਼, 80,796 ਮਹਿਲਾਵਾਂ ਅਤੇ 4 ਹੋਰ ਸ਼੍ਰੇਣੀ ਦੇ ਵੋਟਰ ਸਨ। ਅੰਤਿਮ ਵੋਟਰ ਸੂਚੀ ਵਿੱਚ 1,85,708 ਵੋਟਰ ਦਰਜ ਹਨ, ਜਿਨ੍ਹਾਂ ਵਿੱਚ 96,961 ਪੁਰਸ਼, 88,745 ਮਹਿਲਾਵਾਂ ਅਤੇ 2 ਹੋਰ ਸ਼੍ਰੇਣੀ ਦੇ ਵੋਟਰ ਸ਼ਾਮਲ ਹਨ।ਹਲਕਾ ਬਾਬਾ ਬਕਾਲਾ (ਅ.ਜ.) ਵਿੱਚ ਐੱਸ.ਆਈ.ਆਰ. ਤੋਂ ਪਹਿਲਾਂ ਕੁੱਲ 1,95,345 ਵੋਟਰ ਸਨ, ਜਿਨ੍ਹਾਂ ਵਿੱਚ 1,01,580 ਪੁਰਸ਼, 93,762 ਮਹਿਲਾਵਾਂ ਅਤੇ 3 ਹੋਰ ਸ਼੍ਰੇਣੀ ਦੇ ਵੋਟਰ ਸਨ। ਮੁੱਢਲੀ ਵੋਟਰ ਸੂਚੀ-2026 ਵਿੱਚ 1,76,515 ਵੋਟਰ ਸਨ, ਜਿਨ੍ਹਾਂ ਵਿੱਚ 93,081 ਪੁਰਸ਼, 83,432 ਮਹਿਲਾਵਾਂ ਅਤੇ 2 ਹੋਰ ਸ਼੍ਰੇਣੀ ਦੇ ਵੋਟਰ ਸਨ। ਅੰਤਿਮ ਵੋਟਰ ਸੂਚੀ ਵਿੱਚ ਕੁੱਲ 1,85,386 ਵੋਟਰ ਹਨ, ਜਿਨ੍ਹਾਂ ਵਿੱਚ 95,742 ਪੁਰਸ਼, 89,640 ਮਹਿਲਾਵਾਂ ਅਤੇ 4 ਹੋਰ ਸ਼੍ਰੇਣੀ ਦੇ ਵੋਟਰ ਸ਼ਾਮਲ ਹਨ।ਜ਼ਿਲ੍ਹਾ ਚੋਣ ਅਫ਼ਸਰ ਅਨੁਸਾਰ, ਐੱਸ.ਆਈ.ਆਰ. ਸ਼ੁਰੂ ਹੋਣ ਤੋਂ ਪਹਿਲਾਂ ਜ਼ਿਲ੍ਹੇ ਵਿੱਚ ਕੁੱਲ 19,73,071 ਵੋਟਰ ਸਨ, ਜਦਕਿ ਮੁੱਢਲੀ ਵੋਟਰ ਸੂਚੀ-2026 ਵਿੱਚ 17,30,329 ਅਤੇ ਅੰਤਿਮ ਵੋਟਰ ਸੂਚੀ-2026 ਵਿੱਚ 18,27,300 ਵੋਟਰ ਦਰਜ ਹਨ।ਅੰਤਿਮ ਸੂਚੀ ਵਿੱਚ 9,40,749 ਪੁਰਸ਼, 8,86,503 ਮਹਿਲਾਵਾਂ ਅਤੇ 48 ਹੋਰ ਸ਼੍ਰੇਣੀ ਦੇ ਵੋਟਰ ਸ਼ਾਮਲ ਹਨ।ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਕਿ ਅੰਤਿਮ ਵੋਟਰ ਸੂਚੀਆਂ ਜ਼ਿਲ੍ਹਾ ਚੋਣ ਦਫ਼ਤਰ, ਅੰਮ੍ਰਿਤਸਰ, ਜ਼ਿਲ੍ਹੇ ਦੇ ਸਮੂਹ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰਾਂ ਦੇ ਦਫ਼ਤਰਾਂ ਅਤੇ ਸਬੰਧਤ ਪੋਲਿੰਗ ਸਟੇਸ਼ਨਾਂ ਦੇ ਬੂਥ ਲੈਵਲ ਅਫ਼ਸਰਾਂ (ਬੀ.ਐੱਲ.ਓਜ਼.) ਕੋਲ ਆਮ ਜਨਤਾ ਦੇ ਨਿਰੀਖਣ ਲਈ ਉਪਲੱਬਧ ਹੋਣਗੀਆਂ।ਮੀਟਿੰਗ ਵਿੱਚ ਵਧੀਕ ਜ਼ਿਲ੍ਹਾ ਚੋਣ ਅਫ਼ਸਰ-ਕਮ-ਵਧੀਕ ਡਿਪਟੀ ਕਮਿਸ਼ਨਰ (ਜਨਰਲ) ਸ੍ਰੀਮਤੀ ਪੱਲਵੀ ਮਿਸ਼ਰਾ, ਆਈ.ਏ.ਐੱਸ., ਚੋਣ ਤਹਿਸੀਲਦਾਰ ਸ੍ਰੀ ਰਾਜਿੰਦਰ ਸਿੰਘ ਅਤੇ ਵੱਖ-ਵੱਖ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦੇ ਹਾਜ਼ਰ ਸਨ। ਇਨ੍ਹਾਂ ਵਿੱਚ ਇੰਡੀਅਨ ਨੈਸ਼ਨਲ ਕਾਂਗਰਸ (ਦਿਹਾਤੀ) ਤੋਂ ਸ੍ਰੀ ਹਰਗੁਰਿੰਦਰ ਸਿੰਘ, ਭਾਰਤੀ ਜਨਤਾ ਪਾਰਟੀ (ਸ਼ਹਿਰੀ) ਤੋਂ ਸ੍ਰੀ ਵਿਕਰਮ ਡੰਡੋਨਾ, ਬਹੁਜਨ ਸਮਾਜ ਪਾਰਟੀ ਤੋਂ ਸ੍ਰੀ ਤਾਰਾ ਚੰਦ, ਆਮ ਆਦਮੀ ਪਾਰਟੀ (ਸ਼ਹਿਰੀ) ਤੋਂ ਸ੍ਰੀ ਸਰਬਜੀਤ ਸਿੰਘ ਅਤੇ ਆਮ ਆਦਮੀ ਪਾਰਟੀ (ਦਿਹਾਤੀ) ਤੋਂ ਸ੍ਰੀ ਤਮੀਮ ਇਕਬਾਲ ਸ਼ਾਮਲ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਜਨਮ ਦਿਨ ਮੁਬਾਰਕ



**ਗੁਰਸਿਮਰਨ ਕੌਰ (ਬਾਨੀ)**

ਪਿਤਾ ਮਨਪ੍ਰੀਤ ਸਿੰਘ

ਮਾਤਾ ਕੁਲਵਿੰਦਰ ਕੌਰ

ਵਾਸੀ ਜਗਰਾਓਂ।

ਆਵਾਜਿ ਕੌਮ ਟੀਵੀ ਯੂ.ਕੇ (ਲੰਡਨ) ਬਿਊਰੋ ਵੱਲੋਂ ਜਨਮ ਦਿਨ ਦੀਆਂ ਲੱਖ ਲੱਖ ਮੁਬਾਰਕਾਂ।

ਪ੍ਰਮਾਤਮਾ ਲੰਮੀਆਂ ਉਮਰਾਂ ਬਖਸ਼ਣ ਨਾਮ ਸਿਮਰਨ ਦੀ ਦਾਤ ਬਖਸ਼ਣ, ਚੜਦੀ ਕਲਾ ਕਰਨ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

# ਸ੍ਰੀ ਅਕਾਲ ਤਖ਼ਤ ਪਹੁੰਚੇ 'ਆਮ ਆਦਮੀ ਪਾਰਟੀ' ਦੇ ਵ਼ਫਦ ਨੂੰ 15 ਅਕੂਤਬਰ ਨੂੰ ਸਪੱਸ਼ਟੀਕਰਨਦੇਣ ਦਾ ਹੁਕਮ

"ਆਪ ਜੀ ਮਿਤੀ 12-10-2026 ਨੂੰ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਗੁਰਦੁਆਰਾ ਸ੍ਰੀ ਬੰਗਲਾ ਸਾਹਿਬ ਨਾਲ ਸਬੰਧਿਤ ਘਟਨਾਵਾਂ ਨੂੰ ਲੈ ਕੇ ਸ਼ਿਕਾਇਤ ਪੱਤਰ ਦੇਣ ਆਏ ਸੀ। ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਆਪ ਜੀ ਦਾ ਨਿੱਘਾ ਸੁਆਗਤ ਅਤੇ ਤੁਹਾਡੇ ਵੱਲੋਂ ਦਿੱਤਾ ਮੰਗ ਪੱਤਰ ਸਵੀਕਾਰ ਕੀਤਾ ਗਿਆ। ਆਪ ਸਾਰੇ ਸਾਂਝੇ ਵਫਦ ਦੇ ਰੂਪ ਵਿਚ ਆਏ ਸੀ, ਜਿਸ ਵਿਚ ਪਾਇਲ (ਲੁਧਿਆਣਾ) ਤੋਂ ਵਿਧਾਇਕ ਸ. ਮਨਵਿੰਦਰ ਸਿੰਘ ਗਿਆਸਪੁਰਾ ਵੀ ਸਨ, ਜਿਨ੍ਹਾਂ ਨੂੰ ਸਿੰਘ ਸਾਹਿਬ ਜੀ ਦੇ ਆਦੇਸ਼ ਅਨੁਸਾਰ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਅੰਦਰ ਆਉਣ ਤੋਂ ਰੋਕਿਆ ਗਿਆ, ਕਿਉਂਕਿ ਇਹ ਪਿਛਲੇ ਦਿਨਾਂ ਤੋਂ ਸਿੰਘ ਸਾਹਿਬ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਤੇ ਸਿੱਖ ਸੰਸਥਾਵਾਂ ਵਿਰੁੱਧ ਬਹੁਤ ਹੀ ਇਤਰਾਜਯੋਗ ਤੇ ਭੱਦੀ ਬਿਆਨਬਾਜ਼ੀ ਕਰ ਰਹੇ ਹਨ। ਅੱਜ ਵੀ ਵਿਧਾਇਕ ਸ. ਮਨਵਿੰਦਰ ਸਿੰਘ ਗਿਆਸਪੁਰਾ ਵੱਲੋਂ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਤੇ ਸ੍ਰੀ ਦਰਬਾਰ ਸਾਹਿਬ ਪ੍ਰਤੀ ਗਲਤ ਸ਼ਬਦਾਵਲੀ ਮੀਡੀਆ ਵਿਚ ਵਰਤੀ ਗਈ ਅਤੇ ਗੁਰੂ ਘਰ ਦੇ ਸੇਵਾਦਾਰਾਂ 'ਤੇ ਜਾਤੀ ਅਧਾਰਿਤ ਭੇਦ-ਭਾਵ ਕਰਨ ਦੇ ਝੂਠੇ ਤੇ ਨਿਰਾਧਾਰ ਇਲਜ਼ਾਮ ਲਗਾਏ।ਆਪ ਨੂੰ ਵਫਦ ਰੂਪ ਵਿਚ ਬਾਹਰ ਜਾ ਕੇ ਮੀਡੀਆ ਅੰਦਰ ਇਹ ਗੱਲ ਸਪੱਸ਼ਟ ਕਰਨ ਲਈ ਕਿਹਾ ਗਿਆ ਸੀ ਕਿ ਸਕੱਤਰੇਤ ਵਿਖੇ ਕਿਸੇ ਕਿਸਮ ਜਾਤ ਅਧਾਰਿਤ ਵਿਤਕਰਾ ਨਹੀਂ ਕੀਤਾ ਗਿਆ, ਜਿਸ ਨੂੰ ਤੁਸੀਂ ਸਾਰਿਆ ਨੇ ਮੰਨਿਆ ਵੀ। ਪ੍ਰੰਤੂ ਬਾਹਰ ਜਾ ਕੇ ਆਪ ਵੱਲੋਂ ਜਾਣਬੁੱਝ ਕੇ ਮੀਡੀਆ ਵਿੱਚ ਗੱਲ ਸਪੱਸ਼ਟ ਨਹੀਂ ਕੀਤੀ ਗਈ। ਇਸ ਸਬੰਧੀ ਸਤਿਕਾਰਯੋਗ ਸਿੰਘ ਸਾਹਿਬ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਵੱਲੋਂ ਹੋਏ ਆਦੇਸ਼ ਅਨੁਸਾਰ ਲਿਖਿਆ ਜਾਂਦਾ ਹੈ ਕਿ ਆਪ ਨੇ ਮਿਤੀ 15-10-2026 ਨੂੰ ਦੁਪਿਹਰ 12.00 ਵਜੇ ਦਫ਼ਤਰ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਨਿੱਜੀ ਰੂਪ ਵਿਚ ਪਹੁੰਚ ਕੇ ਆਪਣਾ ਸਪੱਸ਼ਟੀਕਰਨ ਦੇਣਾ ਹੈ।"

**ਧੰਨਵਾਦ ਸਹਿਤ,**
**(ਬਗੀਚਾ ਸਿੰਘ)**
**ਇੰਚਾਰਜ**
**ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ,**
**ਸ੍ਰੀ ਅੰਮ੍ਰਿਤਸਰ।**



ਸਕੱਤਰੇਤ
**ਸ੍ਰੀ ਅਕਾਲ ਤਖ਼ਤ ਸਾਹਿਬ**
ਸ੍ਰੀ ਅੰਮ੍ਰਿਤਸਰ ਸਾਹਿਬ
Secretariat
Sri Akal Takhat Sahib, Sri Amritsar Sahib

ਨੰਬਰ ਅ:3/੨੬/੪੨੮ ਮਿਤੀ ੧੨-੧੦-੨੦੨੬

ਸ. ਗੁਰਦੀਪ ਸਿੰਘ (ਵਿਧਾਇਕ ਡੇਰਾ ਬਾਬਾ ਨਾਨਕ)
ਬੀਬੀ ਬਲਜਿੰਦਰ ਕੌਰ (ਵਿਧਾਇਕ ਤਲਵੰਡੀ ਸਾਬੋ)
ਸ. ਕੁਲਦੀਪ ਸਿੰਘ (ਵਿਧਾਇਕ ਅਜਨਾਲਾ)
ਸ. ਸਰਵਣ ਸਿੰਘ (ਵਿਧਾਇਕ ਖੇਮਕਰਨ)
ਬੀਬੀ ਜੀਵਨਜੋਤ ਕੌਰ (ਵਿਧਾਇਕ ਅੰਮ੍ਰਿਤਸਰ ਪੂਰਬੀ)
ਬੀਬੀ ਸੋਨੀਆ ਕੌਰ (ਰਾਜਾਸਾਂਸੀ)
ਸ. ਗੁਰਇਕਬਾਲ ਸਿੰਘ (ਕਾਦੀਆਂ)
ਸ. ਮਨਜਿੰਦਰ ਸਿੰਘ (ਵਿਧਾਇਕ ਖਡੂਰ ਸਾਹਿਬ)
ਸ. ਜੋਬਨ ਸਿੰਘ (ਫਤਹਿਗੜ੍ਹ ਚੂੜੀਆਂ)
ਸ. ਜਸਵੀਰ ਸਿੰਘ (ਵਿਧਾਇਕ ਉੜਮੁੜ)
ਸ. ਕਰਮਬੀਰ ਸਿੰਘ (ਵਿਧਾਇਕ ਦਸੂਹਾ)
ਸ. ਕੁਲਵੰਤ ਸਿੰਘ (ਵਿਧਾਇਕ ਮਹਿਲ ਕਲਾਂ)
ਸ. ਇੰਦਰਬੀਰ ਸਿੰਘ (ਵਿਧਾਇਕ ਅੰਮ੍ਰਿਤਸਰ ਦੱਖਣੀ)
ਸ. ਦਲਬੀਰ ਸਿੰਘ (ਵਿਧਾਇਕ ਬਾਬਾ ਬਕਾਲਾ)
ਸ. ਹਰਮੀਤ ਸਿੰਘ (ਵਿਧਾਇਕ ਤਰਨ ਤਾਰਨ)

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥

ਆਪ ਜੀ ਮਿਤੀ ੧੨-੧੦-੨੦੨੬ ਨੂੰ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਗੁਰਦੁਆਰਾ ਸ੍ਰੀ ਬੰਗਲਾ ਸਾਹਿਬ ਨਾਲ ਸਬੰਧਿਤ ਘਟਨਾਵਾਂ ਨੂੰ ਲੈ ਕੇ ਸ਼ਿਕਾਇਤ ਪੱਤਰ ਦੇਣ ਆਏ ਸੀ। ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਆਪ ਜੀ ਦਾ ਨਿੱਘਾ ਸੁਆਗਤ ਅਤੇ ਤੁਹਾਡੇ ਵੱਲੋਂ ਦਿੱਤਾ ਮੰਗ ਪੱਤਰ ਸਵੀਕਾਰ ਕੀਤਾ ਗਿਆ। ਆਪ ਸਾਰੇ ਸਾਂਝੇ ਵਫਦ ਦੇ ਰੂਪ ਵਿਚ ਆਏ ਸੀ, ਜਿਸ ਵਿਚ ਪਾਇਲ (ਲੁਧਿਆਣਾ) ਤੋਂ ਵਿਧਾਇਕ ਸ. ਮਨਵਿੰਦਰ ਸਿੰਘ ਗਿਆਸਪੁਰਾ ਵੀ ਸਨ, ਜਿਨ੍ਹਾਂ ਨੂੰ ਸਿੰਘ ਸਾਹਿਬ ਜੀ ਦੇ ਆਦੇਸ਼ ਅਨੁਸਾਰ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਅੰਦਰ ਆਉਣ ਤੋਂ ਰੋਕਿਆ ਗਿਆ, ਕਿਉਂਕਿ ਇਹ ਪਿਛਲੇ ਦਿਨਾਂ ਤੋਂ ਸਿੰਘ ਸਾਹਿਬ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਤੇ ਸਿੱਖ ਸੰਸਥਾਵਾਂ ਵਿਰੁੱਧ ਬਹੁਤ ਹੀ ਇਤਰਾਜਯੋਗ ਤੇ ਭੱਦੀ ਬਿਆਨਬਾਜ਼ੀ ਕਰ ਰਹੇ ਹਨ। ਅੱਜ ਵੀ ਵਿਧਾਇਕ ਸ. ਮਨਵਿੰਦਰ ਸਿੰਘ ਗਿਆਸਪੁਰਾ ਵੱਲੋਂ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਤੇ ਸ੍ਰੀ ਦਰਬਾਰ ਸਾਹਿਬ ਪ੍ਰਤੀ ਗਲਤ ਸ਼ਬਦਾਵਲੀ ਮੀਡੀਆ ਵਿਚ ਵਰਤੀ ਗਈ ਅਤੇ ਗੁਰੂ ਘਰ ਦੇ ਸੇਵਾਦਾਰਾਂ 'ਤੇ ਜਾਤੀ ਅਧਾਰਿਤ ਭੇਦ-ਭਾਵ ਕਰਨ ਦੇ ਝੂਠੇ ਤੇ ਨਿਰਾਧਾਰ ਇਲਜ਼ਾਮ ਲਗਾਏ।ਆਪ ਨੂੰ ਵਫਦ ਰੂਪ ਵਿਚ ਬਾਹਰ ਜਾ ਕੇ ਮੀਡੀਆ ਅੰਦਰ ਇਹ ਗੱਲ ਸਪੱਸ਼ਟ ਕਰਨ ਲਈ ਕਿਹਾ ਗਿਆ ਸੀ ਕਿ ਸਕੱਤਰੇਤ ਵਿਖੇ ਕਿਸੇ ਕਿਸਮ ਜਾਤ ਅਧਾਰਿਤ ਵਿਤਕਰਾ ਨਹੀਂ ਕੀਤਾ ਗਿਆ, ਜਿਸ ਨੂੰ ਤੁਸੀਂ ਸਾਰਿਆ ਨੇ ਮੰਨਿਆ ਵੀ।ਪ੍ਰੰਤੂ ਬਾਹਰ ਜਾ ਕੇ ਆਪ ਵੱਲੋਂ ਜਾਣਬੁੱਝ ਕੇ ਮੀਡੀਆ ਵਿੱਚ ਗੱਲ ਸਪੱਸ਼ਟ ਨਹੀਂ ਕੀਤੀ ਗਈ। ਇਸ ਸਬੰਧੀ ਸਤਿਕਾਰਯੋਗ ਸਿੰਘ ਸਾਹਿਬ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਵੱਲੋਂ ਹੋਏ ਆਦੇਸ਼ ਅਨੁਸਾਰ ਲਿਖਿਆ ਜਾਂਦਾ ਹੈ ਕਿ ਆਪ ਨੇ ਮਿਤੀ ੧੫-੧੦-੨੦੨੬ ਨੂੰ ਦੁਪਿਹਰ ੧੨.੦੦ ਵਜੇ ਦਫ਼ਤਰ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਨਿੱਜੀ ਰੂਪ ਵਿਚ ਪਹੁੰਚ ਕੇ ਆਪਣਾ ਸਪੱਸ਼ਟੀਕਰਨ ਦੇਣਾ ਹੈ।

ਧੰਨਵਾਦ ਸਹਿਤ,

(ਬਗੀਚਾ ਸਿੰਘ)
ਇੰਚਾਰਜ,
ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ,
ਸ੍ਰੀ ਅੰਮ੍ਰਿਤਸਰ।

Phone/Fax : 0183-2540820 | E-Mail : info@sriakaltakhatsahibji.net

ਆਵਾਜ਼ਿ ਕੌਮ AWAZE QAUM International Newspaper & WEB TV

